@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Monday, 7 September 2026
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਸੋਮਵਾਰ 7 ਸਤੰਬਰ 2026, 23 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 304, qpatrika@gmail.com ਫੋਨ : 9971359517 www.qaumipatrika.org

# ਦੱਖਣੀ ਦਿੱਲੀ 'ਚ ਇਮਾਰਤ ਡਿੱਗੀ, ਮੁੱਖ ਮੰਤਰੀ ਰੇਖਾ ਨੇ ਪੀੜਤ ਪਰਿਵਾਰਾਂ ਨੂੰ ਹਰਸੰਭਵ ਮਦਦ ਦਾ ਦਿੱਤਾ ਭਰੋਸਾ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 6 ਸਤੰਬਰ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਐਤਵਾਰ ਨੂੰ ਰਾਸ਼ਟਰੀ ਰਾਜਧਾਨੀ ਦੀ ਸਤਿਆ ਨਿਕੇਤਨ ਇਲਾਕੇ 'ਚ ਇਮਾਰਤ ਢਹਿਣ ਨਾਲ ਪ੍ਰਭਾਵਿਤ ਪੀੜਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਵੱਖ-ਵੱਖ ਏਜੰਸੀਆਂ ਬਚਾਅ ਕੰਮ ਕਰ ਰਹੀਆਂ ਹਨ। ਦਿੱਲੀ ਫਾਇਰ ਸਰਵਿਸ ਦੇ ਇਕ ਅਧਿਕਾਰੀ ਅਨੁਸਾਰ, ਹਾਦਸੇ ਵਾਲੀ ਜਗ?ਹਾ 'ਤੇ 8 ਗੱਡੀਆਂ ਅਤੇ ਪੁਲਸ ਟੀਮਾਂ ਭੇਜੀਆਂ ਗਈਆਂ ਹਨ ਅਤੇ ਬਚਾਅ ਕੰਮ ਜਾਰੀ ਹੈ। ਰੇਖਾ ਗੁਪਤਾ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ 'ਚ ਕਿਹਾ,"ਆਰਕੇ ਪੁਰਮ ਦੇ ਸਤਿਆ ਨਿਕੇਤਨ 'ਚ ਇਮਾਰਤ ਡਿੱਗਣ ਦੀ ਘਟਨਾ ਤੋਂ ਬਹੁਤ ਚਿੰਤਤ ਹਾਂ।" ਉਨ੍ਹਾਂ ਦੱਸਿਆ ਕਿ ਦਿੱਲੀ ਆਫ਼ਤ ਪ੍ਰਬੰਧਨ ਅਥਾਰਟੀ (ਡੀਡੀਐੱਮਏ), ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਫੋਰਸ (ਐੱਨਡੀਆਰਐੱਫ), ਦਿੱਲੀ ਫਾਇਰ ਸਰਵਿਸ, ਦਿੱਲੀ ਨਗਰ ਨਿਗਮ (ਐੱਮਸੀਡੀ), ਕੇਂਦਰੀਕ੍ਰਿਤ ਦੁਰਘਟਨਾ ਅਤੇ ਟਰਾਮਾ ਸੇਵਾ (ਕੈਟਸ) ਅਤੇ ਨਾਗਰਿਕ ਸੁਰੱਖਿਆ ਟੀਮ ਬਚਾਅ ਕੰਮ 'ਚ ਲੱਗੀਆਂ ਹਨ। ਰੇਖਾ ਗੁਪਤਾ ਨੇ ਕਿਹਾ ਕਿ ਸਾਵਧਾਨੀ ਵਜੋਂ, ਨੇੜਲੀ ਇਮਾਰਤ ਨੂੰ ਖਾਲੀ ਕਰਵਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਫਸੇ ਲੋਕਾਂ ਨੂੰ ਸੁਰੱਖਿਅਤ ਕੱਢਣ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਥਿਤੀ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਸਾਰੀਆਂ ਸਬੰਧਤ ਏਜੰਸੀਆਂ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ। ਦਿੱਲੀ ਦੇ ਗ੍ਰਹਿ ਮੰਤਰੀ ਆਸ਼ੀਸ਼ ਸੂਦ ਨੇ ਕਿਹਾ ਕਿ ਬਚਾਅ ਅਤੇ ਰਾਹਤ ਕਾਰਜ ਚੱਲ ਰਹੇ ਹਨ, ਅਤੇ ਟੀਮਾਂ ਘਟਨਾ ਸਥਾਨ 'ਤੇ ਲੋੜੀਂਦੀ ਸਹਾਇਤਾ ਪ੍ਰਦਾਨ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਅਸੀਂ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਾਂ ਅਤੇ ਸਬੰਧਤ ਟੀਮਾਂ ਨੂੰ ਘਟਨਾ ਸਥਾਨ 'ਤੇ ਮੌਜੂਦ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਐਤਵਾਰ ਨੂੰ ਦਿੱਲੀ ਦੇ ਸੱਤਿਆ ਨਿਕੇਤਨ ਖੇਤਰ ਵਿੱਚ ਇੱਕ ਪੰਜ ਮੰਜ਼ਿਲਾ ਇਮਾਰਤ ਅਚਾਨਕ ਢਹਿ ਗਈ,






ਜਿਸ ਕਾਰਨ ਘਟਨਾ ਸਥਾਨ 'ਤੇ ਵਿਆਪਕ ਦਹਿਸ਼ਤ ਫੈਲ ਗਈ। ਦੱਸਿਆ ਜਾ ਰਿਹਾ ਹੈ ਕਿ ਕਾਲਜ ਦੇ ਵਿਦਿਆਰਥੀ ਇਮਾਰਤ ਵਿੱਚ ਪੀਜੀ ਵਜੋਂ ਰਹਿ ਰਹੇ ਸਨ। ਦੱਖਣ-ਪੱਛਮੀ ਦਿੱਲੀ ਤੋਂ ਭਾਜਪਾ ਵਿਧਾਇਕ ਅਨਿਲ ਸ਼ਰਮਾ ਨੇ ਦਾਅਵਾ ਕੀਤਾ ਕਿ ਮਲਬੇ ਵਿੱਚ ਫਸੇ ਕੁਝ ਵਿਦਿਆਰਥੀਆਂ ਨੇ ਮਦਦ ਲਈ ਪੁਕਾਰ ਕੀਤੀ ਸੀ। ਹਾਲਾਂਕਿ, ਉਨ੍ਹਾਂ ਨੇ ਮਲਬੇ ਵਿੱਚ ਫਸੇ ਲੋਕਾਂ ਦੀ ਸਹੀ ਗਿਣਤੀ ਦੀ ਪੁਸ਼ਟੀ ਨਹੀਂ ਕੀਤੀ। ਹਾਦਸੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੇ ਭਾਜਪਾ ਵਿਧਾਇਕ ਅਨਿਲ ਸ਼ਰਮਾ ਨੇ ਕਿਹਾ, ਇਹ ਬਹੁਤ ਹੀ ਦੁਖਦਾਈ ਘਟਨਾ ਹੈ। ਉਨ੍ਹਾਂ ਦੱਸਿਆ ਕਿ ਪੀਜੀ ਇਮਾਰਤ ਵਿੱਚ ਵੱਖ-ਵੱਖ ਥਾਵਾਂ ਤੋਂ ਵਿਦਿਆਰਥੀ ਰਹਿ ਰਹੇ ਸਨ। ਇਮਾਰਤ ਢਹਿਣ ਤੋਂ ਬਾਅਦ ਬਹੁਤ ਸਾਰੇ ਵਿਦਿਆਰਥੀ ਮਲਬੇ ਵਿੱਚ ਫਸ ਗਏ। ਵਿਧਾਇਕ ਨੇ ਕਿਹਾ, ਇਹ ਕਹਿਣਾ ਮੁਸ਼ਕਲ ਹੈ ਕਿ ਪੰਜ, 10 ਜਾਂ 20 ਵਿਦਿਆਰਥੀ ਮਲਬੇ ਵਿੱਚ ਫਸੇ ਹੋਏ ਹਨ। ਪਰ ਇਹ ਪੱਕਾ ਹੈ ਕਿ ਵਿਦਿਆਰਥੀ ਅੰਦਰ ਫਸੇ ਹੋਏ ਹਨ। ਕੁਝ ਵਿਦਿਆਰਥੀਆਂ ਨੇ ਮਲਬੇ ਦੇ ਅੰਦਰੋਂ ਫ਼ੋਨ ਕਾਲ ਵੀ ਕੀਤੇ ਹਨ। ਉਨ੍ਹਾਂ ਕਿਹਾ ਕਿ ਕੁਝ ਵਿਦਿਆਰਥੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ, ਜਦੋਂ ਕਿ ਕਈ ਹੋਰਾਂ ਦੇ ਮਲਬੇ ਵਿੱਚ ਫਸੇ ਹੋਣ ਦਾ ਖਦਸ਼ਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਜਲਦੀ ਤੋਂ ਜਲਦੀ ਕੱਢਣਾ ਪ੍ਰਸ਼ਾਸਨ ਦੀ ਤਰਜੀਹ ਹੈ, ਅਤੇ ਮੁੱਖ ਮੰਤਰੀ ਨੇ ਇੱਕ ਪੂਰੀ ਟੀਮ ਵੀ ਘਟਨਾ ਸਥਾਨ 'ਤੇ ਭੇਜੀ ਹੈ। ਹਾਦਸੇ ਤੋਂ ਬਾਅਦ, ਅੱਗ ਬੁਝਾਊ ਵਿਭਾਗ, ਦਿੱਲੀ ਪੁਲਿਸ, ਮੈਡੀਕਲ ਟੀਮਾਂ ਅਤੇ ਐਮਰਜੈਂਸੀ ਸੇਵਾਵਾਂ ਨੂੰ ਘਟਨਾ ਸਥਾਨ 'ਤੇ ਭੇਜਿਆ ਗਿਆ। ਆਫ਼ਤ ਪ੍ਰਤੀਕਿਰਿਆ ਟੀਮਾਂ ਵੀ ਬਚਾਅ ਕਾਰਜ ਵਿੱਚ ਸ਼ਾਮਲ ਹਨ। ਅਧਿਕਾਰੀਆਂ ਨੇ ਮਲਬਾ ਹਟਾਉਣ ਲਈ ਲਗਭਗ 12 ਫਾਇਰ ਇੰਜਣ ਘਟਨਾ ਸਥਾਨ 'ਤੇ ਭੇਜੇ ਹਨ। ਖੁਦਾਈ ਕਰਨ ਵਾਲੇ ਦੀ ਮਦਦ ਨਾਲ ਮਲਬਾ ਹਟਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਸਲੈਬਾਂ ਅਤੇ ਲੋਹੇ ਦੇ ਗਰਡਰ ਹਟਾਉਣ ਲਈ ਵਾਧੂ ਮਸ਼ੀਨਰੀ ਵੀ ਸਾਈਟ 'ਤੇ ਲਿਆਂਦੀ ਜਾ ਰਹੀ ਹੈ। ਪੁਲਿਸ ਅਨੁਸਾਰ, ਢਹਿ ਗਈ ਇਮਾਰਤ ਦਾ ਨਾਮ 'ਹੋਸਟਲ ਡੇਜ਼' ਸੀ। ਦੱਸਿਆ ਜਾ ਰਿਹਾ ਹੈ ਕਿ ਬੇਸਮੈਂਟ ਵਿੱਚ ਉਸਾਰੀ ਦਾ ਕੰਮ ਚੱਲ ਰਿਹਾ ਸੀ। ਹਾਦਸੇ ਤੋਂ ਬਾਅਦ ਮੌਕੇ 'ਤੇ ਸਥਾਨਕ ਲੋਕਾਂ ਦੀ ਭੀੜ ਇਕੱਠੀ ਹੋ ਗਈ। ਚਸ਼ਮਦੀਦਾਂ ਦੇ ਅਨੁਸਾਰ, ਮਲਬੇ ਹੇਠ ਲਗਭਗ 15 ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਹੈ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੀ ਇਸ ਘਟਨਾ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਇੰਸਟਾਗ੍ਰਾਮ 'ਤੇ ਪੋਸਟ ਕੀਤਾ ਕਿ ਉਹ ਆਰਕੇ ਪੁਰਮ ਦੇ ਸੱਤਿਆ ਨਿਕੇਤਨ ਵਿੱਚ ਇਮਾਰਤ ਢਹਿ ਜਾਣ 'ਤੇ ਬਹੁਤ ਚਿੰਤਤ ਹਨ। ਇਸ ਦੌਰਾਨ, ਦਿੱਲੀ ਦੇ ਗ੍ਰਹਿ ਮੰਤਰੀ ਆਸ਼ੀਸ਼ ਸੂਦ ਨੇ ਕਿਹਾ ਕਿ ਸਰਕਾਰ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਹੀ ਹੈ। ਉਨ੍ਹਾਂ ਨੇ ਸਬੰਧਤ ਟੀਮਾਂ ਨੂੰ ਘਟਨਾ ਸਥਾਨ 'ਤੇ ਮੌਜੂਦ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਅੱਗੇ ਕਿਹਾ ਕਿ ਨਾਗਰਿਕਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਬਚਾਅ ਟੀਮਾਂ ਇਸ ਵੇਲੇ ਮਲਬੇ ਵਿੱਚ ਫਸੇ ਲੋਕਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਫੋਨ ਕਾਲਾਂ ਰਾਹੀਂ ਅੰਦਰ ਫਸੇ ਵਿਦਿਆਰਥੀਆਂ ਨੂੰ ਲੱਭਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਭਾਰੀ ਮਲਬਾ ਅਤੇ ਲੋਹੇ ਦੇ ਗਰਡਰ ਬਚਾਅ ਕਾਰਜ ਨੂੰ ਚੁਣੌਤੀਪੂਰਨ ਬਣਾ ਰਹੇ ਹਨ। ਪ੍ਰਸ਼ਾਸਨ ਦੀਆਂ ਟੀਮਾਂ ਲਗਾਤਾਰ ਵਾਧੂ ਮਸ਼ੀਨਰੀ ਅਤੇ ਸਰੋਤ ਤਾਇਨਾਤ ਕਰ ਰਹੀਆਂ ਹਨ।

## 'ਕੇਸ ਨਹੀਂ ਲੜਾਂਗਾ, ਚਾਹੇ ਫਾਂਸੀ ਦੇ ਦਿਓ..!', ਸਰਲਾ ਭੱਟ ਕਤਲਕਾਂਡ 'ਚ ਯਾਸੀਨ ਮਲਿਕ ਦਾ ਵੱਡਾ ਬਿਆਨ

ਨੈਸ਼ਨਲ ਡੈਸਕ 6 ਸਤੰਬਰ। ਕਸ਼ਮੀਰੀ ਪੰਡਿਤ ਨਰਸ ਸਰਲਾ ਭੱਟ ਦੇ ਕਤਲ ਦੇ 36 ਸਾਲ ਪੁਰਾਣੇ ਮਾਮਲੇ 'ਚ ਜੇ.ਕੇ.ਐੱਲ.ਐੱਫ. ਦੇ ਚੇਅਰਮੈਨ ਯਾਸੀਨ ਮਲਿਕ ਨੇ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਖਾਰਿਜ ਕੀਤਾ ਹੈ। ਉਸ ਨੇ ਕਿਹਾ ਕਿ ਮੈਂ ਉਕਤ ਮਾਮਲੇ 'ਚ ਕੇਸ ਨਹੀਂ ਲੜਾਂਗਾ, ਭਾਵੇਂ ਮੈਨੂੰ ਫਾਂਸੀ ਦੇ ਦਿਓ। ਸ਼੍ਰੀਨਗਰ ਦੀ ਅਦਾਲਤ 'ਚ ਦਾਖਲ ਹਲਫ਼ਨਾਮੇ 'ਚ ਮਲਿਕ ਨੇ ਕਿਹਾ ਕਿ 19 ਅਪ੍ਰੈਲ 1990 ਨੂੰ ਜਦੋਂ ਸਰਲਾ ਭੱਟ ਦਾ ਕਤਲ



ਹੋਇਆ, ਉਸ ਸਮੇਂ ਉਹ ਖੁਦ ਗੰਭੀਰ ਤੌਰ 'ਤੇ ਜ਼ਖਮੀ ਸੀ ਅਤੇ ਜ਼ਿੰਦਗੀ-ਮੌਤ ਨਾਲ ਜੂਝ ਰਿਹਾ ਸੀ। ਉਸ ਦਾ ਦਾਅਵਾ ਹੈ ਕਿ ਉਹ ਸਰਲਾ ਭੱਟ ਨੂੰ ਜਾਣਦਾ ਤੱਕ ਨਹੀਂ ਸੀ ਅਤੇ ਪਹਿਲੀ ਵਾਰ ਉਸ ਦੇ ਬਾਰੇ 'ਚ ਫਰਵਰੀ 1991 'ਚ ਸੁਣਿਆ। ਮਲਿਕ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ, ਜਦੋਂ ਜੰਮੂ-ਕਸ਼ਮੀਰ ਪ੍ਰਦੇਸ਼ ਜਾਂਚ ਏਜੰਸੀ (ਐੱਸ. ਆਈ. ਏ.) ਨੇ 29 ਜੂਨ 2026 ਨੂੰ ਸ਼੍ਰੀਨਗਰ ਦੀ ਵਿਸ਼ੇਸ਼ ਟਾਡਾ ਅਦਾਲਤ 'ਚ ਸਰਲਾ ਭੱਟ ਕਤਲਕਾਂਡ 'ਚ ਚਾਰਜਸ਼ੀਟ ਦਾਖਲ ਕੀਤੀ ਹੈ। ਚਾਰਜਸ਼ੀਟ 'ਚ ਤਤਕਾਲੀ ਜੇ. ਕੇ. ਐੱਲ. ਐੱਫ. ਚੀਫ ਕਮਾਂਡਰ ਯਾਸੀਨ ਮਲਿਕ ਅਤੇ ਖੁਰਸ਼ੀਦ ਚਾਲਕੂ ਨੂੰ ਕਥਿਤ ਮੁੱਖ ਸਾਜ਼ਿਸ਼ਕਰਤਾ ਦੱਸਿਆ ਗਿਆ ਹੈ। ਮਲਿਕ ਨੇ ਹਲਫ਼ਨਾਮੇ 'ਚ ਦਾਅਵਾ ਕੀਤਾ ਕਿ ਫਰਵਰੀ 1991 'ਚ ਹਿਰਾਸਤ ਦੌਰਾਨ ਉਸ ਨੂੰ ਪਹਿਲੀ ਵਾਰ ਸਰਲਾ ਭੱਟ ਬਾਰੇ ਜਾਣਕਾਰੀ ਮਿਲੀ। ਉਸ ਸਮੇਂ ਉਸ ਨੂੰ ਤਿਹਾੜ ਜੇਲ ਤੋਂ ਦਿੱਲੀ ਦੇ ਮਹਿਰੌਲੀ ਸਥਿਤ ਇਕ ਫਾਰਮਹਾਊਸ 'ਚ ਰੱਖਿਆ ਗਿਆ ਸੀ। ਮਲਿਕ ਦੇ ਮੁਤਾਬਕ, ਉੱਥੇ ਇਕ ਇੰਟੈਲੀਜੈਂਸ ਬਿਊਰੋ ਅਧਿਕਾਰੀ ਨੇ ਉਸ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਸੁਰੱਖਿਆ ਏਜੰਸੀਆਂ ਨੂੰ ਖੁਰਸ਼ੀਦ ਚਾਲਕੂ ਉੱਤੇ ਸਰਲਾ ਭੱਟ ਦੇ ਕਤਲ 'ਚ ਸ਼ਾਮਲ ਹੋਣ ਦਾ ਖਦਸ਼ਾ ਹੈ।

## ਯੂਪੀ 'ਚ ਓਵੈਸੀ ਦੀ ਪਾਰਟੀ ਨੂੰ ਵੱਡਾ ਝਟਕਾ, ਕਾਂਗਰਸ 'ਚ ਸ਼ਾਮਲ ਹੋਏ ਏਆਈਐੱਮਆਈਐੱਮ ਦੇ ਸੀਨੀਅਰ ਨੇਤਾ ਆਸਿਮ ਵੱਕਾਰ

ਲਖਨਊ 6 ਸਤੰਬਰ। ਅਸਦੁਦੀਨ ਓਵੈਸੀ ਦੀ ਪਾਰਟੀ ਏਆਈਐੱਮਆਈਐੱਮ ਦੇ ਸੀਨੀਅਰ ਨੇਤਾ ਸਈਦ ਆਸਿਮ ਵੱਕਾਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਉਹ ਯੂਪੀ ਲਈ ਕਾਂਗਰਸ ਪਾਰਟੀ ਦੇ ਇੰਚਾਰਜ ਰਾਜੇਂਦਰ ਪਾਲ ਗੌਤਮ ਅਤੇ ਪਾਰਟੀ ਦੇ ਘੱਟ ਗਿਣਤੀ ਵਿਭਾਗ ਦੇ ਮੁਖੀ ਇਮਰਾਨ ਪ੍ਰਤਾਪਗੜ੍ਹੀ ਦੀ ਮੌਜੂਦਗੀ ਵਿੱਚ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਹੋਏ। ਦੱਸਣਯੋਗ ਹੈ ਕਿ ਆਸਿਮ ਵੱਕਾਰ ਲੰਬੇ ਸਮੇਂ ਤੋਂ



ਅਸਦੁਦੀਨ ਓਵੈਸੀ ਦੀ ਪਾਰਟੀ ਏਆਈਐੱਮਆਈਐੱਮ ਵਿੱਚ ਸਰਗਰਮ ਸਨ ਅਤੇ ਯੂਪੀ ਵਿੱਚ ਪਾਰਟੀ ਦੇ ਇੱਕ ਵੋਕਲ ਪ੍ਰਤੀਨਿਧੀ ਵਜੋਂ ਸੇਵਾ ਨਿਭਾਉਂਦੇ ਸਨ। ਉਹ ਕਾਫ਼ੀ ਸਮੇਂ ਤੋਂ ਏਆਈਐੱਮਆਈਐੱਮ ਦੇ ਰਾਸ਼ਟਰੀ ਬੁਲਾਰੇ ਦੀ ਭੂਮਿਕਾ ਨਿਭਾ ਰਹੇ ਸਨ। ਏਆਈਐੱਮਆਈਐੱਮ ਤੋਂ ਪਹਿਲਾਂ, ਵੱਕਾਰ ਸਮਾਜਵਾਦੀ ਪਾਰਟੀ ਨਾਲ ਜੁੜੇ ਹੋਏ ਸਨ। ਹਾਲਾਂਕਿ, ਕਾਂਗਰਸ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੇ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਉੱਤਰ ਪ੍ਰਦੇਸ਼ ਵਿੱਚ ਅਸਦੁਦੀਨ ਓਵੈਸੀ ਨੂੰ ਝਟਕਾ ਦਿੱਤਾ ਹੈ। ਕਾਂਗਰਸ ਵਿੱਚ ਸ਼ਾਮਲ ਹੋਣ ਤੋਂ ਬਾਅਦ ਆਸਿਮ ਵੱਕਾਰ ਨੇ ਕਿਹਾ, ਭਾਰਤ ਵਿੱਚ ਰਹਿਣ ਵਾਲੇ ਹਰ ਉਸ ਵਿਅਕਤੀ ਦਾ ਟੀਚਾ ਜੋ ਦੇਸ਼ ਨੂੰ ਪਿਆਰ ਕਰਦਾ ਹੈ, ਭਾਜਪਾ ਨੂੰ ਬਾਹਰ ਕੱਢਣਾ ਅਤੇ ਇੱਕ ਧਰਮ ਨਿਰਪੱਖ ਪਾਰਟੀ ਦੀ ਅਗਵਾਈ ਵਿੱਚ ਸਰਕਾਰ ਬਣਾਉਣਾ ਹੈ। ਹਾਲਾਂਕਿ, ਜਦੋਂ ਮੈਂ ਏਆਈਐੱਮਆਈਐੱਮ ਦੇ ਨਾਲ ਸੀ ਤਾਂ ਸਿਖਰਲੀ ਲੀਡਰਸ਼ਿਪ ਨੇ ਇਹ ਪ੍ਰਭਾਵ ਦਿੱਤਾ ਕਿ ਅਸੀਂ ਭਾਜਪਾ ਨਾਲ ਲੜ ਰਹੇ ਹਾਂ, ਪਰ ਜ਼ਮੀਨੀ ਹਕੀਕਤ ਕਾਫ਼ੀ ਵੱਖਰੀ ਸੀ। ਅਸਲ ਵਿੱਚ ਲੜਾਈ ਹਮੇਸ਼ਾ ਕਾਂਗਰਸ ਅਤੇ ਵਿਰੋਧੀ ਧਿਰ ਵਿਰੁੱਧ ਲੜੀ ਜਾ ਰਹੀ ਸੀ।

## ਦਿੱਲੀ ਜਿਮਖਾਨਾ ਕਲੱਬ 'ਚ ਫਿਲਹਾਲ ਨਹੀਂ ਹੋਵੇਗੀ ਸਖ਼ਤ ਕਾਰਵਾਈ

ਨਵੀਂ ਦਿੱਲੀ 6 ਸਤੰਬਰ। ਕੇਂਦਰ ਸਰਕਾਰ ਨੇ ਦਿੱਲੀ ਹਾਈ ਕੋਰਟ ਨੂੰ ਭਰੋਸਾ ਦਿੱਤਾ ਕਿ ਸਫਦਰਜੰਗ ਰੋਡ ਸਥਿਤ ਦਿੱਲੀ ਜਿਮਖਾਨਾ ਕਲੱਬ ਦੇ ਖਿਲਾਫ 16 ਸਤੰਬਰ ਤੱਕ ਕੋਈ ਸਖਤ ਕਾਰਵਾਈ ਨਹੀਂ ਕੀਤੀ ਜਾਵੇਗੀ। ਜਸਟਿਸ ਅਵਨੀਸ਼ ਝਿੰਗਨ ਦੇ ਸਾਹਮਣੇ ਸੁਣਵਾਈ ਦੌਰਾਨ ਵਧੀਕ ਸਾਲਿਸਟਰ ਜਨਰਲ ਚੇਤਨ ਸ਼ਰਮਾ ਨੇ ਕਿਹਾ ਕਿ ਸਰਕਾਰ ਆਪਣੇ ਪਹਿਲਾਂ ਦਿੱਤੇ ਭਰੋਸੇ 'ਤੇ ਕਾਇਮ ਹੈ। ਅਦਾਲਤ ਕਲੱਬ ਦੇ ਮੈਂਬਰ ਵਿਜੇ ਖੁਰਾਣਾ ਅਤੇ ਦਿੱਲੀ ਜਿਮਖਾਨਾ ਕਲੱਬ ਲਿਮਟਿਡ ਸਟਾਫ ਵੈੱਲਫੇਅਰ ਐਸੋਸੀਏਸ਼ਨ ਦੀਆਂ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਸੀ। ਪਟੀਸ਼ਨਾਂ 'ਚ ਲੈਂਡ ਐਂਡ ਡਿਵੈੱਲਪਮੈਂਟ ਆਫਿਸ (ਐੱਲ. ਐਂਡ ਡੀ. ਓ.) ਦੇ ਅਸਟੇਟ ਅਧਿਕਾਰੀ ਵਲੋਂ 29 ਜੂਨ ਨੂੰ ਜਾਰੀ ਕਾਰਨ ਦੱਸੋ ਨੋਟਿਸ 'ਤੇ ਰੋਕ ਲਾਉਣ ਦੀ ਮੰਗ ਕੀਤੀ ਗਈ ਹੈ। ਕਲੱਬ ਨੂੰ 27.3 ਏਕੜ ਕੰਪਲੈਕਸ ਤੋਂ ਹਟਾਉਣ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਇਹ ਵਿਵਾਦ ਐੱਲ. ਐਂਡ ਡੀ. ਓ. ਦੇ 22 ਮਈ ਦੇ ਉਸ ਹੁਕਮ ਨਾਲ ਜੁੜਿਆ ਹੈ, ਜਿਸ 'ਚ ਕਲੱਬ ਦੀ ਪੱਕੀ ਲੀਜ਼ ਖਤਮ ਕਰ ਕੇ ਜ਼ਮੀਨ ਖਾਲੀ ਕਰਨ ਲਈ ਕਿਹਾ ਗਿਆ ਸੀ। ਸਰਕਾਰ ਨੇ ਇਹ ਕਦਮ 'ਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਅਤੇ ਸੁਰੱਖਿਅਤ ਕਰਨ' ਦੇ ਆਧਾਰ 'ਤੇ ਚੁੱਕਿਆ ਸੀ।

## ਮਾਇਆਵਤੀ ਨੇ ਮੁੜ ਖੋਹਿਆ ਆਕਾਸ਼ ਆਨੰਦ ਤੋਂ ਰਾਸ਼ਟਰੀ ਕਨਵੀਨਰ ਦਾ ਅਹੁਦਾ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਲਖਨਊ 6 ਸਤੰਬਰ। 2027 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਿਚਾਲੇ ਬਸਪਾ ਮੁਖੀ ਮਾਇਆਵਤੀ ਨੇ ਆਪਣੇ ਭਤੀਜੇ ਅਤੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਆਕਾਸ਼ ਆਨੰਦ ਨੂੰ ਇਕ ਵਾਰ ਫਿਰ ਵੱਡੀ ਜ਼ਿੰਮੇਵਾਰੀ ਤੋਂ ਹਟਾ ਦਿੱਤਾ ਹੈ। ਬਸਪਾ ਦੀ ਕੌਮੀ ਬੈਠਕ 'ਚ ਮਾਇਆਵਤੀ ਨੇ ਕਿਹਾ ਕਿ ਆਕਾਸ਼ ਆਨੰਦ ਅਜੇ ਸਿਆਸੀ ਤੌਰ 'ਤੇ 'ਸਿਆਣੇ' ਨਹੀਂ ਹੋਏ ਹਨ। ਉਹ ਪਾਰਟੀ 'ਚ ਕੰਮ ਕਰਦੇ ਰਹਿਣਗੇ, ਪਰ ਫਿਲਹਾਲ ਉਨ੍ਹਾਂ ਨੂੰ ਕੋਈ ਵੱਡੀ ਜ਼ਿੰਮੇਵਾਰੀ ਨਹੀਂ ਦਿੱਤੀ ਜਾਵੇਗੀ। ਆਕਾਸ਼ ਆਨੰਦ ਨੂੰ ਪਿਛਲੇ ਸਾਲ ਮਈ 'ਚ ਚੀਫ ਨੈਸ਼ਨਲ ਕੋ-ਆਰਡੀਨੇਟਰ ਦੀ ਜ਼ਿੰਮੇਵਾਰੀ ਦਿੱਤੀ ਗਈ ਸੀ। ਮਾਇਆਵਤੀ ਦੇ ਤਾਜ਼ਾ ਫੈਸਲੇ ਤੋਂ ਬਾਅਦ ਉਨ੍ਹਾਂ ਆਪਣੀ




ਐਕਸ ਪ੍ਰੋਫਾਈਲ 'ਚ ਵੀ ਬਦਲਾਅ ਕੀਤਾ ਅਤੇ ਰਾਸ਼ਟਰੀ ਕਨਵੀਨਰ ਦੀ ਬਜਾਏ ਖੁਦ ਨੂੰ ਬਸਪਾ ਵਰਕਰ ਦੱਸਿਆ। ਆਕਾਸ਼ ਆਨੰਦ ਨੂੰ ਇਸ ਤੋਂ ਪਹਿਲਾਂ 2024 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਨੈਸ਼ਨਲ ਕੋ-ਆਰਡੀਨੇਟਰ ਅਹੁਦੇ ਤੋਂ ਹਟਾਇਆ ਗਿਆ ਸੀ। ਹਾਲਾਂਕਿ, ਲੱਗਭਗ ਇਕ ਮਹੀਨੇ ਬਾਅਦ ਜੂਨ 'ਚ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਹਾਲ ਕਰ ਦਿੱਤੀਆਂ ਗਈਆਂ ਸਨ। ਮਾਰਚ 2025 'ਚ ਇਕ ਵਿਵਾਦ ਤੋਂ ਬਾਅਦ ਉਨ੍ਹਾਂ ਨੂੰ ਪਾਰਟੀ ਤੋਂ ਬਾਹਰ ਕਰ ਦਿੱਤਾ ਗਿਆ ਸੀ। ਬਾਅਦ 'ਚ ਮੁਆਫੀ ਮੰਗਣ ਤੋਂ ਬਾਅਦ ਉਨ੍ਹਾਂ ਨੂੰ ਲੱਗਭਗ ਇਕ ਮਹੀਨੇ 'ਚ ਫਿਰ ਪਾਰਟੀ 'ਚ ਸ਼ਾਮਲ ਕਰ ਲਿਆ ਗਿਆ। ਬੈਠਕ 'ਚ ਮਾਇਆਵਤੀ ਨੇ ਐਲਾਨ ਕੀਤਾ ਕਿ ਬਸਪਾ ਪੂਰੇ ਦੇਸ਼ 'ਚ ਸਾਰੀਆਂ ਛੋਟੀਆਂ-ਵੱਡੀਆਂ ਚੋਣਾਂ ਇਕੱਲਿਆਂ ਲੜੇਗੀ। ਉਨ੍ਹਾਂ ਕਾਂਗਰਸ ਨੂੰ ਦਲਿਤ ਅਤੇ ਅੰਬੇਡਕਰ ਵਿਰੋਧੀ ਪਾਰਟੀ ਦੱਸਦੇ ਹੋਏ ਕਿਹਾ ਕਿ ਬਸਪਾ ਕਿਸੇ ਹੋਰ ਪਾਰਟੀ ਨਾਲ ਗੱਠਜੋੜ ਨਹੀਂ ਕਰੇਗੀ। ਮਾਇਆਵਤੀ ਨੇ ਬਸਪਾ ਸੰਸਥਾਪਕ ਕਾਂਸ਼ੀ ਰਾਮ ਦੇ ਸਿਧਾਂਤਾਂ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਪਰਿਵਾਰ ਅਤੇ ਰਿਸ਼ਤੇਦਾਰਾਂ ਨੂੰ ਪਾਰਟੀ ਦੇ ਕੰਮ 'ਚ ਸਹਿਯੋਗ ਦੀ ਇਜਾਜ਼ਤ ਦਿੱਤੀ ਸੀ, ਪਰ ਸੱਤਾ 'ਚ ਆਉਣ ਤੋਂ ਬਾਅਦ ਉਨ੍ਹਾਂ ਨੂੰ ਚੋਣ ਟਿਕਟ ਜਾਂ ਸਰਕਾਰੀ ਪੋਸਟ ਦੇਣ ਦੇ ਪੱਖ 'ਚ ਨਹੀਂ ਸਨ। ਉਨ੍ਹਾਂ ਕਿਹਾ ਕਿ ਉਹ ਵੀ ਇਸ ਸਿਧਾਂਤ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਬੈਠਕ 'ਚ ਮਾਇਆਵਤੀ ਨੇ ਪਾਰਟੀ ਦੇ ਕੰਮਕਾਜ ਦੀ ਸਮੀਖਿਆ ਕੀਤੀ ਅਤੇ ਸੰਗਠਨ ਦੀਆਂ ਕਮੀਆਂ ਨੂੰ ਦੂਰ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਅਹੁਦੇਦਾਰਾਂ ਅਤੇ ਵਰਕਰਾਂ ਤੋਂ ਪਾਰਟੀ ਲਈ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਕੰਮ ਕਰਨ ਨੂੰ ਕਿਹਾ।

## ਡਾ. ਗੁਰਪ੍ਰੀਤ ਕੌਰ ਮਾਨ ਨੇ ਬਿਕਰਮ ਮਜੀਠੀਆ ਤੇ ਸੁਖਪਾਲ ਖਹਿਰਾ ਨੂੰ ਭੇਜਿਆ ਨੋਟਿਸ

ਚੰਡੀਗੜ੍ਹ 6 ਸਤੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ। ਨੋਟਿਸ ਵਿਚ ਦੋਵਾਂ ਆਗੂਆਂ ਨੂੰ 24 ਘੰਟੇ ਦੇ ਅੰਦਰ-ਅੰਦਰ ਮੁਆਫੀ ਮੰਗਣ ਲਈ ਕਿਹਾ ਗਿਆ ਹੈ। ਨੋਟਿਸ ਵਿਚ ਬਕਾਇਦਾ ਆਖਿਆ ਗਿਆ ਹੈ ਕਿ ਜੇਕਰ ਦੋਵੇਂ ਆਗੂ



ਮੁਆਫੀ ਨਹੀਂ ਮੰਗਦੇ ਤਾਂ ਉਨ੍ਹਾਂ ਖ਼?ਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਥੇ ਇਹ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਡਾ. ਗੁਰਪ੍ਰੀਤ ਕੌਰ ਇਸ ਤੋਂ ਪਹਿਲਾਂ ਸਾਬਕਾ ਜਸਟਿਸ ਰਣਜੀਤ ਸਿੰਘ ਨੂੰ ਵੀ ਨੋਟਿਸ ਭੇਜ ਕੇ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦੇ ਚੁੱਕੇ ਹਨ ਅਤੇ ਇਹ ਮਾਮਲਾ ਵੀ ਜਸਟਿਸ ਰਣਜੀਤ ਸਿੰਘ ਵੱਲੋਂ ਲਗਾਏ ਦੋਸ਼ਾਂ ਨਾਲ ਜੁੜਿਆ ਹੋਇਆ ਹੈ। ਜਿਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਡਾ. ਗੁਰਪ੍ਰੀਤ ਕੌਰ ਨੇ ਕਥਿਤ ਤੌਰ 'ਤੇ ਬਲਾਤਕਾਰ ਦੇ ਇਕ ਮਾਮਲੇ ਨੂੰ ਦਬਾਉਣ ਲਈ 5 ਕਰੋੜ ਰੁਪਏ ਦੀ ਮੰਗ ਕੀਤੀ ਸੀ, ਜਿਸ ਵਿਚ ਗੁਰੀ ਚਾਹਲ ਨੂੰ ਮੁੱਖ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਸੀ ਅਤੇ ਇਕ ਵਪਾਰੀ ਵਿਰੁੱਧ ਕੇਸ ਖਾਰਜ ਕਰਨ ਬਦਲੇ ਪੈਸੇ ਮੰਗੇ ਗਏ ਸਨ। ਇਸ ਮਗਰੋਂ ਬਿਕਰਮ ਸਿੰਘ ਮਜੀਠੀਆ ਨੇ ਇਸ ਮਾਮਲੇ ਸੰਬੰਧੀ ਸੋਸ਼ਲ ਮੀਡੀਆ 'ਤੇ ਇਕ ਕਥਿਤ ਆਡੀਓ-ਵੀਡੀਓ ਕਲਿੱਪ ਪੋਸਟ ਕੀਤਾ ਸੀ। ਮਜੀਠੀਆ ਨੇ ਦਾਅਵਾ ਕੀਤਾ ਕਿ ਵੀਡੀਓ ਵਿਚ ਦੋਸ਼ੀ ਨਾਲ ਜੁੜੇ ਕਥਿਤ ਵਿਚੋਲਿਆਂ ਅਤੇ ਡਾ. ਗੁਰਪ੍ਰੀਤ ਕੌਰ ਦੇ ਇਕ ਰਿਸ਼ਤੇਦਾਰ ਵਿਚਕਾਰ ਵਿੱਤੀ ਲੈਣ-ਦੇਣ ਸੰਬੰਧੀ ਗੱਲਬਾਤ ਸੀ। ਦੂਜੇ ਪਾਸੇ ਸੁਖਪਾਲ ਸਿੰਘ ਖਹਿਰਾ ਡਾ. ਗੁਰਪ੍ਰੀਤ ਕੌਰ ਵੱਲੋਂ ਕਾਨੂੰਨੀ ਨੋਟਿਸ ਭੇਜੇ ਜਾਣ ਦੀ ਪੁਸ਼ਟੀ ਕਰ ਚੁੱਕੇ ਹਨ ਅਤੇ ਉਨ੍ਹਾਂ ਨੇ ਸਾਫ ਆਖਿਆ ਹੈ ਕਿ ਉਹ ਇਸ ਨੋਟਿਸ ਦਾ ਜਵਾਬ ਨਾ ਦੇ ਕੇ ਅਤੇ ਅਦਾਲਤ ਵਿਚ ਇਸ ਦਾ ਜਵਾਬ ਦੇਣਗੇ।

## ਟ੍ਰੈਫਿਕ ਉਲੰਘਣਾ 'ਤੇ ਲਾਗੂ ਹੋਣ ਜਾ ਰਿਹਾ ਨਵਾਂ ਸਿਸਟਮ

ਨਵੀਂ ਦਿੱਲੀ 6 ਸਤੰਬਰ। ਸਰਕਾਰ ਡਰਾਈਵਿੰਗ ਲਾਇਸੈਂਸ ਲਈ 'ਗ੍ਰੇਡਿਡ ਪੁਆਇੰਟ ਸਿਸਟਮ' ਲਾਗੂ ਕਰਨ 'ਤੇ ਵਿਚਾਰ ਕਰ ਰਹੀ ਹੈ। ਇਸ ਦੇ ਹੇਠ ਟ੍ਰੈਫਿਕ ਨਿਯਮਾਂ ਦੀ ਹਰੇਕ ਉਲੰਘਣਾ 'ਤੇ ਚਾਲਕ ਦੇ ਲਾਇਸੈਂਸ ਤੋਂ ਨਿਰਧਾਰਤ ਅੰਕ ਕੱਟੇ ਜਾਣਗੇ। ਅੰਕ ਇਕ ਤੈਅ ਹੱਦ ਤੋਂ ਹੇਠਾਂ ਪਹੁੰਚਣ 'ਤੇ ਲਾਇਸੈਂਸ ਮੁਅੱਤਲ ਕੀਤਾ ਜਾ ਸਕਦਾ ਹੈ ਅਤੇ ਅੱਗੇ ਚੱਲ ਕੇ ਉਸ ਨੂੰ ਰੱਦ ਕਰਨ ਦਾ ਵੀ ਪ੍ਰਬੰਧ ਹੋਵੇਗਾ। ਕੇਂਦਰੀ ਸੜਕ ਟਰਾਂਸਪੋਰਟ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਵਾਹਨ ਨਿਰਮਾਤਾ ਕੰਪਨੀਆਂ ਦੇ ਸੰਗਠਨ ਸਿਆਮ ਦੇ 66ਵੇਂ ਸਾਲਾਨਾ ਇਜਲਾਸ 'ਚ ਇਕ ਚਰਚਾ ਦੌਰਾਨ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੜਕ ਹਾਦਸੇ ਦੇਸ਼ ਦੇ ਸਾਹਮਣੇ ਵੱਡੀ ਸਮੱਸਿਆ ਹਨ। ਭਾਰਤ 'ਚ ਹਰ ਸਾਲ ਲੱਗਭਗ 5 ਲੱਖ ਸੜਕ ਹਾਦਸੇ ਹੁੰਦੇ ਹਨ, ਜਿਨ੍ਹਾਂ 'ਚ ਲਗਭਗ 1.20 ਲੱਖ ਲੋਕਾਂ ਦੀ ਜਾਨ ਚਲੀ ਜਾਂਦੀ ਹੈ।

## 'ਦਿਮਾਗੀ ਨਕਸਲਵਾਦ' ਦਾ ਕੈਪਟਨ ਅਮਰਿੰਦਰ ਸਿੰਘ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਪੁੱਛਿਆ ਅਰਥ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ 6 ਸਤੰਬਰ। 15 ਅਗਸਤ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲਾਲ ਕਿਲ੍ਹੇ ਤੋਂ ਆਪਣੇ ਭਾਸ਼ਣ 'ਚ ਦਿਮਾਗੀ ਨਕਸਲਵਾਦ ਨੂੰ ਰੋਕਣ ਦਾ ਸੱਦਾ ਦਿੱਤਾ ਸੀ। ਹੁਣ ਇਸ ਮਾਮਲੇ 'ਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਆਪਣੇ ਲੇਖ ਰਾਹੀਂ ਪ੍ਰਧਾਨ ਮੰਤਰੀ ਮੋਦੀ ਨੂੰ ਦਿਮਾਗੀ ਨਕਸਲਵਾਦ ਸ਼ਬਦ ਨੂੰ ਸਪੱਸ਼ਟ ਕਰਨ ਲਈ ਕਿਹਾ ਹੈ। ਕੈਪਟਨ ਕਿਹਾ 'ਦਿਮਾਗੀ ਨਕਸਲ' ਸ਼੍ਰੇਣੀ ਜਾਇਜ਼ ਅਸਹਿਮਤੀ ਤੋਂ ਕਿਸ ਤਰ੍ਹਾਂ ਵੱਖਰੀ ਹੈ। ਨਕਸਲ ਸ਼ਬਦ ਦੀ ਵਰਤੋਂ ਹਲਕੇ ਤਰੀਕੇ ਨਾਲ ਨਹੀਂ ਕੀਤੀ ਜਾਣੀ ਚਾਹੀਦੀ। ਭਾਰਤ ਨੂੰ ਰਾਸ਼ਟਰੀ ਸੁਰੱਖਿਆ ਅਤੇ ਲੋਕਤੰਤਰੀ ਆਜ਼ਾਦੀ ਵਿੱਚੋਂ ਕਿਸੇ ਇੱਕ ਨੂੰ ਨਹੀਂ ਚੁਣਨਾ ਚਾਹੀਦਾ, ਸਹੀ ਤਰੀਕੇ ਨਾਲ ਸਮਝਿਆ ਜਾਵੇ ਤਾਂ ਦੋਵੇਂ ਇੱਕ-ਦੂਜੇ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਨੌਜਵਾਨਾਂ ਦੇ ਹਾਲ ਹੀ 'ਚ ਹੋਏ ਪ੍ਰਦਰਸ਼ਨਾਂ ਨੂੰ 'ਦਿਮਾਗੀ ਨਕਸਲਵਾਦ' ਨਹੀਂ ਕਿਹਾ, ਪਰ ਸਿਆਸੀ ਸ਼ਬਦ ਕਈ ਵਾਰ ਆਪਣੇ



ਅਸਲ ਸੰਦਰਭ ਤੱਕ ਸੀਮਤ ਨਹੀਂ ਰਹਿੰਦੇ। ਕੈਪਟਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਦਿਮਾਗੀ ਨਕਸਲਵਾਦ ਸ਼ਬਦ ਦਾ ਕੀ ਅਰਥ ਹੈ। 15 ਅਗਸਤ ਨੂੰ ਆਪਣੇ ਸੰਬੋਧਨ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ ਕਿ ਸਾਲਾਂ ਤੋਂ ਦੇਸ਼ ਦੀ ਸੱਤਾ 'ਚ ਮਾਓਵਾਦੀ ਸੋਚ ਦੇ ਲੋਕ ਗਲਿਆਰਿਆਂ ਵਿੱਚ ਆਪਣੀ ਜਗ?ਹਾ ਬਣਾ ਕੇ ਬੈਠੇ ਸਨ। ਸਰਕਾਰੀ ਕਮੇਟੀਆਂ ਵਿੱਚ ਸਲਾਹਕਾਰ ਵਜੋਂ ਵੀ ਮਾਓਵਾਦੀ ਸੋਚ ਨੇ ਨੀਤੀਆਂ ਨੂੰ ਪ੍ਰਭਾਵਿਤ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ " ਮੇਰੇ ਪਿਆਰੇ ਦੇਸ਼ਵਾਸੀਓ, ਜੰਗਲਾਂ ਵਿੱਚ ਹਥਿਆਰਬੰਦ ਨਕਸਲਵਾਦ ਨੂੰ ਲਗਭਗ ਖਤਮ ਕਰ ਦਿੱਤਾ ਹੈ, ਪਰ ਹਥਿਆਰਬੰਦ ਨਕਸਲ ਤਾਂ ਚਲੇ ਗਏ, ਪਰ ਦਿਮਾਗੀ ਨਕਸਲ ਮੌਕੇ ਦੀ ਤਲਾਸ਼ 'ਚ ਹਨ। ਉਹ ਸਮਾਜ ਨੂੰ ਗਲਤ ਰਸਤੇ 'ਤੇ ਲੈ ਕੇ ਆਉਣ ਲਈ ਕਈ ਤਰ੍ਹਾਂ ਦੇ ਤਰੀਕੇ ਤਲਾਸ਼ ਰਹੇ ਹਨ। ਇੰਨਾ ਹੀ ਨਕਸਲੀਆਂ ਨੂੰ ਪਛਾਣਨਾ ਹੋਵੇਗਾ। ਇਨ੍ਹਾਂ ਦਿਮਾਗੀ ਨਕਸਲੀਆਂ ਨੂੰ ਅਲੱਗ-ਥਲੱਗ ਕਰਨਾ ਹੋਵੇਗਾ ਅਤੇ ਰਾਸ਼ਟਰ ਨੂੰ ਵਿਕਸਿਤ ਰਾਸ਼ਟਰ ਬਣਾਉਣ ਲਈ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਜੋੜਨਾ ਹੋਵੇਗਾ।

## ਪਾਕਿਸਤਾਨ 'ਚ ਇਤਿਹਾਸਕ ਹਿੰਦੂ ਮੰਦਰ ਢਾਹੇ ਜਾਣ 'ਤੇ ਭਾਰਤ ਸਖ਼ਤ, ਦੋਸ਼ੀਆਂ ਵਿਰੁੱਧ ਹੋਏ ਕਾਰਵਾਈ

ਨਵੀਂ ਦਿੱਲੀ 6 ਸਤੰਬਰ। ਪਾਕਿਸਤਾਨ ਦੇ ਨਰੋਵਾਲ ਸਥਿਤ ਸਿਰਾਜ ਪਿੰਡ ਵਿੱਚ ਇੱਕ ਇਤਿਹਾਸਕ ਅਤੇ ਕਰੀਬ 100 ਤੋਂ 125 ਸਾਲ ਪੁਰਾਣੇ ਹਿੰਦੂ ਮੰਦਰ ਨੂੰ ਢਾਹੇ ਜਾਣ ਦੀ ਖ਼ਬਰ 'ਤੇ ਭਾਰਤ ਨੇ ਬਹੁਤ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਭਾਰਤ ਦੇ ਵਿਦੇਸ਼ ਮੰਤਰਾਲੇ ਨੇ ਘੱਟ ਗਿਣਤੀ ਭਾਈਚਾਰੇ ਦੇ ਇਸ ਸਦੀ ਪੁਰਾਣੇ ਪੂਜਾ ਸਥਾਨ ਵਿਰੁੱਧ ਕੀਤੀ ਗਈ ਤੋੜ-ਭੰਨ੍ਹ ਦੀ ਇਸ ਨਿੰਦਣਯੋਗ ਕਾਰਵਾਈ ਦੀ ਸਪੱਸ਼ਟ ਰੂਪ ਵਿੱਚ ਨਿੰਦਾ ਕੀਤੀ ਹੈ। ਵਿਦੇਸ਼ ਮੰਤਰਾਲੇ ਦੇ ਅਧਿਕਾਰਤ ਬੁਲਾਰੇ ਰਣਧੀਰ ਜਾਇਸਵਾਲ ਨੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਪਾਕਿਸਤਾਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਵਿੱਚ ਲਗਾਤਾਰ ਬਣੀ ਹੋਈ ਅਸੁਰੱਖਿਆ ਅਤੇ ਉਨ੍ਹਾਂ ਦੀ ਧਾਰਮਿਕ ਆਜ਼ਾਦੀ ਦੇ ਨਾਲ-ਨਾਲ ਪੂਜਾ ਸਥਾਨਾਂ ਦੇ ਉਲੰਘਣ ਦੀ ਗੰਭੀਰ ਸਥਿਤੀ ਨੂੰ ਦਰਸਾਉਂਦੀਆਂ ਹਨ। ਭਾਰਤ ਨੇ ਪਾਕਿਸਤਾਨ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਘਟਨਾ ਦੀ ਤੁਰੰਤ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਵੇ ਅਤੇ ਇਸ ਦੇ ਲਈ ਜ਼ਿੰਮੇਵਾਰ ਲੋਕਾਂ ਨੂੰ ਪੂਰੀ ਤਰ੍ਹਾਂ



ਜਵਾਬਦੇਹ ਠਹਿਰਾਇਆ ਜਾਵੇ। ਇਸ ਦੇ ਨਾਲ ਹੀ ਭਾਰਤ ਨੇ ਨੁਕਸਾਨੇ ਗਏ ਮੰਦਰ ਨੂੰ ਮੁੜ ਬਹਾਲ ਕਰਨ ਲਈ ਪਾਕਿਸਤਾਨ ਨੂੰ ਤੁਰੰਤ ਸੁਧਾਰਾਤਮਕ ਕਦਮ ਚੁੱਕਣ ਲਈ ਕਿਹਾ ਹੈ। ਵਿਦੇਸ਼ ਮੰਤਰਾਲੇ ਨੇ ਜ਼ੋਰ ਦੇ ਕੇ ਕਿਹਾ ਕਿ ਪਾਕਿਸਤਾਨ ਸਰਕਾਰ ਦੀ ਇਹ ਮੁਢਲੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਸਾਰੇ ਘੱਟ ਗਿਣਤੀ ਨਾਗਰਿਕਾਂ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਏ ਅਤੇ ਉਨ੍ਹਾਂ ਦੇ ਧਾਰਮਿਕ ਤੇ ਸੱਭਿਆਚਾਰਕ ਵਿਰਸੇ ਦੀ ਰੱਖਿਆ ਕਰੇ।

# ਪੰਜਾਬ ’ਚ ਇਸ ਬਿਮਾਰੀ ਨੇ ਦਿੱਤੀ ਦਸਤਕ, ਇਹ ਲੱਛਣ ਦਿਸਣ ’ਤੇ ਨਾ ਕਰੋ ਨਜ਼ਰਅੰਦਾਜ਼

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 6 ਸਤੰਬਰ। ਪੰਜਾਬ ਦੇ ਵੱਖ-ਵੱਖ ਹਿੱਸਿਆਂ ’ਚ ਇਨਫਲੂਐਂਜ਼ਾ ਅਤੇ ਸਾਹ ਸਬੰਧੀ ਬੀਮਾਰੀਆਂ ਦੇ ਮਾਮਲਿਆਂ ਵਿਚਕਾਰ ਹੁਣ ਅੰਮ੍ਰਿਤਸਰ ’ਚ ਵੀ ਸਵਾਈਨ ਫਲੂ ਦੇ 2 ਮਾਮਲੇ ਸਾਹਮਣੇ ਆਏ ਹਨ। ਪਿਛਲੇ ਕਰੀਬ 10 ਦਿਨਾਂ ਦੌਰਾਨ ਗੁਰੂ ਨਾਨਕ ਦੇਵ ਹਸਪਤਾਲ ’ਚ ਦਾਖ਼ਲ 2 ਮਰੀਜ਼ਾਂ ਦੀ ਸਵਾਈਨ ਫਲੂ ਸਬੰਧੀ ਰਿਪੋਰਟ ਪਾਜ਼ੇਟਿਵ ਆਈ ਹੈ। ਇਨ੍ਹਾਂ ’ਚ ਇਕ 65 ਸਾਲਾ ਔਰਤ ਅਤੇ ਇਕ 14 ਸਾਲਾ ਬੱਚਾ ਸ਼ਾਮਲ ਹੈ। ਦੋਵੇਂ ਮਰੀਜ਼ ਇਲਾਜ ਤੋਂ ਬਾਅਦ ਪੂਰੀ ਤਰ੍ਹਾਂ ਠੀਕ ਹੋ ਕੇ ਆਪਣੇ ਘਰ ਪਰਤ ਚੁੱਕੇ ਹਨ। ਹਾਲਾਂਕਿ ਦੋ ਕੇਸ ਸਾਹਮਣੇ ਆਉਣ ਤੋਂ ਬਾਅਦ ਸਿਹਤ ਵਿਭਾਗ ਅਤੇ ਗੁਰੂ ਨਾਨਕ ਦੇਵ ਹਸਪਤਾਲ ਪ੍ਰਸ਼ਾਸਨ ਨੇ ਚੌਕਸੀ ਵਧਾ ਦਿੱਤੀ ਹੈ। ਪੰਜਾਬ ਸਿਹਤ ਵਿਭਾਗ ਵੱਲੋਂ 24 ਅਗਸਤ ਨੂੰ ਜਾਰੀ ਐਡਵਾਈਜ਼ਰੀ ਤੋਂ ਬਾਅਦ ਜ਼ਿਲੇ ’ਚ ਇਨਫਲੂਐਂਜ਼ਾ ਲਾਈਕ ਇਲਨੈੱਸ ਅਤੇ ਸੀਵੀਅਰ ਐਕਿਊਟ ਰੈਸਪੀਰੇਟਰੀ ਇਨਫੈਕਸ਼ਨ ਦੀ ਨਿਗਰਾਨੀ ਹੋਰ ਸਖ਼ਤ ਕਰ ਦਿੱਤੀ ਗਈ ਹੈ। ਸਰਕਾਰੀ ਸਿਹਤ ਸੰਸਥਾਵਾਂ ਦੀ ਓ. ਪੀ. ਡੀ. ’ਚ ਫਲੂ ਕਾਰਨਰ ਬਣਾਉਣ, ਸ਼ੱਕੀ ਮਰੀਜ਼ਾਂ ਦੀ ਪਛਾਣ ਅਤੇ ਲੋੜ ਅਨੁਸਾਰ ਟੈਸਟਿੰਗ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਗੁਰੂ ਨਾਨਕ ਦੇਵ ਹਸਪਤਾਲ ਦੇ ਇੰਚਾਰਜ ਡਾ. ਕਰਮਜੀਤ ਸਿੰਘ ਨੇ ਦੱਸਿਆ ਕਿ ਸਵਾਈਨ ਫਲੂ ਦੇ ਮਰੀਜ਼ਾਂ ਲਈ ਹਸਪਤਾਲ ’ਚ 23 ਬੈੱਡ ਰਾਖਵੇਂ ਰੱਖੇ ਗਏ ਹਨ। ਇਸ ਤੋਂ ਇਲਾਵਾ ਐਮਰਜੈਂਸੀ ’ਚ ਡਾਕਟਰਾਂ ਦੀ ਵਿਸ਼ੇਸ਼ ਟੀਮ ਤਾਇਨਾਤ ਕੀਤੀ ਗਈ ਹੈ, ਜੋ 24 ਘੰਟੇ ਮੁਸਤੈਦੀ ਨਾਲ ਡਿਊਟੀ ਨਿਭਾਅ ਰਹੀ ਹੈ। ਉਨ੍ਹਾਂ ਦੱਸਿਆ ਕਿ ਦੋਵੇਂ ਪਾਜ਼ੇਟਿਵ ਮਰੀਜ਼ਾਂ ਦਾ ਸਮੇਂ ’ਤੇ ਇਲਾਜ ਕੀਤਾ ਗਿਆ ਅਤੇ ਹੁਣ ਦੋਵੇਂ ਠੀਕ ਹੋ ਕੇ ਘਰ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਸਪਤਾਲ ਦੀ ਓ. ਪੀ. ਡੀ. ’ਚ ਸਖ਼ਤ ਹਿਦਾਇਤਾਂ ਦਿੱਤੀਆਂ ਗਈਆਂ ਹਨ ਕਿ ਖੰਘ, ਜ਼ੁਕਾਮ ਅਤੇ ਬੁਖ਼ਾਰ ਦੀ ਸ਼ਿਕਾਇਤ ਲੈ ਕੇ ਆਉਣ ਵਾਲੇ ਸ਼ੱਕੀ ਮਰੀਜ਼ਾਂ ਦੀ ਲੋੜ ਅਨੁਸਾਰ ਸਵਾਈਨ ਫਲੂ ਸਬੰਧੀ ਜਾਂਚ ਕਰਵਾਈ ਜਾਵੇ। ਹਸਪਤਾਲ ਪ੍ਰਸ਼ਾਸਨ ਹਰ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਡਾ. ਨਰੇਸ਼ ਚਾਵਲਾ ਨੇ ਕਿਹਾ ਕਿ ਸਥਿਤੀ ਪੂਰੀ ਤਰ੍ਹਾਂ ਨਾਲ ਕਾਬੂ ਹੇਠ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਸਿਹਤ ਵਿਭਾਗ ਦੀਆਂ ਗਾਈਡਲਾਈਨਜ਼ ਦੀ ਪਾਲਣਾ ਕਰਨਾ ਚਾਹੀਦਾ ਹੈ। ਖੰਘ, ਜ਼ੁਕਾਮ ਅਤੇ ਬੁਖ਼ਾਰ ਤੋਂ ਪੀੜਤ ਮਰੀਜ਼ ਨੂੰ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਸਿਵਲ ਸਰਜਨ ਡਾ. ਰਸ਼ਮੀ ਵਿਜ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲੇ ’ਚ ਸਿਹਤ ਵਿਭਾਗ ਵੱਲੋਂ ਕਰੀਬ 205 ਸਰਕਾਰੀ ਹਸਪਤਾਲਾਂ ਅਤੇ ਸਿਹਤ ਸੰਸਥਾਵਾਂ ਦੀ ਓ. ਪੀ. ਡੀ. ’ਚ ਫਲੂ ਕਾਰਨਰ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਇਨ੍ਹਾਂ ਫਲੂ ਕਾਰਨਰਾਂ ’ਚ ਫਲੂ ਵਰਗੇ ਲੱਛਣਾਂ ਵਾਲੇ ਮਰੀਜ਼ਾਂ ਦੀ ਵੱਖਰੇ ਤੌਰ ’ਤੇ ਪਛਾਣ ਕੀਤੀ ਜਾਵੇਗੀ ਅਤੇ ਲੋੜ ਪੈਣ ’ਤੇ ਟੈਸਟਿੰਗ ਕਰਵਾਈ ਜਾਵੇਗੀ। ਸਿਹਤ ਵਿਭਾਗ ਨੇ ਅਧਿਕਾਰੀਆਂ ਨੂੰ ਆਈ. ਐੱਲ. ਆਈ. ਅਤੇ ਐੱਸ. ਏ. ਆਰ. ਆਈ. ਮਾਮਲਿਆਂ ’ਚ ਅਸਧਾਰਨ ਵਾਧੇ, ਹਸਪਤਾਲਾਂ ’ਚ ਦਾਖ਼ਲਿਆਂ, ਮਰੀਜ਼ਾਂ ਦੇ ਕਲੱਸਟਰ ਅਤੇ ਮੌਤਾਂ ’ਤੇ ਵਿਸ਼ੇਸ਼ ਨਜ਼ਰ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਗੰਭੀਰ ਜਾਂ ਹਾਈ-ਰਿਸਕ ਮਰੀਜ਼ਾਂ ਨੂੰ ਲੋੜ ਅਨੁਸਾਰ ਉੱਚ ਸਿਹਤ ਕੇਂਦਰਾਂ ’ਚ ਰੈਫ਼ਰ ਕਰਨ ਲਈ ਵੀ ਕਿਹਾ ਗਿਆ ਹੈ। ਜ਼ਿਲਾ ਪੱਧਰ ’ਤੇ ਵੀ ਸਿਹਤ ਵਿਭਾਗ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। 2 ਵਿਸ਼ੇਸ਼ ਆਈਸੋਲੇਸ਼ਨ ਵਾਰਡਾਂ ’ਚ ਕਰੀਬ 40 ਬੈੱਡ ਤਿਆਰ ਰੱਖੇ ਗਏ ਹਨ। ਲੋੜ ਪੈਣ ’ਤੇ ਸ਼ੱਕੀ ਜਾਂ ਪੁਸ਼ਟੀ ਵਾਲੇ ਮਰੀਜ਼ਾਂ ਨੂੰ ਇਨ੍ਹਾਂ ਵਾਰਡਾਂ ’ਚ ਵੱਖ-ਵੱਖ ਰੱਖ ਕੇ ਇਲਾਜ ਕੀਤਾ ਜਾ ਸਕੇਗਾ। ਸੀਨੀਅਰ ਸਟਾਫ਼ ਦੀ ਡਿਊਟੀ ਲਾਉਣ ਦੇ ਪ੍ਰਬੰਧ ਵੀ ਕੀਤੇ ਗਏ ਹਨ। ਸਿਵਲ ਸਰਜਨ ਡਾ. ਰਸ਼ਮੀ ਵਿਜ ਵੱਲੋਂ ਸੀਨੀਅਰ ਸਿਹਤ ਅਧਿਕਾਰੀਆਂ ਦੀ ਇਕ ਐਮਰਜੈਂਸੀ ਮੀਟਿੰਗ ਕਰਕੇ ਜ਼ਿਲੇ ’ਚ ਸਵਾਈਨ ਫਲੂ ਅਤੇ ਹੋਰ ਸਾਹ ਸਬੰਧੀ ਇਨਫੈਕਸ਼ਨਾਂ ਨਾਲ ਨਜਿੱਠਣ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਦੀ ਓ. ਪੀ. ਡੀ. ’ਚ ਫਲੂ ਕਾਰਨਰ ਬਣਾਉਣ ਅਤੇ ਸ਼ੱਕੀ ਮਰੀਜ਼ਾਂ ਦੀ ਸਮੇਂ ’ਤੇ ਪਛਾਣ ਤੇ ਜਾਂਚ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਫਿਲਹਾਲ ਸਥਿਤੀ ਕਾਬੂ ਹੇਠ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਲੋਕਾਂ ਨੂੰ ਸਿਹਤ ਵਿਭਾਗ ਦੇ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਫਲੂ ਵਰਗੇ ਲੱਛਣ ਹੋਣ ’ਤੇ ਸਮੇਂ ’ਤੇ ਮੈਡੀਕਲ ਸਲਾਹ ਲੈਣ ਦੀ ਅਪੀਲ ਕੀਤੀ। ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਦੀ ਅਤਿ-ਆਧੁਨਿਕ ਤਕਨੀਕਾਂ ਨਾਲ ਲੈਸ ਲੈਬ ’ਚ ਜਲੰਧਰ ਅਤੇ ਅੰਮ੍ਰਿਤਸਰ ਦੇ ਸਰਕਾਰੀ ਹਸਪਤਾਲਾਂ ਤੋਂ ਰੋਜ਼ਾਨਾ ਕਰੀਬ 10 ਤੋਂ 12 ਸਵਾਈਨ ਫਲੂ ਦੇ ਸ਼ੱਕੀ ਸੈਂਪਲ ਜਾਂਚ ਲਈ ਪਹੁੰਚ ਰਹੇ ਹਨ। ਲੈਬ ਇੰਚਾਰਜ ਡਾ. ਕੇ. ਡੀ. ਸਿੰਘ ਦੀ ਅਗਵਾਈ ਹੇਠ ਟੀਮ ਵੱਲੋਂ ਸੈਂਪਲਾਂ ਦੀ ਸੁਰੱਖਿਅਤ ਤਰੀਕੇ ਨਾਲ ਜਾਂਚ ਕਰਕੇ ਰਿਪੋਰਟ ਸਬੰਧਤ ਅਥਾਰਟੀ ਨੂੰ ਭੇਜੀ ਜਾ ਰਹੀ ਹੈ। ਡਾ. ਕੇ. ਡੀ. ਸਿੰਘ ਦੀ ਅਗਵਾਈ ਵਾਲੀ ਲੈਬ ਟੀਮ ਨੇ ਕੋਰੋਨਾ ਮਹਾਮਾਰੀ ਦੌਰਾਨ ਵੀ ਦਿਨ-ਰਾਤ ਕੰਮ ਕਰ ਕੇ ਜਾਂਚ ਪ੍ਰਬੰਧਾਂ ’ਚ ਅਹਿਮ ਭੂਮਿਕਾ ਨਿਭਾਈ ਸੀ। ਉਨ੍ਹਾਂ ਦੀ ਕਾਰਜਸ਼ੈਲੀ ਅਤੇ ਟੀਮ ਦੀ ਸੇਵਾ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਸਰਕਾਰ ਅਤੇ ਵਿਭਾਗ ਵੱਲੋਂ ਸਨਮਾਨਿਤ ਵੀ ਕੀਤਾ ਜਾ ਚੁੱਕਾ ਹੈ। ਸਿਹਤ ਵਿਭਾਗ ਵੱਲੋਂ ਸਾਰੇ ਸਰਕਾਰੀ ਹਸਪਤਾਲਾਂ ਨੂੰ ਜ਼ਰੂਰੀ ਐਂਟੀਵਾਇਰਲ ਦਵਾਈਆਂ, ਵਿਸ਼ੇਸ਼ ਤੌਰ ’ਤੇ ਓਸੈਲਟਾਮਿਵਿਰ, ਆਕਸੀਜਨ, ਵੈਂਟੀਲੇਟਰ ਅਤੇ ਹੋਰ ਲੋੜੀਂਦੇ ਲਾਜਿਸਟਿਕਸ ਦੀ ਉਪਲੱਬਧਤਾ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ। ਸਾਹ ਸਬੰਧੀ ਸੈਂਪਲਾਂ ਦੀ ਸਮੇਂ ’ਤੇ ਕੁਲੈਕਸ਼ਨ, ਪੈਕਿੰਗ, ਟਰਾਂਸਪੋਰਟ ਅਤੇ ਪ੍ਰਵਾਨਿਤ ਲੈਬ ’ਚ ਟੈਸਟਿੰਗ ’ਤੇ ਵੀ ਜ਼ੋਰ ਦਿੱਤਾ ਗਿਆ ਹੈ। ਡਾ. ਰਜਨੀਸ਼ ਸ਼ਰਮਾ ਅਨੁਸਾਰ ਬੁਖ਼ਾਰ, ਖੰਘ, ਗਲੇ ’ਚ ਦਰਦ, ਸਰੀਰ ’ਚ ਦਰਦ, ਥਕਾਵਟ ਅਤੇ ਨੱਕ ਵਗਣਾ ਇਨਫਲੂਐਂਜ਼ਾ ਦੇ ਆਮ ਲੱਛਣ ਹੋ ਸਕਦੇ ਹਨ। ਜੇਕਰ ਸਾਹ ਲੈਣ ’ਚ ਤਕਲੀਫ਼ ਹੋਵੇ, ਲੱਛਣ ਵਧਣ ਜਾਂ ਮਰੀਜ਼ ਦੀ ਹਾਲਤ ਗੰਭੀਰ ਹੋਵੇ ਤਾਂ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਵਿਸ਼ੇਸ਼ ਤੌਰ ’ਤੇ ਬਜ਼ੁਰਗਾਂ, ਬੱਚਿਆਂ ਅਤੇ ਹੋਰ ਹਾਈ-ਰਿਸਕ ਮਰੀਜ਼ਾਂ ’ਚ ਲਾਪ੍ਰਵਾਹੀ ਤੋਂ ਬਚਣ ਦੀ ਲੋੜ ਹੈ। ਸਿਹਤ ਵਿਭਾਗ ਨੇ ਲੋਕਾਂ ਤੋਂ ਬਿਨਾਂ ਡਾਕਟਰੀ ਸਲਾਹ ਦੇ ਐਂਟੀਵਾਇਰਲ ਜਾਂ ਹੋਰ ਦਵਾਈਆਂ ਖ਼ੁਦ ਲੈਣ ਤੋਂ ਬਚਣ ਦੀ ਅਪੀਲ ਕੀਤੀ ਹੈ। ਭੀੜ-ਭੜੱਕੇ ਵਾਲੀਆਂ ਥਾਵਾਂ ’ਤੇ ਸਾਵਧਾਨੀ, ਹੱਥਾਂ ਦੀ ਸਫ਼ਾਈ, ਖੰਘਦਿਆਂ ਅਤੇ ਛਿੱਕਦਿਆਂ ਸਮੇਂ ਮੂੰਹ ਢੱਕਣਾ ਅਤੇ ਲੋੜ ਅਨੁਸਾਰ ਮਾਸਕ ਦੀ ਵਰਤੋਂ ਇਨਫੈਕਸ਼ਨ ਦੇ ਫੈਲਾਅ ਨੂੰ ਰੋਕਣ ’ਚ ਮਦਦਗਾਰ ਹੋ ਸਕਦੀ ਹੈ। ਸਰਕਾਰੀ ਟੀ. ਬੀ. ਹਸਪਤਾਲ ਦੇ ਸੀਨੀਅਰ ਡਾ. ਸੰਦੀਪ ਮਹਾਜਨ ਦੇ ਅਨੁਸਾਰ ਅੰਮ੍ਰਿਤਸਰ ’ਚ ਸਵਾਈਨ ਫਲੂ ਦੇ ਦੋ ਕੇਸ ਸਾਹਮਣੇ ਆਉਣ ਤੋਂ ਬਾਅਦ ਸਿਹਤ ਵਿਭਾਗ ਵੱਲੋਂ ਨਿਗਰਾਨੀ ਅਤੇ ਟੈਸਟਿੰਗ ਵਧਾ ਦਿੱਤੀ ਗਈ ਹੈ। ਦੋਵੇਂ ਮਰੀਜ਼ਾਂ ਦੇ ਠੀਕ ਹੋ ਕੇ ਘਰ ਪਰਤਣ ਕਾਰਨ ਫਿਲਹਾਲ ਸਥਿਤੀ ਕਾਬੂ ਹੇਠ ਦੱਸੀ ਜਾ ਰਹੀ ਹੈ। ਵਿਭਾਗ ਦਾ ਧਿਆਨ ਹੁਣ ਸ਼ੱਕੀ ਮਰੀਜ਼ਾਂ ਦੀ ਜਲਦੀ ਪਛਾਣ, ਸਮੇਂ ’ਤੇ ਟੈਸਟਿੰਗ ਅਤੇ ਗੰਭੀਰ ਮਰੀਜ਼ਾਂ ਨੂੰ ਤੁਰੰਤ ਇਲਾਜ ਮੁਹੱਈਆ ਕਰਵਾਉਣ ’ਤੇ ਹੈ।

## ਸਕੂਲ ਦੇ ਵਿਦਿਆਰਥੀਆਂ ਨੇ ਹੀ ਕਰ’ਤਾ ਪ੍ਰਿੰਸੀਪਲ ਦਾ ਕਤਲ ! ਇੰਝ ਖੁੱਲ੍ਹਿਆ ਭੇਤ

ਨਾਲਗੋਂਡਾ 6 ਸਤੰਬਰ। ਪੈਸਿਆਂ ਅਤੇ ਐਸ਼ੋ-ਆਰਾਮ ਦੀ ਜ਼ਿੰਦਗੀ ਜਿਊਂਣ ਦੀ ਇੱਛਾ ’ਚ 2 ਨਾਬਾਲਗ ਵਿਦਿਆਰਥੀਆਂ ਨੇ ਆਪਣੇ ਹੀ ਸਕੂਲ ਦੀ ਪ੍ਰਿੰਸੀਪਲ ਰੂਪਾ ਰੈੱਡੀ ਦਾ ਕਤਲ ਕਰ ਦਿੱਤਾ। ਨਾਲਗੋਂਡਾ ਦੇ ਪੁਲਸ ਸੁਪਰਡੈਂਟ (ਐੱਸ.ਪੀ.) ਸ਼ਰਤ ਚੰਦਰ ਪਵਾਰ ਨੇ ਬੁੱਧਵਾਰ ਨੂੰ ਇਸ ਘਟਨਾ ਦਾ ਖੁਲਾਸਾ ਕੀਤਾ। ਇਕ ਪ੍ਰੈੱਸ ਕਾਨਫਰੰਸ ’ਚ ਉਨ੍ਹਾਂ ਨੇ ਦੱਸਿਆ ਕਿ ਲਗਭਗ 15 ਦਿਨ ਪਹਿਲਾਂ, ਪ੍ਰਿੰਸੀਪਲ ਨੂੰ ਦੋਵਾਂ ਵਿਦਿਆਰਥੀਆਂ ਦੇ ਹੋਸਟਲ ਬੈਗਾਂ ’ਚ ਇਕ ਮੋਬਾਈਲ ਫੋਨ ਅਤੇ ਨਕਦੀ ਮਿਲੀ ਸੀ, ਜਿਸ ਦੀ ਜਾਣਕਾਰੀ ਉਨ੍ਹਾਂ ਨੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੇ ਦਿੱਤੀ ਸੀ। ਇਸ ਘਟਨਾ ਤੋਂ ਬਾਅਦ ਵਿਦਿਆਰਥੀਆਂ ਨੂੰ ਹੋਸਟਲ ’ਚੋਂ ਕੱਢ ਦਿੱਤਾ ਗਿਆ ਅਤੇ ਉਹ ਘਰੋਂ ਸਕੂਲ ਆਉਣ-ਜਾਣ ਲੱਗੇ ਪਰ ਇਸ ਅਪਮਾਨ ਨੂੰ ਉਹ ਭੁੱਲ ਨਹੀਂ ਸਕੇ। ਐੱਸ.ਪੀ. ਦੇ ਅਨੁਸਾਰ, ਦੋਵਾਂ ਨੇ ਰੂਪਾ ਰੈੱਡੀ ਦੇ ਘਰ ਚੋਰੀ ਦੀ ਯੋਜਨਾ ਬਣਾਈ, ਇਕ ਚਾਕੂ ਖਰੀਦਿਆ, ਅਤੇ ਅਪਰਾਧ ਨੂੰ ਅੰਜਾਮ ਦੇਣ ਤੋਂ ਪਹਿਲਾਂ ਇਲਾਕੇ ਦੀ ਰੇਕੀ ਕੀਤੀ। ਜਦੋਂ ਪ੍ਰਿੰਸੀਪਲ ਨੇ ਡਕੈਤੀ ਦੌਰਾਨ ਉਨ੍ਹਾਂ ਨੂੰ ਪਛਾਣ ਲਿਆ, ਤਾਂ ਉਨ੍ਹਾਂ ਨੇ ਉਸ ’ਤੇ 27 ਵਾਰ ਚਾਕੂ ਮਾਰਿਆ, ਜਿਸ



ਕਾਰਨ ਉਸ ਦੀ ਮੌਤ ਹੋ ਗਈ। ਪੁਲਸ ਨੇ ਦੋਸ਼ੀਆਂ ਕੋਲੋਂ ਖੂਨ ਨਾਲ ਲੱਥਪੱਥ ਤੋਂ 1.54 ਲੱਖ ਰੁਪਏ ਨਕਦ ਅਤੇ ਇਕ ਆਈਫੋਨ ਬਰਾਮਦ ਕੀਤਾ ਹੈ। ਪੁਲਸ ਸੁਪਰਡੈਂਟ ਨੇ ਕਿਹਾ ਕਿ ਇਕ ਵਿਦਿਆਰਥੀ ਨੂੰ ਸ਼ਰਾਬ ਪੀਣ ਦੀ ਆਦਤ ਪੈ ਗਈ ਸੀ ਅਤੇ ਉਹ ਇਹ ਆਦਤ ਪੂਰੀ ਕਰਨ ਲਈ ਲਗਭਗ ਇਕ ਮਹੀਨਾ ਪਹਿਲਾਂ ਗੋਆ ਗਿਆ ਸੀ। ਉਸ ਨੇ ਇਹ ਵੀ ਦੱਸਿਆ ਕਿ ਦੋਵਾਂ ਵਿਦਿਆਰਥੀਆਂ ਦੀ ਭੰਗ ਦੀ ਜਾਂਚ ਰਿਪੋਰਟ ਨੈਗੇਟਿਵ ਆਈ ਹੈ।

### ਨਸ਼ੇੜੀ ਪੁੱਤਰ ਤੋਂ ਤੰਗ ਆਈ ਮਾਂ ਨੇ ਖੁਦ ਨੂੰ ਲਾਈ ਅੱਗ, 80 ਫੀਸਦੀ ਝੁਲਸੀ

ਪਠਾਨਕੋਟ 6 ਸਤੰਬਰ। ਪਠਾਨਕੋਟ ਸ਼ਹਿਰ ਵਿੱਚ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਮਹਿਲਾ ਨੇ ਕਥਿਤ ਤੌਰ ’ਤੇ ਆਪਣੇ ਆਪ ’ਤੇ ਪੈਟਰੋਲ ਛਿੜਕ ਕੇ ਅੱਗ ਲਗਾ ਲਈ। ਅੱਗ ਲੱਗਣ ਕਾਰਨ ਮਹਿਲਾ ਬੁਰੀ ਤਰ੍ਹਾਂ ਝੁਲਸ ਗਈ ਅਤੇ ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਮਹਿਲਾ ਨੂੰ ਇਲਾਜ ਲਈ ਸਿਵਲ ਹਸਪਤਾਲ ਪਠਾਨਕੋਟ ਵਿਖੇ ਦਾਖਲ ਕਰਵਾਇਆ ਗਿਆ ਹੈ। ਮੁੱਢਲੀ ਜਾਣਕਾਰੀ ਅਨੁਸਾਰ ਮਹਿਲਾ ਕਰੀਬ 80 ਫੀਸਦੀ ਝੁਲਸ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਮਹਿਲਾ ਨੇ ਆਪਣੇ ਨਸ਼ੇੜੀ ਪੁੱਤਰ ਵੱਲੋਂ ਕਥਿਤ ਤੌਰ ’ਤੇ ਪੈਸਿਆਂ ਲਈ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਲਗਾਏ ਹਨ। ਇਲਜ਼ਾਮ ਇਹ ਵੀ ਹੈ ਕਿ ਪੁੱਤਰ ਵੱਲੋਂ ਆਪਣੀ ਮਾਂ ਦੀਆਂ ਵਾਲੀਆਂ ਖੋਹ ਲਈਆਂ ਗਈਆਂ ਸਨ। ਘਟਨਾ ਤੋਂ ਬਾਅਦ ਇਲਾਕੇ ਵਿੱਚ ਹੜਕੰਪ ਮਚ ਗਿਆ। ਲੋਕਾਂ ਨੇ ਤੁਰੰਤ ਮਹਿਲਾ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਵੱਲੋਂ ਉਸ ਦਾ ਇਲਾਜ ਕੀਤਾ ਜਾ ਰਿਹਾ ਹੈ।

## ਪਟਿਆਲਾ-ਰਾਜਪੁਰਾ ਰੋਡ ’ਤੇ ਟਰੈਫਿਕ ਕੀਤਾ ਠੱਪ, ਭਾਰੀ ਪੁਲਸ ਤਾਇਨਾਤ

ਪਟਿਆਲਾ 6 ਸਤੰਬਰ। ਕੌਮੀ ਇਨਸਾਫ ਮੋਰਚਾ ਦੇ ਸਮਰਥਕਾਂ ਨੇ ਸਵੇਰੇ ਬੰਦ ਨੂੰ ਮੱਠਾ ਹੁੰਗਾਰਾ ਮਿਲਣ ਤੋਂ ਬਾਅਦ ਰਾਜਪੁਰਾ-ਪਟਿਆਲਾ ਰੋਡ ’ਤੇ ਟਰੈਫਿਕ ਜਾਮ ਕਰ ਦਿੱਤਾ। ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਬੱਸਾਂ ਸਮੇਤ ਹਰ ਕਿਸਮ ਦਾ ਟਰੈਫਿਕ ਠੱਪ ਕਰ ਦਿੱਤਾ ਗਿਆ ਹੈ। ਇਸ ਦੌਰਾਨ ਮੋਰਚਾ ਸਮਰਥਕਾਂ ਅਤੇ ਆਮ ਲੋਕਾਂ ਵਿਚਾਲੇ ਬਹਿਸ ਦੀਆਂ ਤਸਵੀਰਾਂ/ਵੀਡੀਓ ਵਾਇਰਲ ਹੋ ਰਹੀਆਂ ਹਨ। ਮੋਰਚਾ ਸਮਰਥਕਾਂ ਦਾ ਕਹਿਣਾ ਹੈ ਕਿ ਸਰਕਾਰ ਜਾਣ ਬੁੱਝ ਕੇ ਲੋਕਾਂ ਨੂੰ ਖੱਜਲ ਖੁਆਰ ਕਰ ਰਹੀ



ਹੈ। ਉਨ੍ਹਾਂ ਕਿਹਾ ਕਿ ਅਸੀਂ ਦੋ ਦਿਨ ਪਹਿਲਾਂ ਹੀ ਸਰਕਾਰ ਨੂੰ ਆਖਿਆ ਸੀ ਕਿ ਰੋਡਵੇਜ਼ ਬੱਸਾਂ ਬੰਦ ਰੱਖੀਆਂ ਜਾਣ ਪਰ ਸਰਕਾਰਾਂ ਨੇ ਬੱਸਾਂ ਚਲਾ ਦਿੱਤੀਆਂ ਜਿਸ ਕਾਰਨ ਹੁਣ ਲੋਕ ਖੱਜਲ ਖੁਆਰ ਹੋ ਰਹੇ ਹਨ। ਮੋਰਚਾ ਸਮਰਥਕਾਂ ਨੇ ਹਰ ਤਰੀਕੇ ਦਾ ਟਰੈਫਿਕ ਰੋਕ ਦਿੱਤਾ ਹੈ। ਮੋਰਚਾ ਸਮਰਥਕਾਂ ਨੇ ਕਿਹਾ ਕਿ ਪੰਜਾਬ ਬੰਦ ਦਾ ਮੁੱਖ ਮਕਸਦ ਬੰਦੀ ਸਿੰਘਾਂ ਦੀ ਰਿਹਾਈ ਹੈ, ਜੋ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਜੇਲ੍ਹਾਂ ਵਿਚ ਬੰਦ ਹਨ। ਮੋਰਚਾ ਆਗੂਆਂ ਵੱਲੋਂ ਪ੍ਰਦਰਸ਼ਨਾਂ ਮਗਰੋਂ ਪਟਿਆਲਾ ਵਿਚ ਵੀ ਬੰਦ ਦਾ ਭਰਪੂਰ ਅਸਰ ਦੇਖਣ ਨੂੰ ਮਿਲਿ। ਪਟਿਆਲਾ ਵਿਖੇ ਸਿੱਖ ਜਥੇਬੰਦੀਆਂ ਵੱਲੋਂ ਮਾਰਚ ਕੱਢਿਆ ਗਿਆ। ਇਸ ਦੌਰਾਨ ਪੁਲਸ ਦੀ ਵੀ ਭਾਰੀ ਮੌਜੂਦਗੀ ਰਹੀ। ਸਿੱਖ ਜਥੇਬੰਦੀਆਂ ਵੱਲੋਂ ਪੰਜਾਬ ਬੰਦ ਨੂੰ ਸਹਿਯੋਗ ਦੇਣ ਲਈ ਪਟਿਆਲਾ ਵਾਸੀਆਂ ਦਾ ਧੰਨਵਾਦ ਵੀ ਕੀਤਾ ਗਿਆ।

### ਨੌਕਰੀ ਦਾ ਝਾਂਸਾ ਦੇ ਕੇ 8 ਲੱਖ ਦੀ ਮਾਰੀ ਠੱਗੀ

ਫਿਰੋਜ਼ਪੁਰ 6 ਸਤੰਬਰ। ਫਿਰੋਜ਼ਪੁਰ ਸ਼ਹਿਰ ’ਚ ਨੌਕਰੀ ਲਗਵਾਉਣ ਦੇ ਨਾਂ ’ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਆਰ. ਐੱਸ. ਡੀ. ਕਾਲਜ ਨੇੜਲੇ ਨਿਵਾਸੀ ਜੋਗਿੰਦਰਪਾਲ ਸਿੰਘ ਦੀ ਸ਼ਿਕਾਇਤ ’ਤੇ ਪੁਲਸ ਨੇ ਪੀ. ਏ. ਪੀ. ਦੇ ਇਕ ਸੀਨੀਅਰ ਸਿਪਾਹੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ, ਜਿਸ ਨੇ ਬੱਚਿਆਂ ਨੂੰ ਇੰਟੈਲੀਜੈਂਸ ਵਿਭਾਗ ਵਿਚ ਭਰਤੀ ਕਰਵਾਉਣ ਦਾ ਝਾਂਸਾ ਦੇ ਕੇ 8 ਲੱਖ ਰੁਪਏ ਹੜੱਪ ਲਏ ਸਨ। ਇਹ ਕਾਰਵਾਈ ਪੜਤਾਲੀਆ ਰਿਪੋਰਟ ਦੇ ਆਧਾਰ ’ਤੇ ਕੀਤੀ ਗਈ ਹੈ,




ਜਿਸ ਵਿਚ ਦੋਸ਼ੀ ਪੁਲਿਸ ਕਰਮਚਾਰੀ ਦੀ ਪਛਾਣ ਸੀਨੀਅਰ ਸਿਪਾਹੀ ਜਸਕਰਨ ਸਿੰਘ ਵਜੋਂ ਹੋਈ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਸ਼ਿਕਾਇਤਕਰਤਾ ਜੋਗਿੰਦਰਪਾਲ ਸਿੰਘ ਅਤੇ ਵਾਰਡ ਨੰਬਰ 5, ਗਲੀ ਨੰਬਰ 4 ਨੇੜੇ ਆਰ. ਐੱਸ. ਡੀ. ਕਾਲਜ, ਫਿਰੋਜ਼ਪੁਰ ਸ਼ਹਿਰ ਦੇ ਹੋਰ ਵਾਸੀਆਂ ਨੇ ਦੱਸਿਆ ਕਿ ਜਸਕਰਨ ਸਿੰਘ ਸੀਨੀਅਰ ਸਿਪਾਹੀ ਨੇ ਉਨ੍ਹਾਂ ਦੇ ਬੱਚਿਆਂ ਨੂੰ ਪੰਜਾਬ ਪੁਲਸ ਦੇ ਇੰਟੈਲੀਜੈਂਸ ਵਿਭਾਗ ਵਿਚ ਭਰਤੀ ਕਰਵਾਉਣ ਦਾ ਭਰੋਸਾ ਦਿੱਤਾ ਸੀ। ਇਸ ਝਾਂਸੇ ਵਿਚ ਆ ਕੇ ਉਸ ਦੇ ਪਰਿਵਾਰਾਂ ਨੇ ਉਸ ਨੂੰ ਕੁੱਲ 8 ਲੱਖ ਰੁਪਏ ਦੀ ਰਕਮ ਸੌਂਪ ਦਿੱਤੀ। ਜੋਗਿੰਦਰਪਾਲ ਸਿੰਘ ਨੇ ਦੱਸਿਆ ਕਿ ਜਦੋਂ ਕਾਫ਼ੀ ਸਮਾਂ ਬੀਤਣ ਤੋਂ ਬਾਅਦ ਵੀ ਬੱਚਿਆਂ ਦੀ ਭਰਤੀ ਨਾ ਹੋਈ ਅਤੇ ਪੈਸੇ ਵਾਪਸ ਮੰਗਣ ’ਤੇ ਕੋਈ ਤਸੱਲੀਬਖ਼ਸ਼ ਜਵਾਬ ਨਾ ਮਿਲਿਆ, ਤਾਂ ਉਸ ਨੇ ਇਸ ਦੀ ਸ਼ਿਕਾਇਤ ਉੱਚ ਅਧਿਕਾਰੀਆਂ ਨੂੰ ਕੀਤੀ।

## ਪੁਲਸ ਮੁਲਾਜ਼ਮ ਦਾ ਸ਼ਰਮਨਾਕ ਕਾਰਾ ਕਰੇਗਾ ਹੈਰਾਨ, ਡਿੱਗੀ ਗਾਜ

**ਕੌਮੀ ਪਤ੍ਰਿਕਾ**

ਫਿਲੌਰ 6 ਸਤੰਬਰ। ਨਾਬਾਲਗ ਕੁੜੀ ਨਾਲ ਹੋਏ ਜਬਰ-ਜ਼ਿਨਾਹ ਦੇ ਮਾਮਲੇ ’ਚ ਪੀੜਤਾ ਦੀ ਮਾਤਾ ਨੇ ਪੱਤਰਕਾਰ ਸਮਾਗਮ ਕਰਕੇ ਕਿਹਾ ਕਿ ਇਨਸਾਫ਼ ਲੈਣ ਲਈ ਉਨ੍ਹਾਂ ਨੂੰ ਇਕ ਮਹੀਨੇ ਤੋਂ ਜ਼ਿਆਦਾ ਦਾ ਸਮਾਂ ਲੱਗ ਗਿਆ। ਥਾਣਾ ਮੁਖੀ ਨੇ ਕਿਹਾ ਕਿ ਉਨ੍ਹਾਂ ਕੋਲ ਸ਼ਿਕਾਇਤ ਆਈ ਸੀ। ਜਾਂਚ ਕਰਨ ਤੋਂ ਬਾਅਦ ਉਨ੍ਹਾਂ ਨੇ ਮੁਲਜ਼ਮ ਮੁੰਡੇ ਨੂੰ ਗ੍ਰਿਫ਼ਤਾਰ ਕਰਕੇ ਉਸ ਨੂੰ 2 ਦਿਨ ਦੇ ਰਿਮਾਂਡ ’ਤੇ ਲਿਆ ਹੈ। ਕਾਰਵਾਈ ਵਿਚ ਦੇਰ ਕਰਨ ਅਤੇ ਔਰਤ ਦੇ ਦੋਸ਼ਾਂ ਦਾ ਸੱਚ ਜਾਣਨ ਲਈ ਐੱਸ. ਐੱਸ. ਪੀ. ਨੇ ਥਾਣਾ ਮੁਖੀ ਨੂੰ ਲਾਈਨ ਹਾਜ਼ਰ ਕੀਤਾ ਹੈ। ਪ੍ਰੈੱਸ ਕਾਨਫ਼ਰੰਸ ਕਰਕੇ ਨੇੜੇ ਦੇ ਪਿੰਡ ਦੀ ਰਹਿਣ ਵਾਲੀ ਔਰਤ ਨੇ ਦੱਸਿਆ ਕਿ ਉਸ ਦੇ ਘਰ ਦੀ ਟੂਟੀ ਖ਼ਰਾਬ ਹੋ ਗਈ, ਜਿਸ ਕਾਰਨ ਉਨ੍ਹਾਂ ਦੇ ਘਰ ਵਿਚ ਬਿਲਕੁਲ ਵੀ ਪਾਣੀ ਨਹੀਂ ਆ ਰਿਹਾ ਸੀ। ਉਸ ਦੀ 14 ਸਾਲ ਦੀ ਨਾਬਾਲਿਗ ਬੇਟੀ ਨੇ ਉਸ ਨੂੰ ਨਹਾਉਣ ਲਈ ਕਿਹਾ ਤਾਂ ਉਸ ਨੇ ਉਸ ਨੂੰ ਕਿਹਾ ਕਿ ਉਹ ਗੁਆਂਢ ਦੇ ਘਰ ਜਾ ਕੇ ਨਹਾ ਆਵੇ। ਗੁਆਂਢ ’ਚ ਰਹਿਣ ਵਾਲੀ ਔਰਤ ਨਾਲ ਉਸ ਦਾ ਪਿਆਰ ਸੀ, ਜੋ ਉਸ ਦੀ ਮੂੰਹ ਬੋਲੀ ਭੈਣ ਬਣੀ ਹੋਈ ਸੀ। ਉਸ ਦੀ ਬੇਟੀ ਗੁਆਂਢ ਦੇ ਘਰ ਵਿਚ ਨਹਾਉਣ ਚਲੀ ਗਈ ਤਾਂ ਗੁਆਂਢਣ ਦੇ ਬੇਟੇ ਨੇ ਮੌਕਾ ਪਾ ਕੇ ਉਸ ਦੀ ਨਹਾਉਂਦੇ ਸਮੇਂ ਵੀਡੀਓ ਫਿਲਮ ਬਣਾ ਲਈ। ਕੁਝ ਦਿਨ ਬਾਅਦ ਮੁੰਡੇ ਨੇ ਉਹ ਵੀਡੀਓ ਉਸ ਦੀ ਬੇਟੀ ਨੂੰ ਵਿਖਾ ਕੇ ਉਸ ਨਾਲ ਸਬੰਧ ਬਣਾਉਣ ਲਈ ਉਸ ਨੂੰ ਬਲੈਕਮੇਲ ਕਰਨ ਲੱਗ ਪਿਆ। 23 ਅਗਸਤ ਨੂੰ ਉਹ ਆਪਣੇ ਪਤੀ ਨਾਲ ਛੱਤ ’ਤੇ ਸੌਂ ਰਹੀ ਸੀ, ਜਦਕਿ ਉਸ ਦੀ ਬੇਟੀ ਥੱਲੇ ਕਮਰੇ ਵਿਚ ਇਕੱਲੀ ਸੌਂ ਰਹੀ ਸੀ। ਰਾਤ 11 ਵਜੇ ਦੇ ਕਰੀਬ ਉਸ ਨੂੰ ਬੇਟੀ ਦੇ ਚੀਕਣ ਦੀਆਂ ਆਵਾਜ਼ਾਂ ਸੁਣਾਈ ਦਿੱਤੀਆਂ, ਜਿਸ ’ਤੇ ਉਹ ਅਤੇ ਉਸ ਦਾ ਪਤੀ ਥੱਲੇ ਦੌੜ ਕੇ ਆਏ ਤਾਂ ਉਨ੍ਹਾਂ ਨੇ ਆਪਣੀ ਬੇਟੀ ਦੇ ਕਮਰੇ ’ਚ ਗੁਆਂਢਣ ਦੇ ਲੜਕੇ ਨੂੰ ਰੰਗੇ ਹੱਥੀਂ ਫੜ ਲਿਆ, ਜਿਸ ਤੋਂ ਬਾਅਦ ਪੂਰਾ ਮੁਹੱਲਾ ਜਾਗ ਗਿਆ ਅਤੇ ਸਾਬਕਾ ਸਰਪੰਚ ਵੀ ਉਥੇ ਆ ਗਿਆ। ਸਵੇਰ ਨੂੰ ਮੁੰਡੇ ਦਾ ਪਰਿਵਾਰ ਉਨ੍ਹਾਂ ਦੇ ਘਰ ਆਇਆ। ਉਨ੍ਹਾਂ ਨੇ ਆਪਣੇ ਮੁੰਡੇ ਦੀ ਗਲਤੀ ਮੰਨਦੇ ਹੋਏ ਕਿਹਾ ਕਿ ਉਸ ਦੀ ਉਮਰ ਅਜੇ 18 ਸਾਲ ਦੀ ਹੈ ਅਤੇ ਉਨ੍ਹਾਂ ਦੀ ਕੁੜੀ ਦੀ 14 ਸਾਲ ਹੈ। 4 ਸਾਲ ਬਾਅਦ ਜਦੋਂ ਉਸ ਦੀ ਬੇਟੀ ਬਾਲਗ ਹੋ ਜਾਵੇਗੀ ਤਾਂ ਉਹ ਦੋਵਾਂ ਦਾ ਵਿਆਹ ਕਰਵਾ ਦੇਣਗੇ। ਪੀੜਤ ਦੀ ਮਾਂ ਨੇ ਕਿਹਾ ਕਿ 4 ਸਾਲ ਦਾ ਲੰਬਾ ਸਮਾਂ ਸੁਣ ਕੇ ਉਸ ਨੇ ਇਨਕਾਰ ਕਰ ਦਿੱਤਾ ਅਤੇ ਮੁਲਜ਼ਮ ਲੜਕੇ ਦੀ ਸ਼ਿਕਾਇਤ ਫਿਲੌਰ ਪੁਲਸ ਕੋਲ ਕੀਤੀ। ਸ਼ਿਕਾਇਤ ਦੇਣ ਤੋਂ ਬਾਅਦ ਉਹ ਆਏ ਦਿਨ ਪੁਲਸ ਥਾਣੇ ਦੇ ਗੇੜੇ ਕੱਢਦੀ ਰਹੀ ਪਰ ਉਸ ਨੂੰ ਇਨਸਾਫ਼ ਨਹੀਂ ਮਿਲਿਆ, ਉਲਟਾ ਥਾਣਾ ਮੁਖੀ ਭੂਸ਼ਣ ਕੁਮਾਰ ਉਸ ਨੂੰ ਫੋਨ ਕਰਕੇ ਇਕੱਲੇ ਮਿਲਣ ਲਈ ਬੁਲਾਉਂਦਾ ਰਿਹਾ, ਜਿਸ ਤੋਂ ਬਾਅਦ ਉਹ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਕਾ. ਜਰਨੈਲ ਅਤੇ ਰਾਮ ਜੀ ਦਾਸ ਕੋਲ ਗਈ, ਜਿਨ੍ਹਾਂ ਨੇ ਮਾਮਲਾ ਐੱਸ. ਐੱਸ. ਪੀ. ਜਲੰਧਰ ਦੇ ਧਿਆਨ ’ਚ ਲਿਆਂਦਾ, ਜਿਨ੍ਹਾਂ ਨੇ ਥਾਣਾ ਮੁਖੀ ਨੂੰ ਲਾਈਨ ਹਾਜ਼ਰ ਕਰ ਕੇ ਮਾਮਲੇ ਦੀ ਜਾਂਚ ਬਿਠਾ ਦਿੱਤੀ। ਇਸ ਸਬੰਧੀ ਜਦੋਂ ਸਬ-ਇੰਸਪੈਕਟਰ ਭੂਸ਼ਣ ਕੁਮਾਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਨੇ ਆਪਣਾ ਪੱਖ ਰੱਖਦੇ ਹੋਏ ਦੱਸਿਆ ਕਿ ਜਿਉਂ ਹੀ ਉਨ੍ਹਾਂ ਕੋਲ ਸ਼ਿਕਾਇਤ ਆਈ, ਉਨ੍ਹਾਂ ਨੇ ਇਸ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ’ਚ ਪਹਿਲਾਂ ਸਮੱਸਿਆ ਇਹ ਆ ਰਹੀ ਸੀ ਕਿ ਜੋ ਖ਼ੁਦ ਨੂੰ ਮਾਂ ਦੱਸ ਰਹੀ ਸੀ। ਪੀੜਤ ਲੜਕੀ ਉਸ ਨੂੰ ਆਪਣੀ ਮਾਸੀ ਕਹਿ ਰਹੀ ਸੀ। ਉਨ੍ਹਾਂ ਨੂੰ ਸਮਝ ਨਹੀਂ ਆ ਰਿਹਾ ਸੀ ਕਿ ਦੋਵਾਂ ਦਾ ਆਪਸ ਵਿਚ ਕੀ ਰਿਸ਼ਤਾ ਹੈ। ਉਸ ਦੇ ਬਾਵਜੂਦ ਉਨ੍ਹਾਂ ਨੇ ਕਾਰਵਾਈ ਕਰਦੇ ਹੋਏ ਜਾਂਚ ਤੋਂ ਬਾਅਦ ਮੁਲਜ਼ਮ ਮੁੰਡੇ ’ਤੇ ਜਬਰ-ਜ਼ਿਨਾਹ ਦਾ ਕੇਸ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰਕੇ ਉਸ ਨੂੰ 2 ਦਿਨ ਦੇ ਪੁਲਸ ਰਿਮਾਂਡ ’ਤੇ ਲਿਆ। ਆਪਣੇ ’ਤੇ ਲੱਗੇ ਦੋਸ਼ਾਂ ਸਬੰਧੀ ਉਨ੍ਹਾਂ ਨੇ ਦੱਸਿਆ ਕਿ ਉਹ ਸਿਰਫ਼ ਔਰਤ ਨੂੰ ਜਾਂਚ ਵਿਚ ਸ਼ਾਮਲ ਹੋਣ ਲਈ ਫੋਨ ਕਰਦੇ ਸਨ। ਉਨ੍ਹਾਂ ਦੀ ਹੋਰ ਕੋਈ ਮਨਸ਼ਾ ਨਹੀਂ ਸੀ। ਉਨ੍ਹਾਂ ’ਤੇ ਲਾਏ ਜਾ ਰਹੇ ਦੋਸ਼ ਬੇਬੁਨਿਆਦ ਹਨ।

## ਵੱਡੀ ਵਾਰਦਾਤ ਨਾਲ ਦਹਿਲਿਆ ਪੰਜਾਬ, ਦਿਨ-ਦਿਹਾੜੇ ਕਿਸਾਨ ਦਾ ਗੋਲ਼ੀਆਂ ਮਾਰ ਕੇ ਕਤਲ

ਤਰਨਤਾਰਨ 6 ਸਤੰਬਰ। ਜ਼ਿਲ੍ਹੇ ਦੇ ਪਿੰਡ ਰੂੜੀਵਾਲਾ ਵਿਖੇ ਇਕ ਕਿਸਾਨ ਦੀ 2 ਮੋਟਰਸਾਈਕਲ ਸਵਾਰ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਇਸ ਸਬੰਧੀ ਥਾਣਾ ਚੋਹਲਾ ਸਾਹਿਬ ਦੀ ਪੁਲਸ ਨੇ ਮੌਕੇ ’ਤੇ ਪੁੱਜ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਨਾਕਾਬੰਦੀ ਕਰ ਦਿੱਤੀ ਹੈ। ਮ੍ਰਿਤਕ ਦੀ ਪਛਾਣ ਅਜੈਬ ਸਿੰਘ (50) ਪੁੱਤਰ ਮੱਸਾ ਸਿੰਘ ਨਿਵਾਸੀ ਪਿੰਡ ਰੂੜੀਵਾਲਾ ਵਜੋਂ ਹੋਈ ਹੈ। ਵਾਰਦਾਤ ਨੂੰ ਉਸ ਵੇਲੇ ਅੰਜਾਮ ਦਿੱਤਾ ਗਿਆ ਜਦੋਂ ਅਜੈਬ ਸਿੰਘ ਆਪਣੇ ਘਰ ਤੋਂ ਗੰਡੀ ਵਿੰਡ ਵਾਲੀ ਰੋਡ ਉੱਪਰ ਪੈਦਲ ਜਾ ਰਿਹਾ ਸੀ। ਲੋਕਾਂ ਦੇ ਦੱਸਣ ਅਨੁਸਾਰ ਹਮਲਾਵਰ ਮੋਟਰਸਾਈਕਲ ਉੱਪਰ ਸਵਾਰ ਸਨ ਜਿਨ੍ਹਾਂ ਵੱਲੋਂ ਕਰੀਬ ਤਿੰਨ ਫਾਇਰ ਕੀਤੇ ਗਏ। ਗੋਲੀਆਂ ਲੱਗਣ ਕਾਰਨ ਕਿਸਾਨ ਅਜੈਬ ਸਿੰਘ ਦੀ ਮੌਤ ਹੋ ਗਈ। ਇਸ ਵਾਰਦਾਤ ਦੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਚੋਹਲਾ ਸਾਹਿਬ ਦੇ ਮੁਖੀ ਬਲਜਿੰਦਰ ਸਿੰਘ ਸਮੇਤ ਪੁਲਸ ਪਾਰਟੀ ਮੌਕੇ ’ਤੇ ਪੁੱਜੇ ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਵਿਦਿਆਰਥੀਆਂ ਨਾਲ ਭਰੀ ਸਕੂਲ ਬੱਸ ’ਤੇ ਫਾਈਰਿੰਗ, ਮਚ ਗਿਆ ਚੀਕ-ਚਿਹਾੜਾ

ਨੈਸ਼ਨਲ ਡੈਸਕ 6 ਸਤੰਬਰ। ਬਿਹਾਰ ਦੇ ਗਯਾਜੀ ਵਿੱਚ ਵੀਰਵਾਰ ਸਵੇਰੇ ਅਪਰਾਧੀਆਂ ਨੇ ਇੱਕ ਸਕੂਲ ਬੱਸ ਡਰਾਈਵਰ ਨੂੰ ਗੋਲੀ ਮਾਰ ਕੇ ਜ਼ਖਮੀ ਕਰ ਦਿੱਤਾ। ਦੱਸਿਆ ਜਾ ਰਿਹਾ ਹੈ ਕਿ ਜ਼ਖਮੀ ਵਿਅਕਤੀ ਇੱਕ ਨਿੱਜੀ ਸਕੂਲ ਬੱਸ ਡਰਾਈਵਰ ਸੀ। ਡਰਾਈਵਰ ਬੱਚਿਆਂ ਨਾਲ ਭਰੀ ਬੱਸ ਨੂੰ ਸਕੂਲ ਚਲਾ ਰਿਹਾ ਸੀ। ਅਪਰਾਧੀਆਂ ਨੇ ਬੱਸ ਨੂੰ ਓਵਰਟੇਕ ਕਰਕੇ ਉਸ ’ਤੇ ਹਮਲਾ ਕਰ ਦਿੱਤਾ। ਜਾਣਕਾਰੀ ਅਨੁਸਾਰ, ਇਹ ਘਟਨਾ ਇਮਾਮਗੰਜ ਬਲਾਕ ਦੇ ਭਦਵਾਰ ਥਾਣਾ ਖੇਤਰ ਵਿੱਚ ਬਿਸ਼ਨਪੁਰ-ਰਾਮਦੋਹਰ ਮੁੱਖ ਸੜਕ ’ਤੇ ਵਾਪਰੀ। ਬੱਸ ਡਰਾਈਵਰ ਦੀ ਪਛਾਣ ਟੌਂਟਨ ਕੁਮਾਰ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਡਰਾਈਵਰ ਬੱਚਿਆਂ ਨਾਲ ਭਰੀ ਬੱਸ ਨੂੰ ਸਕੂਲ ਚਲਾ ਰਿਹਾ ਸੀ ਜਦੋਂ ਅਪਰਾਧੀਆਂ ਨੇ ਉਸ ’ਤੇ ਹਮਲਾ ਕੀਤਾ। ਹਮਲਾਵਰਾਂ ਨੇ ਉਸਨੂੰ ਸੜਕ ਤੋਂ ਉਤਾਰ ਦਿੱਤਾ ਅਤੇ ਉਸਦੀ ਛਾਤੀ ਵਿੱਚ ਗੋਲੀ ਮਾਰ ਦਿੱਤੀ, ਜਿਸ ਨਾਲ ਉਹ ਗੰਭੀਰ ਜ਼ਖ਼ਮੀ ਹੋ ਗਿਆ। ਅਪਰਾਧ ਕਰਨ ਤੋਂ ਬਾਅਦ ਅਪਰਾਧੀ ਭੱਜ ਗਏ। ਬੱਸ ਵਿੱਚ ਸਵਾਰ ਬੱਚੇ ਇਸ ਭਿਆਨਕ ਘਟਨਾ ਤੋਂ ਘਬਰਾ ਗਏ। ਡਰਾਈਵਰ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ। ਪੁਲਸ ਮੌਕੇ ’ਤੇ ਪਹੁੰਚੀ ਅਤੇ ਘਟਨਾ ਸਥਾਨ ਤੋਂ ਗੋਲੀ ਦਾ ਖੋਲ ਬਰਾਮਦ ਕੀਤਾ। ਪੁਲਸ ਫਿਲਹਾਲ ਅਪਰਾਧੀਆਂ ਦੀ ਪਛਾਣ ਕਰਨ ਲਈ ਨੇੜਲੇ ਸੀਸੀਟੀਵੀ ਫੁਟੇਜ ਦੀ ਜਾਂਚ ਕਰ ਰਹੀ ਹੈ। ਇਸ ਘਟਨਾ ਨੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

## ਲਗਜ਼ਰੀ ਬੱਸ ਨੇ ਲੈ ਲਈ ਜਵਾਕ ਦੀ ਜਾਨ ! ਆਟੋਮੈਟਿਕ ਦਰਵਾਜ਼ੇ ’ਚ ਧੌਣ ਫ਼ਸਣ ਕਾਰਨ ਹੋਈ ਦਰਦਨਾਕ ਮੌਤ

**ਕੌਮੀ ਪਤ੍ਰਿਕਾ**

ਵਡੋਦਰਾ 6 ਸਤੰਬਰ। ਗੁਜਰਾਤ ਦੇ ਵਡੋਦਰਾ ਦੇ ਸੂਰਿਆ ਨਗਰ-ਤਰਸਾਲੀ ਬਾਈਪਾਸ ਅਤੇ ਧਨਿਆਵੀ ਨੂੰ ਜੋੜਨ ਵਾਲੀ ਸੜਕ ’ਤੇ ਇੱਕ ਮੁਰੰਮਤ ਕੇਂਦਰ ’ਤੇ ਖੜ੍ਹੀ ਲਗਜ਼ਰੀ ਬੱਸ ਦੇ ਆਟੋਮੈਟਿਕ ਦਰਵਾਜ਼ੇ ਵਿੱਚ ਸੱਤ ਸਾਲ ਦੇ ਬੱਚੇ ਦੀ ਗਰਦਨ ਫਸ ਜਾਣ ਕਾਰਨ ਕਥਿਤ ਤੌਰ ’ਤੇ ਮੌਤ ਹੋ ਗਈ। ਇਸ ਘਟਨਾ ਦੇ ਵਾਪਰਨ ਤੋਂ ਬਾਅਦ ਉਕਤ ਸਥਾਨ ’ਤੇ ਹਫੜਾ-ਦਫੜੀ ਮਚ ਗਈ। ਜਾਣਕਾਰੀ ਮੁਤਾਬਕ ਇਸ ਹਾਦਸੇ ਦਾ ਸ਼ਿਕਾਰ ਹੋਇਆ ਇਹ ਬੱਚਾ ਪ੍ਰਸ਼ਾਦ ਲੈ ਕੇ ਆਉਣ ਦਾ ਕਹਿ ਕੇ ਘਰੋਂ ਨਿਕਲਿਆ ਸੀ। ਇਸ ਘਟਨਾ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ ਹੈ। ਉਸ ਦੇ ਮਾਤਾ-ਪਿਤਾ ਸਦਮੇ ਵਿਚ ਹਨ। ਇਸ ਘਟਨਾ ਨਾਲ ਘਰ ਦਾ ਮਾਹੌਲ ਗਮਗੀਨ ਹੋ ਗਿਆ। ਦੂਜੇ ਪਾਸੇ ਇਸ ਘਟਨਾ ਦੀ




ਸੀਸੀਟੀਵੀ ਵੀਡੀਓ ਵੀ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਕਿਵੇਂ ਬੱਚਾ ਬੱਸ ਦੇ ਆਟੋਮੈਟਿਕ ਦਰਵਾਜ਼ੇ ਵਿਚ ਫਸ ਜਾਂਦਾ ਹੈ ਅਤੇ ਉਸ ਦੀ ਮੌਤ ਹੋ ਜਾਂਦੀ ਹੈ। ਬੱਚੇ ਨੂੰ ਬੱਸ ਦੇ ਦਰਵਾਜ਼ੇ ਵਿਚ ਫਸਿਆ ਹੋਇਆ ਦੇਖ ਇਕ ਕਾਰ ਚਾਲਕ ਦੇਖ ਲੈਂਦਾ ਹੈ, ਜੋ ਮੌਕੇ ’ਤੇ ਬੱਸ ਦਾ ਦਰਵਾਜ਼ਾ ਖੋਲ੍ਹਦਾ ਹੈ ਪਰ ਉਦੋਂ ਤੱਕ ਉਸ ਦੀ ਮੌਤ ਹੋ ਗਈ ਸੀ। ਹਾਲਾਂਕਿ, ਘਟਨਾ ਦੇ ਆਲੇ ਦੁਆਲੇ ਮਹੱਤਵਪੂਰਨ ਸਮੇਂ ਨੂੰ ਕਵਰ ਕਰਨ ਵਾਲੀ ਲਗਭਗ 15 ਮਿੰਟ ਦੀ ਫੁਟੇਜ ਕਥਿਤ ਤੌਰ ’ਤੇ ਗਾਇਬ ਦੱਸੀ ਜਾ ਰਹੀ ਹੈ। ਬੱਚੇ ਦੀ ਮੌਤ ਦੀ ਵੀਡੀਓ ਦਾ ਅਜਿਹਾ ਦ੍ਰਿਸ਼ ਦੇਖ ਕੇ ਲੋਕ ਹੈਰਾਨ ਹੋ ਗਏ। ਘਟਨਾ ਸਥਾਨ ’ਤੇ ਪਹੁੰਚੀ ਕਪੂਰਾਈ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਬੱਚੇ ਦੀ ਮੌਤ ਦੇ ਕਾਰਨਾਂ ਦੀ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਐਂਬੂਲੈਂਸ ਰਾਹੀਂ ਬੱਚੇ ਨੂੰ ਵਡੋਦਰਾ ਦੇ ਐਸਐਸਜੀ ਹਸਪਤਾਲ ਲਿਜਾਇਆ ਗਿਆ, ਜਿਥੇ ਡਾਕਟਰਾਂ ਨੇ ਸ਼ੁਰੂਆਤੀ ਜਾਂਚ ਤੋਂ ਬਾਅਦ ਉਸਨੂੰ ਮ੍ਰਿਤਕ ਐਲਾਨ ਦਿੱਤਾ।

## ਪੰਜਾਬ ’ਚ ‘ਰਾਈਟ ਟੂ ਐਜੂਕੇਸ਼ਨ’ ਹੋਇਆ ਫੇਲ੍ਹ? ਸਕੂਲ ਅਲਾਟ ਹੋਣ ਦੇ ਬਾਵਜੂਦ 17 ਬੱਚੇ ਦਾਖ਼ਲੇ ਤੋਂ ਵਾਂਝੇ

ਚੰਡੀਗੜ੍ਹ 6 ਸਤੰਬਰ। ਪੰਜਾਬ ਵਿਚ ਸਿੱਖਿਆ ਦਾ ਅਧਿਕਾਰ ਐਕਟ ਦੇ ਤਹਿਤ ਬੱਚਿਆਂ ਨੂੰ ਸਕੂਲਾਂ ਵਿਚ ਦਾਖਲੇ ਤੋਂ ਵਾਂਝੇ ਰੱਖਿਆ ਜਾ ਰਿਹਾ ਹੈ। ਸਾਲ 2026-27 ਅਕਾਦਮਿਕ ਸੈਸ਼ਨ ਦੌਰਾਨ ਪੰਜਾਬ ਦੇ ਆਨਲਾਈਨ ‘ਰਾਈਟ ਟੂ ਐਜੂਕੇਸ਼ਨ’ (ਆਰ. ਟੀ. ਈ.) ਐਡਮਿਸ਼ਨ ਪੋਰਟਲ ਦੇ ਮਾਧਿਅਮ ਨਾਲ ਸਕੂਲ ਅਲਾਟ ਹੋਣ ਤੋਂ ਬਾਅਦ ਵੀ ਲੁਧਿਆਣਾ, ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਬਰਨਾਲਾ, ਮੋਹਾਲੀ, ਖਰੜ ਦੇ 17 ਬੱਚਿਆਂ ਨੂੰ ਸਕੂਲ ਅਲਾਟਮੈਂਟ ਤੋਂ ਬਾਅਦ ਵੀ ਦਾਖਲਾ ਨਹੀਂ ਦਿੱਤਾ ਗਿਆ ਹੈ। ਸਕੂਲਾਂ ਵਿਚ ਦਾਖਲਾ ਨਾ ਹੋਣ ਕਾਰਨ ਬਹੁਤ ਸਾਰੇ ਬੱਚਿਆਂ ਦਾ ਭਵਿੱਖ ਖਤਰੇ ’ਚ ਆ ਗਿਆ ਹੈ। ਬੱਚਿਆਂ ਦੇ ਦਾਖਲੇ ’ਚ ਹੋ ਰਹੀ ਦੇਰੀ ਨੂੰ ਲੈ ਕੇ ਐਕਸ਼ਨ ਕਮੇਟੀ ਫਾਰ ਆਰ. ਟੀ. ਈ. ਐਕਟ, 2009 ਨੇ ਪੰਜਾਬ ਦੇ ਸਕੂਲ ਡਾਇਰੈਕਟਰ (ਐਲੀਮੈਂਟਰੀ) ਤੋਂ ਮਾਮਲੇ ’ਚ ਧਿਆਨ ਦੇਣ ਦੀ ਮੰਗ ਕੀਤੀ ਹੈ। ਸਾਬਕਾ ਐਡੀਸ਼ਨਲ ਡਿਪਟੀ ਕੰਟਰੋਲਰ ਅਤੇ ਆਡੀਟਰ ਜਨਰਲ ਅਤੇ ਐਕਸ਼ਨ ਕਮੇਟੀ ਦੇ ਕਨਵੀਨਰ ਓਮਕਾਰ ਨਾਥ ਨੇ ਸਕੂਲ ਡਾਇਰੈਕਟਰ ਨੂੰ ਭੇਜੇ ਪੱਤਰ ’ਚ ਲਿਖਿਆ ਹੈ ਕਿ ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਦੇ ਤਹਿਤ ਬੱਚਿਆਂ ਦੇ ਦਾਖਲੇ ਦੇ ਮਾਮਲਿਆਂ ਵਿਚ ਤੁਰੰਤ ਕਾਰਵਾਈ ਕੀਤੀ ਜਾਵੇ। ਓਮਕਾਰ ਨਾਥ ਨੇ 1 ਸਤੰਬਰ ਨੂੰ ਭੇਜੇ ਪੱਤਰ ’ਚ ਲਿਖਿਆ ਹੈ ਕਿ ਇਸ ਤੋਂ ਪਹਿਲਾਂ ਉਹ ਇਸ ਬਾਰੇ 6 ਜੁਲਾਈ, 16 ਜੁਲਾਈ ਅਤੇ 24 ਜੁਲਾਈ ਨੂੰ ਵੀ ਪੱਤਰ ਭੇਜ ਚੁੱਕੇ ਹਨ। ਉਨ੍ਹਾਂ ਲਿਖਿਆ ਕਿ 20 ਜੁਲਾਈ ਨੂੰ ਡਾਇਰੈਕਟਰ ਦੇ ਦਫਤਰ ਵਿਚ ਹੋਈ ਬੈਠਕ ’ਚ ਵੀ ਇਸ ਵਿਸ਼ੇ ’ਤੇ ਚਰਚਾ ਕੀਤੀ ਗਈ ਸੀ। ਇਸ ਦੇ ਬਾਵਜੂਦ ਅਨੇਕਾਂ ਮਾਮਲੇ ਅਜੇ ਵੀ ਲੰਬਿਤ ਹਨ।

## ਕਪੂਰਥਲਾ ਪੁਲਸ ਨੇ ਫਾਇਰਿੰਗ ਦੇ ਦੋ ਮਾਮਲੇ ਸੁਲਝਾਏ, 2 ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਕਪੂਰਥਲਾ 6 ਸਤੰਬਰ। ਕਪੂਰਥਲਾ ਪੁਲਸ ਨੇ ਕਸਬਾ ਕਾਲਾ ਸੰਘਿਆ ਵਿਚ ਇਕ ਦੁਕਾਨ ’ਤੇ ਫਾਇਰਿੰਗ ਅਤੇ ਸੁਲਤਾਨਪੁਰ ਲੋਧੀ ਖੇਤਰ ਵਿਚ ਇਕ ਨੌਜਵਾਨ ’ਤੇ ਹੋਏ ਕਾਤਲਾਨਾ ਹਮਲੇ ਦੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਦੋਵਾਂ ਮਾਮਲਿਆਂ ਨੂੰ ਸੁਲਝਾਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ. ਪੀ. (ਡੀ.) ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ 8 ਅਗਸਤ 2026 ਨੂੰ ਪਿੰਡ ਕਾਲਾ ਸੰਘਿਆ ਵਿਚ ਲੂੰਬਾ ਹੈਂਡਲੂਮ ਦੀ ਦੁਕਾਨ ’ਤੇ ਮੋਟਰਸਾਈਕਲ ’ਤੇ ਸਵਾਰ ਦੋ ਅਣਪਛਾਤੇ ਮੁਲਜ਼ਮਾਂ ਨੇ ਰਾਤ 1 ਵਜੇ ਦੇ ਕਰੀਬ ਫਾਇਰਿੰਗ ਕੀਤੀ ਸੀ। ਘਟਨਾ ’ਤੇ ਕਾਰਵਾਈ ਕਰਦੇ ਹੋਏ ਥਾਣਾ ਸਦਰ ਕਪੂਰਥਲਾ ਦੀ ਪੁਲਸ ਨੇ ਕੁਲਦੀਪ ਕੁਮਾਰ ਲੂੰਬਾ ਪੁੱਤਰ ਸੁਭਾਸ਼ ਚੰਦਰ ਲੂੰਬਾ ਦੀ ਸ਼ਿਕਾਇਤ ’ਤੇ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਸੀ। ਐੱਸ. ਪੀ. (ਡੀ.) ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਐੱਸ. ਐੱਸ. ਪੀ. ਕਪੂਰਥਲਾ ਗੌਰਵ ਤੂਰਾ ਨੇ ਆਪਣੀ ਨਿਗਰਾਨੀ ਹੇਠ ਇਕ ਵਿਸ਼ੇਸ਼ ਟੀਮ ਬਣਾਈ, ਜਿਸ ’ਚ ਡੀ. ਐੱਸ. ਪੀ. (ਸਬ ਡਿਵੀਜ਼ਨ) ਡਾ. ਸ਼ੀਤਲ ਸਿੰਘ, ਡੀ. ਐੱਸ. ਪੀ. (ਐੱਨ. ਡੀ. ਪੀ. ਐੱਸ.) ਕਪੂਰਥਲਾ ਸੁਖਪਾਲ ਸਿੰਘ, ਜੋ ਅੱਜਕਲ੍ਹ ਡੀ. ਐੱਸ. ਪੀ. (ਡੀ.) ਦਾ ਚਾਰਜ ਸੰਭਾਲ ਰਹੇ ਹਨ, ਨੂੰ ਜਾਂਚ ਦੇ ਹੁਕਮ ਦਿੱਤੇ। ਜਿਸ ’ਤੇ ਕੰਮ ਕਰਦੇ ਹੋਏ ਸੀ. ਆਈ. ਏ. ਸਟਾਫ਼ ਕਪੂਰਥਲਾ ਦੇ ਇੰਚਾਰਜ ਇੰਸਪੈਕਟਰ ਰਮਨ ਕੁਮਾਰ, ਥਾਣਾ ਸਦਰ ਕਪੂਰਥਲਾ ਦੇ ਐੱਸ. ਐੱਚ. ਓ. ਮੇਜਰ ਸਿੰਘ, ਚੌਂਕੀ ਇੰਚਾਰਜ ਕਾਲਾ ਸੰਘਿਆ ਅਮਰਜੀਤ ਸਿੰਘ ਤੇ ਟੈਕਨੀਕਲ ਸੈੱਲ ਦੇ ਇੰਚਾਰਜ ਚਰਨਜੀਤ ਸਿੰਘ ਨੇ ਵੱਡੀ ਸਫਲਤਾ ਹਾਸਲ ਕਰਦੇ ਹੋਏ ਮੁਲਜ਼ਮਾਂ ਦੀ ਪਹਿਚਾਣ ਕਰ ਲਈ। ਇਸ ਦੌਰਾਨ ਇਕ ਮੁਲਜ਼ਮ ਅਮਰਜੀਤ ਸਿੰਘ




ਪੁੱਤਰ ਬਲਵਿੰਦਰ ਸਿੰਘ ਵਾਸੀ ਸ਼ਾਹਲੇ ਚੱਕ ਥਾਣਾ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਜਾਂਚ ਦੌਰਾਨ ਖ਼ੁਲਾਸਾ ਹੋਇਆ ਕਿ ਸ਼ਿਕਾਇਤ ਕਰਤਾ ਕੁਲਦੀਪ ਕੁਮਾਰ ਲੂੰਬਾ ਦਾ ਲੜਕਾ ਇੰਗਲੈਂਡ ਵਿਚ ਰਹਿੰਦਾ ਹੈ, ਉਸਦਾ ਕਰਨਦੀਪ ਸਿੰਘ ਉਰਫ਼ ਹੀਰਾ ਸਿੰਘ ਵਾਸੀ ਦੇਰੀਆਵਾਲ ਥਾਣਾ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਨਾਲ ਪੈਸਿਆਂ ਦਾ ਲੈਣ ਦੇਣ ਬਕਾਇਆ ਸੀ, ਜਿਸ ਦੌਰਾਨ ਕਰਨਦੀਪ ਸਿੰਘ ਦੇ ਭਰਾ ਹਰਮਨਦੀਪ ਸਿੰਘ ਦੇ ਕਹਿਣ ’ਤੇ ਕੁਲਦੀਪ ਕੁਮਾਰ ਲੂੰਬਾ ਦੀ ਦੁਕਾਨ ’ਤੇ ਗੋਲੀਆਂ ਚਲਾਈਆਂ ਗਈਆਂ ਸਨ। ਐੱਸ. ਪੀ. (ਡੀ.) ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਮਾਮਲੇ ਵਿਚ ਸ਼ਾਮਲ ਦੂਜੇ ਮੁਲਜ਼ਮ ਦੀ ਵੀ ਪਛਾਣ ਕਰ ਲਈ ਗਈ ਹੈ ਅਤੇ ਉਸ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਦੂਜੇ ਪਾਸੇ 16 ਅਗਸਤ 2026 ਨੂੰ ਸੁਖਦੀਪ ਸਿੰਘ ਪੁੱਤਰ ਜੱਸਾ ਸਿੰਘ ਵਾਸੀ ਪਿੰਡ ਸਰਦੂਲਪੁਰ ਥਾਣਾ ਕਬੀਰਪੁਰ ਜ਼ਿਲਾ ਕਪੂਰਥਲਾ ’ਤੇ ਜੋਬਨਪ੍ਰੀਤ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਪਿੰਡ ਮਿਆਣੀ ਬਹਾਦਰ ਥਾਣਾ ਸੁਲਤਾਨਪੁਰ ਲੋਧੀ, ਹਰਦੀਪ ਸਿੰਘ ਸੈਣੀ ਪੁੱਤਰ ਸੁਰਿੰਦਰ ਸਿੰਘ ਸੈਣੀ ਵਾਸੀ ਭੀਮ ਕਦੀਮ ਥਾਣਾ ਕਬੀਰਪੁਰ ਤੇ ਬਾਗਾ ਪੁੱਤਰ ਬਲਵਿੰਦਰ ਸਿੰਘ ਉਰਫ਼ ਬਿੰਦਾ ਵਾਸੀ ਬੰਦੂ ਕਦੀਮ ਥਾਣਾ ਕਬੀਰਪੁਰ ਜ਼ਿਲ੍ਹਾ ਕਪੂਰਥਲਾ ਨੇ ਅਣਪਛਾਤੇ ਵਿਅਕਤੀਆਂ ਨਾਲ ਮਿਲ ਕੇ ਉਸ ਦੀ ਕੁੱਟਮਾਰ ਕਰਨ ਤੋਂ ਬਾਅਦ ਮਾਰ ਦੇਣ ਦੀ ਨੀਅਤ ਨਾਲ ਗੋਲ਼ੀਆਂ ਚਲਾਈਆਂ ਸਨ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰੀਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਚਿੱਟੇ ਤੋਂ ਬਾਅਦ ਹੁਣ ਅੰਮ੍ਰਿਤਸਰ 'ਚ ਗਾਂਜੇ ਦੀ ਐਂਟਰੀ, ਸੁਰੱਖਿਆ ਏਜੰਸੀਆਂ ਲਈ ਚਿੰਤਾ ਦਾ ਵਿਸ਼ਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 6 ਸਤੰਬਰ। ਸਰਹੱਦੀ ਪਿੰਡ ਭੁਰਜ ਵਿਚ 3 ਕਿਲੋ ਆਈਸ ਡਰੱਗਜ਼ ਅਤੇ ਹੁਣ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਦੋ ਯਾਤਰੀਆਂ ਤੋਂ 3.5 ਕਿਲੋ ਗਾਂਜਾ ਬਰਾਮਦ ਕੀਤੇ ਜਾਣ ਨੇ ਇਹ ਸਵਾਲ ਖੜ੍ਹੇ ਕਰ ਦਿੱਤੇ ਹਨ ਕਿ ਆਖਿਰਕਾਰ ਇਸ ਤਰ੍ਹਾਂ ਦੇ ਨਸ਼ੀਲੇ ਪਦਾਰਥ ਕੌਣ ਮੰਗਵਾ ਰਿਹਾ ਹੈ? ਅੰਮ੍ਰਿਤਸਰ ਦੀ ਗੱਲ ਕਰੀਏ ਤਾਂ ਚਿੱਟੇ ਤੋਂ ਬਾਅਦ ਇੱਥੇ ਵੀ ਗਾਂਜਾ ਅਤੇ ਆਈਸ ਡਰੱਗਜ਼ ਦਾ ਪ੍ਰਚਲਨ ਵਧ ਰਿਹਾ ਹੈ। ਮਹਾਨਗਰ ਵਿਚ ਕੁਝ ਬਾਰਾਂ ਹਨ, ਜਿੱਥੇ ਪਾਰਟੀਆਂ ਦੇਰ ਰਾਤ ਤਕ ਜਾਰੀ ਰਹਿੰਦੀਆਂ ਹਨ ਅਤੇ ਸੂਤਰਾਂ ਤੋਂ ਪਤਾ ਚੱਲਦਾ ਹੈ ਕਿ ਇਨ੍ਹਾਂ ਬਾਰਾਂ ਵਿਚ ਹੁੱਕੇ ਤੋਂ ਲੈ ਕੇ ਹੋਰ ਤਰ੍ਹਾਂ ਦੇ ਨਸ਼ੇ ਵੀ ਚੱਲਦੇ ਹਨ। ਫਿਲਹਾਲ ਇਹ ਸੁਰੱਖਿਆ ਏਜੰਸੀਆਂ ਲਈ ਜਾਂਚ ਦਾ ਵਿਸ਼ਾ ਹੈ। ਕੇਂਦਰੀ ਏਜੰਸੀ ਐੱਨ. ਸੀ. ਬੀ. ਨੇ ਹਾਲ ਹੀ ਵਿਚ ਕੁਝ ਅਜਿਹੀਆਂ ਬਾਰਾਂ 'ਤੇ ਛਾਪੇਮਾਰੀ ਕੀਤੀ ਹੈ ਅਤੇ ਆਬਕਾਰੀ ਵਿਭਾਗ ਵਲੋਂ ਦੇਰ ਰਾਤ ਤਕ ਪਾਰਟੀਆਂ ਕਰਵਾਉਣ ਵਾਲਿਆਂ ਬਾਰਾਂ 'ਤੇ ਕਾਰਵਾਈ ਵੀ ਕੀਤੀ ਚੁੱਕੀ ਹੈ। ਗਾਂਜੇ ਦੀ ਗੱਲ ਕਰੀਏ ਤਾਂ ਅੰਮ੍ਰਿਤਸਰ ਹਵਾਈ ਅੱਡੇ 'ਤੇ ਇਹ ਕੋਈ ਨਵਾਂ ਮਾਮਲਾ ਨਹੀਂ ਹੈ। ਇਸ ਤੋਂ ਪਹਿਲਾਂ ਮਾਰਚ ਵਿਚ ਮਲੇਸ਼ੀਆ ਤੋਂ ਇਕ ਉਡਾਣ ਵਿਚ ਸਵਾਰ ਅਮਨਦੀਪ ਸਿੰਘ ਨਾਂ ਦੇ ਨੌਜਵਾਨ ਦੇ ਸਾਮਾਨ ਵਿਚੋਂ 8 ਕਰੋੜ ਰੁਪਏ ਦਾ ਗਾਂਜਾ ਫੜਿਆ ਗਿਆ ਸੀ, ਜੋ ਵਧੀਆ ਕੁਆਲਿਟੀ ਦਾ ਸੀ। ਜਾਣਕਾਰੀ ਅਨੁਸਾਰ ਅਮਨਦੀਪ ਸਿੰਘ ਨੇ ਗਾਂਜੇ ਦੀ ਖੇਪ ਬੈਂਕਾਕ ਤੋਂ ਪ੍ਰਾਪਤ ਕੀਤੀ ਸੀ ਕਿਉਂਕਿ ਬੈਂਕਾਕ ਤੋਂ ਭਾਰਤ ਵਿਚ ਆਉਣ ਵਾਲੀਆਂ ਉਡਾਣਾਂ ਸੁਰੱਖਿਆ ਏਜੰਸੀਆਂ ਦੇ ਰਡਾਰ 'ਤੇ ਰਹਿੰਦੀਆਂ ਹਨ ਅਤੇ ਇਸ ਉਡਾਣ ਵਿਚ ਸਵਾਰ ਯਾਤਰੀਆਂ ਦੀ ਚੈਕਿੰਗ ਵੀ ਆਮ ਤੌਰ ਦੀਆਂ ਉਡਾਣਾਂ ਦੀ ਤੁਲਨਾ ਵਿਚ ਵੀ ਜ਼ਿਆਦਾ ਰਹਿੰਦੀ ਹੈ। ਅਮਨਦੀਪ ਸਿੰਘ ਨੂੰ ਗਾਂਜੇ ਦੀ ਖੇਪ ਨਾਲ ਬੈਂਕਾਕ ਤੋਂ ਮਲੇਸ਼ੀਆ ਭੇਜਿਆ ਗਿਆ, ਤਾਂ ਜੋ ਕਸਟਮ ਵਿਭਾਗ ਨੂੰ ਜ਼ਿਆਦਾ ਸ਼ੱਕ ਨਾ ਹੋਵੇ ਅਤੇ ਗਾਂਜੇ ਦੀ ਖੇਪ ਆਸਾਨੀ ਨਾਲ ਅੰਮ੍ਰਿਤਸਰ ਏਅਰਪੋਰਟ 'ਤੇ ਪੁੱਜ ਸਕੇ। ਅਮਨਦੀਪ ਦੀ ਉਮਰ ਸਿਰਫ 21 ਸਾਲ ਦੀ ਸੀ। ਅਮਨਦੀਪ ਦੀ ਗ੍ਰਿਫਤਾਰੀ ਤੋਂ ਬਾਅਦ ਦੀ ਜਾਂਚ ਉਪਰੰਤ ਕਸਟਮ ਵਿਭਾਗ ਦੀ ਟੀਮ ਨੇ ਅਮਨਦੀਪ ਦੇ ਇਕ ਹੋਰ ਸਾਥੀ ਨੂੰ ਗ੍ਰਿਫਤਾਰ ਕੀਤਾ ਸੀ, ਜੋ ਕੋਲਕਾਤਾ ਦਾ ਰਹਿਣ ਵਾਲਾ ਸੀ। ਇਸ ਦਾ ਕੰਮ ਹੀ ਬੇਰੋਜ਼ਗਾਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਨੌਜਵਾਨਾਂ ਨੂੰ ਪੈਸਿਆਂ ਦੇ ਲਾਲਚ ਵਿਚ ਫਸਾ ਕੇ ਸਮੱਗਲਰ ਬਣਾਉਣਾ ਸੀ। ਫਿਲਹਾਲ ਕਸਟਮ ਵਿਭਾਗ ਵੀ ਇਸ ਮਾਮਲੇ ਨੂੰ ਕਾਫੀ ਗੰਭੀਰਤਾ ਨਾਲ ਲੈ ਰਿਹਾ ਹੈ ਅਤੇ ਇਹ ਵੀ ਜਾਣਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਗਾਂਜੇ ਨੂੰ ਪੰਜਾਬ ਵਿਚ ਹੀ ਖਪਤ ਕੀਤਾ ਜਾਣਾ ਸੀ ਜਾਂ ਹੋਰ ਸੂਬਿਆਂ ਵਿਚ ਇਸ ਦੀ ਸਪਲਾਈ ਕੀਤੀ ਜਾਣੀ ਸੀ। ਹਾਂਲਾਕਿ ਇਸ ਗੱਲ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ ਹੈ ਕਿ ਕੁਝ ਵੱਡੇ ਹੋਟਲਾਂ ਵਿਚ ਗਾਂਜਾ, ਹਸ਼ੀਸ਼, ਕੋਕੀਨ ਅਤੇ ਹੋਰ ਤਰ੍ਹਾਂ ਦੇ ਨਸ਼ਿਆਂ ਦੀ ਵਰਤੋਂ ਨੌਜਵਾਨ ਅਤੇ ਹੋਰ ਲੋਕ ਕਰਦੇ ਹਨ। ਪਾਕਿਸਤਾਨ ਵਰਗੇ ਦੇਸ਼ ਕਿਸ ਹੱਦ ਤਕ ਸਰਹੱਦੀ ਪਿੰਡਾਂ ਵਿਚ ਰਹਿਣ ਵਾਲੇ ਨੌਜਵਾਨਾਂ ਨੂੰ ਹੈਰੋਇਨ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਸਮੱਗਲਿੰਗ ਕਰਨ ਲਈ ਆਪਣਾ ਸ਼ਿਕਾਰ ਬਣਾ ਰਹੇ ਹਨ, ਇਸ ਦਾ ਅੰਦਾਜ਼ਾ ਇਸ ਤੱਥ ਤੋਂ ਲਾਇਆ ਜਾ ਸਕਦਾ ਹੈ ਕਿ ਬੀ. ਐੱਸ. ਐੱਫ., ਏ. ਐੱਨ. ਟੀ. ਐੱਫ. (ਨਾਰਕੋਟਿਕਸ ਵਿਰੋਧੀ ਟਾਸਕ ਫੋਰਸ), ਐੱਸ. ਐੱਸ. ਬੀ. ਅਤੇ ਪੁਲਸ ਵਲੋਂ ਦਰਜਨਾਂ ਸਮੱਗਲਰ ਹੈਰੋਇਨ ਦੀ ਖੇਪ ਨਾਲ ਫੜੇ ਗਏ ਹਨ। ਗ੍ਰਿਫਤਾਰ ਕੀਤੇ ਗਏ ਸਾਰੇ ਸਮੱਗਲਰ 18 ਤੋਂ 25 ਸਾਲ ਦੀ ਉਮਰ ਦੇ ਹਨ। ਇਹ ਨੌਜਵਾਨ ਘੱਟ ਮਿਹਨਤ ਨਾਲ ਜ਼ਿਆਦਾ ਪੈਸੇ ਕਮਾਉਣ ਦੇ ਲਾਲਚ ਵਿਚ ਸਮੱਗਲਰਾਂ ਦਾ ਸ਼ਿਕਾਰ ਬਣ ਜਾਂਦੇ ਹਨ ਅਤੇ ਫਿਰ ਸਾਰੀ ਜ਼ਿੰਦਗੀ ਵੱਡੇ ਸਮੱਗਲਰਾਂ ਦੇ ਗੁਲਾਮ ਬਣ ਕੇ ਬਿਤਾਉਂਦੇ ਹਨ ਕਿਉਂਕਿ ਇਕ ਵਾਰ ਫੜੇ ਜਾਣ 'ਤੇ ਜਦੋਂ ਜੇਲ ਚਲੇ ਜਾਂਦੇ ਹਨ ਤਾਂ ਜੇਲ ਵਿਚੋਂ ਜ਼ਿਆਦਾ ਨੈੱਟਵਰਕ ਬਣਾ ਕੇ ਵਾਪਸ ਆਉਂਦੇ ਹਨ। ਗਾਂਜੇ ਅਤੇ ਇਸ ਦੇ ਨਾਲ ਵਾਲੇ ਨਸ਼ਿਆਂ ਦੀ ਗੱਲ ਕਰੀਏ ਤਾਂ ਪਤਾ ਲੱਗਦਾ ਹੈ ਕਿ ਜ਼ਿਆਦਾਤਰ ਹਿੱਲ ਸਟੇਸ਼ਨਾਂ ਵਿਚ ਜਿੱਥੇ ਵਿਦੇਸ਼ਾਂ ਵਿਚ ਟੂਰਿਸਟ ਆ ਕੇ ਕਾਫੀ ਸਮਾਂ ਬਤੀਤ ਕਰਦੇ ਹਨ, ਅਜਿਹੇ ਹਿੱਲ ਸਟੇਸ਼ਨਾਂ ਵਿਚ ਗਾਂਜਾ, ਆਈਸ ਡਰੱਗਜ਼, ਚਰਸ ਅਤੇ ਕੋਕੀਨ ਵਰਗੇ ਨਸ਼ਿਆਂ ਦੀ ਜ਼ਿਆਦਾ ਵਰਤੋਂ ਹੁੰਦੀ ਹੈ। ਹਾਲਾਂਕਿ ਕੁਝ ਸਟੇਸ਼ਨਾਂ 'ਤੇ ਭੰਗ ਦਾ ਸੇਵਨ ਵੀ ਕੀਤਾ ਜਾਂਦਾ ਹੈ।

## 15 ਲੱਖ ਤੇ ਵੱਡੀ ਗੱਡੀ ਪਿੱਛੇ ਘਰੋਂ ਕੱਢ ਦਿੱਤੀ ਵਹੁਟੀ ! ਪੁਲਸ ਵੱਲੋਂ ਮਾਮਲਾ ਦਰਜ

ਗੁਰਦਾਸਪੁਰ 6 ਸਤੰਬਰ। 15 ਲੱਖ ਰੁਪਏ ਅਤੇ ਵੱਡੀ ਗੱਡੀ ਦੀ ਮੰਗ ਪੂਰੀ ਨਾ ਹੋਣ 'ਤੇ ਲੜਕੇ ਸਮੇਤ ਆਪਣੀ ਪਤਨੀ ਨੂੰ ਘਰੋਂ ਕੱਢਣ ਵਾਲੇ ਪਤੀ ਦੇ ਖਿਲਾਫ ਮਾਮਲਾ ਦਰਜ਼ ਕੀਤਾ ਹੈ। ਇਸ ਸਬੰਧੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਅਨਮੋਲਪ੍ਰੀਤ ਕੌਰ ਪਤਨੀ ਮੰਗਲ ਸਿੰਘ ਵਾਸੀ ਸ਼ਹੂਰ ਕਲਾਂ ਨੇ ਦੱਸਿਆ ਕਿ ਉਸ ਦਾ ਵਿਆਹ ਸਾਲ 2020 ਵਿਚ ਮੁਲਜ਼ਮ ਪ੍ਰਵੀਨ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਦਕੋਹਾ ਥਾਣਾ ਘੁਮਾਣ ਬਟਾਲਾ ਨਾਲ ਹੋਇਆ ਸੀ, ਜਿੰਨਾਂ ਦਾ ਇਕ ਲੜਕਾ ਹੈ। ਉਸ ਨੇ ਕਿਹਾ ਕਿ ਵਿਆਹ ਤੋਂ ਬਾਅਦ ਉਸ ਦਾ ਪਤੀ ਦਾਜ ਦੀ ਖਾਤਰ ਉਸ ਨੂੰ ਤੰਗ ਪ੍ਰੇਸ਼ਾਨ ਕਰਦਾ ਸੀ ਅਤੇ ਦਾਜ ਵਿਚ 15ਲੱਖ ਰੁਪਏ ਅਤੇ ਵੱਡੀ ਗੱਡੀ ਦੀ ਮੰਗ ਕਰਦਾ ਸੀ। ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਮੁਲਜ਼ਮ ਨੇ 9-6-25 ਨੂੰ ਆਪਣੇ ਲੜਕੇ ਸਮੇਤ ਘਰੋਂ ਕੱਢ ਦਿੱਤਾ, ਜੋ ਹੁਣ ਆਪਣੇ ਮਾਤਾ-ਪਿਤਾ ਕੋਲ ਪੇਕੇ ਘਰ ਰਹਿ ਰਹੀ ਹੈ। ਦੂਜੇ ਪਾਸੇ ਏ.ਐੱਸ.ਆਈ ਹਰਪਾਲ ਸਿੰਘ ਨੇ ਦੱਸਿਆ ਕਿ ਅਨਮੋਲਪ੍ਰੀਤ ਕੌਰ ਦੇ ਬਿਆਨਾਂ 'ਤੇ ਮੁਲਜ਼ਮ ਪ੍ਰਵੀਨ ਸਿੰਘ ਦੇ ਖਿਲਾਫ ਮਾਮਲਾ ਦਰਜ਼ ਕੀਤਾ ਗਿਆ ਹੈ।

## ਸੜਕ ਤੇ ਘੁੰਮ ਰਹੇ ਪਸ਼ੂ ਕਾਰਨ ਵਾਪਰਿਆ ਹਾਦਸਾ, ਨਹਿਰ 'ਚ ਡਿੱਗੀ ਰੇਂਜ ਰੋਵਰ ਗੱਡੀ

ਧਰਮਕੋਟ 6 ਸਤੰਬਰ। ਧਰਮਕੋਟ ਥਾਣੇ ਅਧੀਨ ਆਉਂਦੇ ਪਿੰਡ ਕੰਨੀਆਂ ਖਾਸ ਨੇੜੇ ਰਾਤ ਸਮੇਂ ਇਕ ਭਿਆਨਕ ਸੜਕ ਹਾਦਸਾ ਵਾਪਰਿਆ, ਜਦੋਂ ਇਕ ਰੇਂਜ ਰੋਵਰ ਗੱਡੀ ਨਹਿਰ ਵਿਚ ਡਿੱਗ ਗਈ। ਹਾਦਸੇ ਵਿਚ ਗੱਡੀ ਸਵਾਰ ਡਰਾਈਵਰ ਮੌਤ ਦੇ ਮੂੰਹੋਂ ਬਚ ਗਿਆ, ਹਾਲਾਂਕਿ ਗੱਡੀ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਏ. ਐੱਸ. ਆਈ. ਬਲਵੀਰ ਸਿੰਘ ਦੀ ਰਿਪੋਰਟ ਮੁਤਾਬਕ ਦਰਖਾਸਤੀ ਸਰਪੰਚ ਹਰਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਬਸਤੀ ਸੋਢੀਆ (ਜੋਗੇਵਾਲਾ, ਥਾਣਾ ਮੱਖੂ) ਆਪਣੀ ਰੇਂਜ ਰੋਵਰ ਗੱਡੀ 'ਤੇ ਸਵਾਰ ਹੋ ਕੇ ਜੋਗੇਵਾਲਾ ਤੋਂ ਧਰਮਕੋਟ ਵੱਲ ਆ ਰਿਹਾ ਸੀ। ਇਸ ਦੌਰਾਨ ਜਦੋਂ ਉਹ ਕੰਨੀਆਂ-ਤੋਤੇਵਾਲਾ ਪੁੱਲ ਨੇੜੇ ਪਿੰਡ ਕੰਨੀਆਂ ਖਾਸ ਕੋਲ ਪੁੱਜਿਆ ਤਾਂ ਅਚਾਨਕ ਇਕ ਬੇਸਹਾਰਾ ਪਸ਼ੂ ਗੱਡੀ ਅੱਗੇ ਆ ਗਿਆ। ਅਚਾਨਕ ਘਟਨਾ ਕਾਰਨ ਗੱਡੀ ਦਾ ਸੰਤੁਲਨ ਵਿਗੜ ਗਿਆ ਅਤੇ ਪੁੱਲ ਤੰਗ ਹੋਣ ਕਰਕੇ ਵਾਹਨ ਨਹਿਰ ਵਿਚ ਡਿੱਗ ਗਿਆ। ਹਾਦਸੇ ਤੋਂ ਬਾਅਦ ਗੱਡੀ ਨੂੰ ਬਾਹਰ ਕੱਢਿਆ ਗਿਆ, ਜਦਕਿ ਡਰਾਈਵਰ ਨੂੰ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ। ਏ. ਐੱਸ. ਆਈ. ਬਲਵੀਰ ਸਿੰਘ ਨੇ ਦੱਸਿਆ ਕਿ ਇਹ ਹਾਦਸਾ ਪੂਰੀ ਤਰ੍ਹਾਂ ਕੁਦਰਤੀ ਸੀ ਅਤੇ ਇਸ ਵਿਚ ਕਿਸੇ ਵੀ ਵਿਅਕਤੀ ਦੀ ਲਾਪ੍ਰਵਾਹੀ ਨਹੀਂ ਮਿਲੀ। ਇਲਾਕਾ ਵਾਸੀਆਂ ਨੇ ਦੱਸਿਆ ਕਿ ਕੰਨੀਆਂ-ਤੋਤੇਵਾਲਾ ਪੁੱਲ ਕਾਫ਼ੀ ਤੰਗ ਹੈ ਅਤੇ ਇਸ ਸੜਕ 'ਤੇ ਅਕਸਰ ਆਵਾਰਾ ਪਸ਼ੂ ਆਉਂਦੇ ਰਹਿੰਦੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪੁੱਲ ਦੀ ਚੌੜਾਈ ਵਧਾਈ ਜਾਵੇ ਅਤੇ ਸੜਕ 'ਤੇ ਆਵਾਰਾ ਪਸ਼ੂਆਂ ਦੀ ਰੋਕਥਾਮ ਲਈ ਕਦਮ ਚੁੱਕੇ ਜਾਣ ਤਾਂ ਜੋ ਭਵਿੱਖ ਵਿਚ ਇਸ ਤਰ੍ਹਾਂ ਦੇ ਹਾਦਸਿਆਂ ਤੋਂ ਬਚਿਆ ਜਾ ਸਕੇ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.


### NAME CHANGE
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.


### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

### NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

### NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### PUBLIC NOTICE
I, Balvir Kaur W/o Naresh Kumar, R/o Patti Niewal, Phillaur, Bundala, Jalandhar, Punjab-144034, have changed the name of my minor daughter Aaruhi aged 11 years and she shall hereafter be known as Ruhi Bala.


### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.


### NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.


## ☛ ਯਾਤਰੀਗਣ ਕਿਰਪਾ ਧਿਆਨ ਦੇਣ! ☚

### ਮਹੱਤਵਪੂਰਨ ਜਾਣਕਾਰੀ

### ਵਿਸ਼ੇਸ਼ ਰੇਲਗੱਡੀਆਂ ਦੇ ਪਰਿਚਾਲਨ ਸਮੇਂ ਵਿਚ ਵਿਸਥਾਰ, ਨਵੀਂ ਵਿਸ਼ੇਸ਼ ਰੇਲਗੱਡੀ ਦਾ ਸੰਚਾਲਨ ਅਤੇ ਵਾਧੂ ਸਟਾਪੇਜ ਦਾ ਪ੍ਰਾਵਧਾਨ

ਸਰਵ ਸਬੰਧਿਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਵੇ ਦੁਆਰਾ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀਆਂ ਦੀ ਪਰਿਚਾਲਨ ਮਿਆਦ ਨੂੰ ਵਧਾਉਣ, ਨਵੀਂ ਵਿਸ਼ੇਸ਼ ਰੇਲਗੱਡੀ ਦਾ ਸੰਚਾਲਨ ਅਤੇ ਹੇਠਾਂ ਲਿਖਤ ਰੇਲਗੱਡੀ ਦਾ ਨਾਮਿਤ ਸਟੇਸ਼ਨ ਤੇ ਵਾਧੂ ਸਟਾਪੇਜ ਪ੍ਰਦਾਨ ਕਰਨ ਦਾ ਫੈਸਲਾ ਲਿਆ ਗਿਆ ਹੈ, ਜਿਨ੍ਹਾਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

| ਰੇਲਗੱਡੀ ਨੰਬਰ | ਸਟੇਸ਼ਨ | | ਫ੍ਰੀਕਵੇਂਸੀ/ ਚੱਲਣ ਦੇ ਦਿਨ | ਪੂਰਵ ਅਧਿਸੂਚਿਤ ਮਿਤੀ ਤਕ | ਵਿਸਤਾਰਿਤ ਮਿਆਦ | ਫੇਰੇ |
|---|---|---|---|---|---|---|
| | ਤੋਂ | ਤਕ | | | | |
| 05579 | ਪੂਰਨੀਆਂ ਕੋਰਟ | ਆਨੰਦ ਵਿਹਾਰ ਟਰਮੀਨਲ | ਬੀਆਈ-ਸਪਤਾਹਿਕ (ਸ਼ੁਕਰ, ਐਤ) | 30.08.2026 | **29.11.2026** | 26 |
| 05580 | ਆਨੰਦ ਵਿਹਾਰ ਟਰਮੀਨਲ | ਪੂਰਨੀਆਂ ਕੋਰਟ | ਬੀਆਈ-ਸਪਤਾਹਿਕ (ਐਤ, ਮੰਗਲ) | 01.09.2026 | **01.12.2026** | 26 |
| 05575 | ਸਹਰਸਾ ਜੰ. | ਆਨੰਦ ਵਿਹਾਰ ਟਰਮੀਨਲ | ਸਪਤਾਹਿਕ (ਮੰਗਲਵਾਰ) | 25.08.2026 | **24.11.2026** | 12 |
| 05576 | ਆਨੰਦ ਵਿਹਾਰ ਟਰਮੀਨਲ | ਸਹਰਸਾ ਜੰ. | ਸਪਤਾਹਿਕ (ਵੀਰਵਾਰ) | 27.08.2026 | **26.11.2026** | 12 |
| 02397 | ਗਯਾ ਜੰ. | ਆਨੰਦ ਵਿਹਾਰ ਟਰਮੀਨਲ | ਸਪਤਾਹਿਕ (ਐਤਵਾਰ) | 26.07.2026 | **29.11.2026** | 13 |
| 02398 | ਆਨੰਦ ਵਿਹਾਰ ਟਰਮੀਨਲ | ਗਯਾ ਜੰ. | ਸਪਤਾਹਿਕ (ਸੋਮਵਾਰ) | 27.07.2026 | **30.11.2026** | 13 |
| 03639 | ਧਨਬਾਦ ਜੰ. | ਸ਼ਕੂਰਬਸਤੀ | ਬੀਆਈ-ਸਪਤਾਹਿਕ (ਸੋਮ, ਸ਼ੁਕਰ) | 31.08.2026 | **30.11.2026** | 26 |
| 03640 | ਸ਼ਕੂਰਬਸਤੀ | ਧਨਬਾਦ ਜੰ. | ਬੀਆਈ-ਸਪਤਾਹਿਕ (ਮੰਗਲ, ਸ਼ਨੀ) | 01.09.2026 | **01.12.2026** | 26 |

**05219/05220 ਮੁਜਫਰਪੁਰ ਜੰ. - ਆਨੰਦ ਵਿਹਾਰ ਟਰਮੀਨਲ - ਮੁਜਫਰਪੁਰ ਜੰ. ਐਕਸਪ੍ਰੈਸ ਵਿਸ਼ੇਸ਼ ਰੇਲਗੱਡੀ** — 24 ਫੇਰੇ

| ਗੱਡੀ ਨੰ. 05219 | | ↓ ਸਟੇਸ਼ਨ ↑ | ਗੱਡੀ ਨੰ. 05220 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 13:30 | ਮੁਜਫਰਪੁਰ ਜੰ. | 09:45 | ---- |
| 10:00 | ---- | ਆਨੰਦ ਵਿਹਾਰ ਟਰਮੀਨਲ | ---- | 12:00 |

ਚੱਲਣ ਦੇ ਦਿਨ: **05219 ਮੁਜਫਰਪੁਰ ਜੰ.** ਤੋਂ ਮਿਤੀ 11.09.2026 ਤੋਂ 27.11.2026 ਤਕ ਅਤੇ **05220 ਆਨੰਦ ਵਿਹਾਰ ਟਰਮੀਨਲ** ਤੋਂ ਮਿਤੀ 12.09.2026 ਤੋਂ 28.11.2026 ਤਕ।

ਠਹਿਰਾਓ: ਹਾਜੀਪੁਰ ਜੰ., ਸੋਨਪੁਰ, ਪਾਟਲਿਪੁਤਰ, ਦਾਨਾਪੁਰ, ਆਰਾ, ਬਕਸਰ ਪੰ. ਦੀਨ ਦਿਆਲ ਉਪਾਧਿਆਏ ਜੰ., ਪ੍ਰਯਾਗਰਾਜ ਜੰ., ਗੋਵਿੰਦਪੁਰੀ ਅਤੇ ਟੂੰਡਲਾ ਜੰ. ਸਟੇਸ਼ਨ।

ਸਥਾਨ: 2 ਟੀਯਰ ਏਸੀ., ਅਤੇ 3 ਟੀਯਰ ਏਸੀ. ਇਕਨੋਮੀ।

**ਵਿਸ਼ੇਸ਼ ਰੇਲਗੱਡੀ ਦਾ ਟੂੰਡਲਾ ਜੰ. ਉਤੇ ਤੁਰੰਤ ਪ੍ਰਭਾਵ ਤੋਂ ਵਾਧੂ ਸਟਾਪੇਜ**

| ਰੇਲਗੱਡੀ ਨੰ. ਅਤੇ ਰੇਲਗੱਡੀ ਦਾ ਨਾਮ | ਸਟੇਸ਼ਨ | ਆਉਣਾ | ਜਾਣਾ |
|---|---|---|---|
| 03639 ਧਨਬਾਦ ਜੰ. - ਸ਼ਕੂਰਬਸਤੀ ਐਕਸਪ੍ਰੈਸ ਵਿਸ਼ੇਸ਼ | ਟੂੰਡਲਾ ਜੰ. | 12:13 | 12:15 |
| 03640 ਸ਼ਕੂਰਬਸਤੀ - ਧਨਬਾਦ ਜੰ. ਐਕਸਪ੍ਰੈਸ ਵਿਸ਼ੇਸ਼ | ਟੂੰਡਲਾ ਜੰ. | 03:30 | 03:32 |

**ਨੋਟ- ਰੇਲਗੱਡੀ ਨੰ. 02397** ਸ਼ੇਖਪੁਰਾ ਦੀ ਜਗ੍ਹਾ ਗਯਾ ਜੰ. ਤੋਂ 14:15 ਵਜੇ ਪ੍ਰਸਥਾਨ ਕਰਕੇ ਅਤੇ ਆਨੰਦ ਵਿਹਾਰ ਟਰਮੀਨਲ 11:40 ਵਜੇ ਪਹੁੰਚੇਗੀ। ਅਤੇ **ਰੇਲਗੱਡੀ ਨੰ. 02398** ਆਨੰਦ ਵਿਹਾਰ ਟਰਮੀਨਲ ਤੋਂ 13:30 ਵਜੇ ਪ੍ਰਸਥਾਨ ਕਰਕੇ ਸ਼ੇਖਪੁਰਾ ਦੀ ਜਗ੍ਹਾ ਗਯਾ ਜੰ. ਉਤੇ 11:15 ਵਜੇ ਆਪਣੀ ਯਾਤਰਾ ਸਮਾਪਤ ਕਰੇਗੀ। ਗਯਾ ਜੰ. - ਆਨੰਦ ਵਿਹਾਰ ਟਰਮੀਨਲ - ਗਯਾ ਜੰ. ਦੇ ਵਿਚਕਾਰ ਟਾਈਮ-ਟੇਬਲ ਉਹੀ ਰਹੇਗਾ।

ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਆਉਣ ਵਾਲੇ ਠਹਿਰਾਵਾਂ ਅਤੇ ਟਾਈਮ-ਟੇਬਲ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਜਾਂ ਰੇਲਗੱਡੀ ਪੁੱਛਗਿਛ ਵੈਬਸਾਈਟ www.enqury.indianrail.gov.in ਵੇਖੋ।

'ਤੇ ਸਾਨੂੰ ਫਾਲੋ ਕਰੋ

3055/2026

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਵੇਖੋ: www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

ਉੱਤਰ ਰੇਲਵੇ ਸਦਾ ਤੁਹਾਡੀ ਸੇਵਾ ਵਿਚ

ਸਾਨੂੰ www.nr.indianrailways.gov.in 'ਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਸਿੱਖ ਵਿਰਸਾ



# ਬੰਦਾ ਸਿੰਘ ਬਹਾਦਰ ਦੀ ਆਜ਼ੀਮ ਸ਼ਹਾਦਤ



**ਹਕੂਮਤ ਸਮਝਦੀ ਸੀ ਕਿ ਉਹ ਹੁੰਦਾ ਕੌਣ ਹੈ ਜਿਹੜਾ ਇਸਲਾਮ ਕਬੂਲ ਨਹੀਂ ਕਰੇਗਾ। ਬੰਦਾ ਸਿੰਘ ਬਹਾਦਰ ਦਾ ਕਹਿਣਾ ਸੀ ਕਿ ਹਕੂਮਤ ਉਸ ਨੂੰ ਕਿਸੇ ਵੀ ਤਰ੍ਹਾਂ ਆਪਣੇ ਧਰਮ ਤੋਂ ਡੁਲਾ ਨਹੀਂ ਸਕਦੀ। ਹਕੂਮਤ ਵਲੋਂ ਬੰਦਾ ਸਿੰਘ ਬਹਾਦਰ ਨੂੰ ਡਰਾ ਕੇ ਇਸਲਾਮ ਕਬੂਲ ਕਰਵਾਉਣ ਦੀ ਜ਼ਿੱਦ ਨੇ ਨੌਬਤ ਉਸ ਦੇ ਨੰਨੇ ਪੁੱਤਰ ਨੂੰ ਮਾਰਨ ਤੱਕ ਲੈ ਆਂਦੀ ਸੀ ਅਤੇ ਬੰਦਾ ਸਿੰਘ ਬਹਾਦਰ ਦੀ ਸਿੱਖ ਧਰਮ ਵਿਚਲੀ ਦਿਰੜ੍ਹਤਾ ਨੇ ਉਸ ਨੂੰ ਆਪਣੇ ਪੁੱਤਰ ਦੀ ਮੌਤ ਨੂੰ ਵੀ ਸਹਿਣ ਕਰਵਾ ਦਿੱਤਾ ਸੀ। ਦੋਹਾਂ ਧਿਰਾਂ ਦੀ ਇਹ ਜ਼ਿੱਦ ਆਪੋ-ਆਪਣੀ ਥਾਂ ਤੇ ਸਭ ਹੱਦਾਂ-ਬੰਨੇ ਪਾਰ ਕਰ ਗਈ ਸੀ। ਹਕੂਮਤ ਵਲੋਂ ਬੰਦਾ ਸਿੰਘ ਬਹਾਦਰ ਦੇ ਪੁੱਤਰ ਨੂੰ ਮਾਰ ਦੇਣਾ ਜ਼ੁਲਮ ਦੀ ਇੰਤਹਾ ਸੀ ਅਤੇ ਬੰਦਾ ਸਿੰਘ ਬਹਾਦਰ ਵਲੋਂ ਇਸ ਮੌਤ ਨੂੰ ਸਹਿਣ ਕਰ ਲੈਣਾ ਹੀ ਉਸ ਦੀ ਸਹਿਣ-ਸ਼ਕਤੀ ਦੀ ਹੱਦ ਸੀ। ਉਸ ਦੀ ਇਸੇ ਦਰਿੜ੍ਹਤਾ ਨੇ ਉਸ ਦੀ ਸ਼ਹਾਦਤ ਨੂੰ ਇਤਿਹਾਸ ਵਿੱਚ ਇੱਕ ਆਜ਼ੀਮ ਰੂਪ ਦੇ ਦਿੱਤਾ ਸੀ।**



### ਪਹਿਲੀ ਕਿਸ਼ਤ

ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਸਿੱਖ ਇਤਿਹਾਸ ਵਿੱਚ ਸਭ ਤੋਂ ਨਿਵੇਕਲੀ ਸ਼ਹਾਦਤ ਹੈ। ਬੰਦਾ ਸਿੰਘ ਬਹਾਦਰ ਨਾ ਤਾਂ ਸ਼ਾਂਤੀ ਦੇ ਮਾਰਗ ਤੇ ਚੱਲਣ ਵਾਲਾ ਨੇਤਾ ਸੀ ਅਤੇ ਨਾ ਹੀ ਸ਼ਾਂਤਮਈ ਤਰੀਕਿਆਂ ਨੂੰ ਅਪਣਾਉਣ ਵਾਲਾ ਸੀ। ਉਹ ਇਕਦਮ ਹਥਿਆਰਬੰਦ ਯੋਧਾ ਸੀ ਅਤੇ ਉਸ ਦਾ ਵਿਸ਼ਵਾਸ਼ ਸੀ ਕਿ ਜੋ ਕੁਝ ਪਰਾਪਤ ਕੀਤਾ ਜਾਣਾ ਹੈ ਉਹ ਆਪਣੇ ਬਾਹੂਬਲ ਨਾਲ ਹੀ ਪਰਾਪਤ ਕਰਨਾ ਹੈ। ਉਸ ਦਾ ਇਹ ਵੀ ਵਿਸ਼ਵਾਸ਼ ਸੀ ਕਿ ਧਰਮ ਦਾ ਅੰਤਮ ਉਦੇਸ਼ ਰਾਜ ਕਾਇਮ ਕਰਨ ਦਾ ਹੈ ਕਿਉਂਕਿ ਰਾਜ-ਸ਼ਕਤੀ ਦੇ ਬਿਨਾਂ ਧਰਮ ਦੀ ਰੱਖਿਆ ਨਹੀਂ ਹੋ ਸਕਦੀ। ਪਰ ਧਰਮ ਦੀ ਸ਼ਕਤੀ ਬਿਨਾਂ ਰਾਜ ਵੀ ਨਹੀਂ ਚੱਲ ਸਕਦੇ। ਧਰਮ ਦੀ ਸ਼ਕਤੀ ਨਾ ਹੋਣ ਤੇ ਸਭ-ਕੁਝ ਹੀ ਖ਼ਤਮ ਹੋ ਜਾਂਦਾ ਹੈ। ਬੰਦਾ ਸਿੰਘ ਬਹਾਦਰ ਆਪਣੀ ਹਰ ਗੱਲਬਾਤ ਦੇ ਸਮੇਂ ਇਨ੍ਹਾਂ ਦੋਹਰਿਆਂ ਨੂੰ ਅਕਸਰ ਉਚਾਰਦਾ ਰਹਿੰਦਾ ਸੀ:

ਕੋ ਕਾਹੂ ਕੋ ਰਾਜ ਨ ਦੇ ਹੈਂ। ਜੋ ਲੈ ਹੈ ਨਿਜ ਬਲ ਸੇ ਲੈ ਹੈਂ।
ਰਾਜ ਬਿਨਾ ਨਹਿ ਧਰਮ ਚਲੈ ਹੈਂ।ਧਰਮ ਬਿਨਾ ਸਭ ਦਲੈ ਮਲੈ ਹੈਂ।

ਬੰਦਾ ਸਿੰਘ ਬਹਾਦਰ ਦੀ ਉਕਤ ਜੰਗਬਾਜ ਸੋਚ ਨੂੰ ਸਿਰਜਣ ਵਿੱਚ ਉਸ ਦੇ ਹਾਲਾਤ ਵੀ ਜ਼ਿੰਮੇਵਾਰ ਸਨ। ਉਹ ਗੁਰੂ ਗੋਬਿੰਦ ਸਿੰਘ ਜੀ ਦੀ ਅਥਾਹ ਕੁਰਬਾਨੀ ਨੂੰ ਦੇਖ ਚੁੱਕਿਆ ਸੀ। ਸੱਚ ਅਤੇ ਸ਼ਾਂਤੀ ਦੇ ਮਾਰਗ ਤੇ ਚੱਲਦਿਆਂ ਗੁਰੂ ਤੇਗ ਬਹਾਦਰ ਜੀ ਸ਼ਹੀਦ ਹੋ ਚੁੱਕੇ ਸਨ। ਉਸ ਦੀਆਂ ਅੱਖਾਂ ਦੇ ਸਾਹਮਣੇ ਗੁਰੂ ਜੀ ਦੇ ਚਾਰ ਸਾਹਿਬਜ਼ਾਦੇ ਸੱਚ ਦੇ ਮਾਰਗ ਤੇ ਚਲਦੇ ਹੋਏ ਸ਼ਹੀਦ ਹੋ ਗਏ ਸਨ। ਗੁਰੂ ਜੀ ਦਾ ਆਪਣਾ ਸਾਰਾ ਘਰ-ਘਾਟ ਵੀ ਤਬਾਹ ਹੋ ਚੁੱਕਿਆ ਸੀ। ਸ੍ਰੀ ਆਨੰਦਪੁਰ ਸਾਹਿਬ, ਜਿਥੇ ਕੇ ਖਾਲਸਾ ਪੰਥ ਦੀ ਸਿਰਜਣਾ ਕੀਤੀ ਗਈ ਸੀ ਅਤੇ ਜਿਥੇ ਖਾਲਸੇ ਨੇ ਆਪਣਾ ਸਭ ਤੋਂ ਪਹਿਲਾਂ ਨਗਰ-ਰਾਜ ਸਥਾਪਤ ਕੀਤਾ ਸੀ, ਉਜਾੜ ਅਤੇ ਤਬਾਹ ਕਰ ਦਿੱਤਾ ਗਿਆ ਸੀ। ਉਹ ਸਾਰਾ ਹਜ਼ੂਰੀ-ਖਾਲਸਾ ਸ਼ਹੀਦ ਹੋ ਚੁੱਕਿਆ ਸੀ ਜਿਸ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਿਰਜਿਆ ਗਿਆ ਸੀ। ਇਹ ਸਮੁੱਚੀ ਤਬਾਹੀ ਬੰਦਾ ਸਿੰਘ ਬਹਾਦਰ ਦੇ ਸਾਹਮਣੇ ਹੀ ਹੋਈ ਸੀ। ਇਸ ਲਈ ਇਹ ਕੋਈ ਗੈਰ-ਕੁਦਰਤੀ ਗੱਲ ਨਹੀਂ ਸੀ ਕਿ ਜਿਨ੍ਹਾਂ ਹਾਲਾਤਾਂ ਵਿੱਚ ਗੁਰੂ ਗੋਬਿੰਦ ਸਿੰਘ ਜੀ ਨੇ ਬੰਦਾ ਸਿੰਘ ਬਹਾਦਰ ਦੀ ਖਾਲਸਾ ਪੰਥ ਦੇ ਰਾਜਨੀਤਿਕ ਨੇਤਾ ਵਜੋਂ ਨਿਯੁਕਤੀ ਕੀਤੀ ਸੀ ਉਹ ਹਾਲਾਤ ਹੀ ਐਸੇ ਸਨ ਕਿ ਬੰਦਾ ਸਿੰਘ ਬਹਾਦਰ ਸ਼ਾਂਤਮਈ ਤਰੀਕਿਆਂ ਬਾਰੇ ਸੋਚ ਹੀ ਨਹੀਂ ਸਕਦਾ ਸੀ। ਵੈਸੇ ਵੀ ਇੱਕ ਤਬਾਹੀ ਬਾਅਦ ਜਦੋਂ ਅਗਲਾ ਵਾਰਸ ਜ਼ਿੰਮੇਵਾਰੀ ਸੰਭਾਲਦਾ ਹੈ ਤਾਂ ਉਹ ਉਸ ਤੋਂ ਵੀ ਵੱਡੀ ਤਬਾਹੀ ਲੈ ਕੇ ਆਉਂਦਾ ਹੈ। ਬੰਦਾ ਸਿੰਘ ਬਹਾਦਰ ਨੇ ਪਹਿਲਾਂ ਤਾਂ ਉਸ ਸਮੇਂ ਹੀ ਨਾਂਦੇੜ ਸਾਹਿਬ ਵਿਖੇ ਪਹੁੰਚ ਕੇ ਤਬਾਹੀ ਮਚਾ ਦਿੱਤੀ ਸੀ ਜਦੋਂ ਉਸ ਨੇ ਆਪਣੇ ਗੁਰੂ ਉਪਰ ਹੋਏ ਮਾਰੂ ਹਮਲੇ ਬਾਰੇ ਸੁਣਿਆ ਸੀ। ਗੁਰੂ ਜੀ ਉਪਰ ਮਾਰੂ ਹਮਲਾ ਹੋਣ ਸਮੇਂ ਬੰਦਾ ਸਿੰਘ ਬਹਾਦਰ ਬਾਦਸ਼ਾਹ ਬਹਾਦਰ ਸ਼ਾਹ ਦੀ ਫੌਜ ਵਿੱਚ ਸਿੱਖ ਫੌਜ ਦਾ ਜਰਨੈਲ ਸੀ। ਇਸ ਸਿੱਖ ਫੌਜ ਦੀ ਗਿਣਤੀ ਬੀਹ ਹਜ਼ਾਰ ਤੋਂ ਵੀ ਜ਼ਿਆਦਾ ਸੀ। ਕੇਸਰ ਸਿੰਘ ਛਿੱਬਰ ਨੇ ਸਿੱਖ ਫੌਜ ਦੀ ਗਿਣਤੀ, ਕਾਫੀ ਸਮਾਂ ਪਹਿਲਾਂ ਬੀਹ ਹਜ਼ਾਰ ਦੀ ਦੱਸੀ ਸੀ। ਜਿਹੜੀ ਕਿ ਇਸ ਸਮੇਂ ਤੱਕ ਹੋਰ ਵੀ ਜ਼ਿਆਦਾ ਵਧ ਸਕਦੀ ਸੀ। ਬੰਦਾ ਸਿੰਘ ਬਹਾਦਰ ਹਮਲੇ ਦੀ ਖ਼ਬਰ ਸੁਣਦਿਆਂ ਹੀ ਸ਼ਾਹੀ ਫੌਜ ਵਿਚੋਂ ਬਗਾਵਤ ਕਰਕੇ ਆਪਣੇ ਗੁਰੂ ਵਲ, ਨਾਂਦੇੜ ਸਾਹਿਬ ਵਿਖੇ ਪੁੱਜਣ ਲਈ ਚੱਲ ਪਿਆ ਸੀ। ਅਸਲ ਵਿੱਚ ਉਸ ਵਲੋਂ ਸ਼ਾਹੀ ਫੌਜ ਵਿਚੋਂ ਬਗਾਵਤ ਕਰ ਦੇਣਾ ਹੀ ਆਪਣੇ-ਆਪ ਵਿੱਚ ਇੱਕ ਤਬਾਹੀ ਸੀ। ਨਾਂਦੇੜ ਸਾਹਿਬ ਵਿਖੇ ਪਹੁੰਚ ਕੇ ਵੀ ਉਸ ਨੇ ਆਲੇ-ਦੁਆਲੇ ਦੇ ਮੁਸਲਮਾਨੀ ਖੇਤਰਾਂ ਦੀ ਤਬਾਹੀ ਕਰ ਦਿੱਤੀ ਸੀ।

ਗੁਰੂ ਗੋਬਿੰਦ ਸਿੰਘ, ਆਪਣੇ ਉਪਰ ਹੋਏ ਮਾਰੂ ਹਮਲੇ ਤੋਂ ਬਾਅਦ ਸਿਰਫ ਚਾਰ ਕੁ ਦਿਨ ਹੀ ਜੀਵਤ ਰਹੇ ਸਨ। ਹਮਲੇ ਵਿੱਚ ਹੋਏ ਜ਼ਖ਼ਮਾਂ ਦਾ ਇਲਾਜ ਵੀ ਠੀਕ ਹੋ ਰਿਹਾ ਸੀ ਅਤੇ ਗੁਰੂ ਜੀ ਤੁਰ-ਫਿਰ ਵੀ ਲੈਂਦੇ ਸਨ। ਪਰ ਕੁਝ ਕੁ ਦਿਨ ਇਉਂ ਲੰਘਣ ਦੇ ਬਾਵਜੂਦ ਵੀ ਇੱਕ ਰਾਤ ਗੁਰੂ ਜੀ ਨੇ ਸਿੰਘਾਂ ਨੂੰ ਆਵਾਜ਼ ਦੇ ਕੇ ਉਠਾਇਆ ਅਤੇ ਅੰਤਮ ਫਤਿਹ ਬੁਲਾ ਕੇ ਜੋਤੀ-ਜੋਤ ਸਮਾ ਗਏ ਸਨ। ਇਸ ਮੌਕੇ ਦੀਆਂ ਸਾਰੀਆਂ ਗੱਲਾਂ ਗੁਰੂ ਜੀ ਦੇ ਹੀ ਇੱਕ ਦਰਬਾਰੀ ਕਵੀ ਸੈਨਾਪਤਿ ਨੇ ਆਪਣੀ ਲਿਖਤ ਸ੍ਰੀ ਗੁਰ ਸੋਭਾ ਦੇ ਅਠਾਰਵੇਂ ਅਧਿਆਇ ਵਿੱਚ ਲਿਖੀਆਂ ਹਨ। ਕਵੀ ਸੈਨਾਪਤਿ ਅੰਤਮ ਸਮੇਂ ਗੁਰੂ ਜੀ ਦੀ ਹਜ਼ੂਰੀ ਵਿੱਚ ਹੀ ਸੀ। ਕਵੀ ਸੈਨਾਪਤਿ ਦੀਆਂ ਇਹ ਚੋਣਵੀਆਂ ਸਤਰਾਂ ਇਉਂ ਹਨ:

ਦਿਨੰ ਤੀਨ ਕੇ ਚਾਰ ਐਸੇ ਬਿਤਾਏ।ਦਰਸ ਕੈ ਪਰਸ ਕਾਜ ਬਹੁ ਸਿੰਘ ਆਏ॥20॥
ਕਿਤੇ ਦਿਵਸ ਬੀਤੇ ਸਮੇਂ ਅੰਤ ਆਯੋ।ਕਰੋ ਬੇਗ ਪ੍ਰਸਾਦਿ ਐਸੇ ਬਤਾਯੋ।
ਕਛੁ ਭੋਜਨੰ ਖਾਇ ਕੈ ਨੀਰ ਪੀਨਾ।ਭਰੋਸਾ ਸਭੀ ਕੋ ਭਲੀ ਭਾਂਤ ਦੀਨਾ।
ਗਈ ਅਰਧ ਰਾਤੰ ਘਰੀ ਚਾਰ ਅਉਰੇ।ਭਏ ਸ਼ਬਦ ਰੂਪੀ ਕਰੀ ਬਾਤ ਅਉਰੇ॥33॥
ਦੋਹਰ੍ਹ ਟੇਰ ਕਰੀ ਤਾਂ ਹੀ ਸਮੇਂ ਜਾਗੇ ਸਿੰਘ ਅਪਾਰ।
ਵਾਹਿਗੁਰੂ ਜੀ ਕੀ ਫਤੇ ਕਹੀ ਅੰਤ ਕੀ ਵਾਰ॥34॥

ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਿਆਈ ਸੌਂਪਣ ਦੀਆਂ ਰਸਮਾਂ, ਬੰਦਾ ਸਿੰਘ ਬਹਾਦਰ ਨੂੰ ਪੰਥ ਦਾ ਜੱਥੇਦਾਰ ਥਾਪਣ ਦੀਆਂ ਰਸਮਾਂ ਆਦਿ ਸਭ-ਕੁਝ ਪਹਿਲਾਂ ਹੋ ਚੁੱਕਿਆ ਸੀ। ਬੰਦਾ ਸਿੰਘ ਬਹਾਦਰ ਗੁਰੂ ਜੀ ਦੀਆਂ ਸਾਰੀਆਂ ਅੰਤਮ ਰਸਮਾਂ ਪੂਰੀਆਂ ਕਰਨ ਬਾਅਦ ਹੀ ਨਾਂਦੇੜ ਸਾਹਿਬ ਤੋਂ ਪੰਜਾਬ ਵਲ ਰਵਾਨਾ ਹੋਇਆ ਸੀ।

ਉਕਤ ਸਾਰੀਆਂ ਗੱਲਾਂ ਕਰਨ ਦਾ ਭਾਵ ਇਹੀ ਦਰਸਾਉਣ ਦਾ ਹੀ ਹੈ ਕਿ ਬੰਦਾ ਸਿੰਘ ਬਹਾਦਰ ਵਲੋਂ ਖਾਲਸਾ ਪੰਥ ਦੀ ਲੀਡਰਸ਼ਿਪ ਸੰਭਾਲਣ ਦੇ ਸਾਰੇ ਹਾਲਾਤ ਹੀ ਐਸੇ ਸਨ ਕਿ ਉਹ ਸ਼ਾਂਤੀ ਬਾਰੇ ਜਾਂ ਸ਼ਾਂਤਮਈ ਤਰੀਕਿਆਂ ਨਾਲ ਮਸਲਿਆਂ ਨੂੰ ਹੱਲ ਕਰਨ ਬਾਰੇ ਸੋਚ ਵੀ ਨਹੀਂ ਸਕਦਾ ਸੀ। ਉਹ ਜੰਗਬਾਜ ਜਰਨੈਲ ਸੀ ਅਤੇ ਜੰਗੀ ਨੀਤੀਆਂ ਬਾਰੇ ਹੀ ਉਹ ਸੋਚਦਾ ਅਤੇ ਜਾਣਦਾ ਸੀ। ਗੁਰੂ ਗੋਬਿੰਦ ਸਿੰਘ ਜੀ ਵਲੋਂ ਸ਼ਾਂਤੀ ਦੇ ਸਾਰੇ ਤੌਰ-ਤਰੀਕੇ ਅਸਫਲ ਰਹਿ ਚੁੱਕੇ ਸਨ। ਗੁਰੂ ਗੋਬਿੰਦ ਸਿੰਘ ਜੀ ਨੇ ਉਸ ਨੂੰ ਸਿੱਧਾ ਐਕਸ਼ਨ ਕਰਨ ਦਾ ਹੁਕਮ ਕਰ ਦਿੱਤਾ ਸੀ। ਇਸ ਲਈ ਬੰਦਾ ਸਿੰਘ ਬਹਾਦਰ ਨੇ 1708 ਵਿੱਚ ਨਾਂਦੇੜ ਸਾਹਿਬ ਤੋਂ ਰਵਾਨਾ ਹੋਣ ਤੋਂ ਲੈ ਕੇ 1715 ਦੇ ਦਸੰਬਰ ਦੇ ਪਹਿਲੇ ਹਫ਼ਤੇ ਤਕ, ਲਗਾਤਾਰ ਸਿੱਧਾ ਐਕਸ਼ਨ ਹੀ ਕੀਤਾ ਸੀ। ਇਸ ਸਮੇਂ ਦੌਰਾਨ ਕੋਈ ਵੀ ਮੁਗਲ ਜਰਨੈਲ ਐਸਾ ਨਹੀਂ ਸੀ ਜਿਸ ਦੇ ਮੂੰਹ ਤੇ ਬੰਦਾ ਸਿੰਘ ਬਹਾਦਰ ਦੀ ਤਲਵਾਰ ਨਾ ਵੱਜੀ ਹੋਵੇ। ਦੋ ਬਾਦਸ਼ਾਹ-ਬਹਾਦਰ ਸ਼ਾਹ ਅਤੇ ਜਮਾਂਦਾਰ ਸ਼ਾਹ-ਇਸ ਸਮੇਂ ਦੌਰਾਨ ਮਰ ਚੁੱਕੇ ਸਨ। ਸਮਾਣਾ, ਕਪੂਰੀ, ਸਢੌਰਾ, ਸਰਹਿੰਦ ਅਤੇ ਰਾਹੋਂ ਜੈਸੇ ਮੁਗਲਾਂ ਦੇ ਪੰਜ ਵੱਡੇ ਸ਼ਹਿਰ ਥੇਹ ਬਣਾ ਦਿੱਤੇ ਗਏ ਸਨ। ਇਹ ਗੱਲ ਕਹੀ ਜਾ ਸਕਦੀ ਹੈ ਕਿ ਪੰਜਾਬ ਵਿੱਚ 1708 ਤੋਂ ਲੈ ਕੇ 1715 ਦੇ ਅੰਤ ਤੱਕ ਮੁਸਲਮਾਨਾ ਨੂੰ ਜਿੰਨੀ ਮਾਰ ਬੰਦਾ ਸਿੰਘ ਬਹਾਦਰ ਦੇ ਹੱਥੋਂ ਪੈ ਚੁੱਕੀ ਸੀ ਉਤਨੀ ਮਾਰ ਨਾ ਹੀ ਹਿੰਦੁਸਤਾਨ ਦੇ ਕਿਸੇ ਹੋਰ ਖੇਤਰ ਵਿੱਚ ਅਤੇ ਨਾ ਹੀ ਏਸ਼ੀਆ ਦੇ ਕਿਸੇ ਹੋਰ ਦੇਸ ਵਿੱਚ ਪਈ ਸੀ। ਇਸ ਲਈ ਬੰਦਾ ਸਿੰਘ ਬਹਾਦਰ ਮੁਗਲਾਂ ਦੀ ਕੈਦ ਵਿੱਚ ਜਕੜਿਆ ਹੋਇਆ ਐਸਾ ਨੇਤਾ ਸੀ ਜਿਹੜਾ ਮੁਗਲਾਂ ਦੀਆਂ ਨਿਗਾਹਾਂ ਵਿੱਚ ਸਭ ਤੋਂ ਵੱਡਾ ਇਸਲਾਮੀ ਦੁਸ਼ਮਣ ਸੀ। ਇਸ ਲਈ ਜਦੋਂ ਅਸੀਂ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੀ ਗੱਲ ਕਰਦੇ ਹਾਂ ਤਾਂ ਇਹ ਬਹੁਤ ਹੀ ਅਜੀਬ ਲੱਗਦੀ ਹੈ। ਕਿਉਂਕਿ ਉਹ ਨਾ ਹੀ ਬੇਕਸੂਰ ਸੀ ਅਤੇ ਨਾ ਹੀ ਉਹ ਦੁਸ਼ਮਣ ਦੀ ਕਿਸੇ ਹਮਦਰਦੀ ਦਾ ਪਾਤਰ ਬਣ ਸਕਦਾ ਸੀ। ਮੁਗਲ ਸਾਮਰਾਜ ਦਾ ਉਹ ਸਭ ਤੋਂ ਵੱਡਾ ਦੋਸ਼ੀ ਸੀ ਅਤੇ ਦੁਸ਼ਮਣ ਸੀ। ਇਸ ਗੱਲ ਦਾ ਗੁੱਸਾ ਵੀ ਮੁਗਲ ਸਾਮਰਾਜ ਨੇ ਪੂਰੀ ਤਰ੍ਹਾਂ ਕੱਢ ਲਿਆ ਸੀ। 9 ਜੂਨ, 1716 ਨੂੰ ਜਦੋਂ ਬੰਦਾ ਸਿੰਘ ਬਹਾਦਰ ਨੂੰ ਕਿਲ੍ਹੇ ਵਿੱਚੋਂ ਕੱਢ ਕੇ ਮਹਿਰੌਲੀ ਵਿਖੇ ਲਿਆਂਦਾ ਗਿਆ ਸੀ ਉਸ ਸਮੇਂ ਤੱਕ ਉਸ ਦੇ ਸਰੀਰ ਦੀਆਂ ਸਭ ਹੱਡੀਆਂ-ਪੱਸਲੀਆਂ ਤੋੜੀਆਂ ਜਾ ਚੁੱਕੀਆਂ ਸਨ। ਉਹ ਨਾ ਹੀ ਖੜਾ ਹੋ ਸਕਦਾ ਸੀ ਅਤੇ ਨਾ ਹੀ ਤੁਰ ਸਕਦਾ ਸੀ। ਉਸ ਨੂੰ ਚੁੱਕ ਕੇ ਹੀ ਹਾਥੀ ਉਪਰ ਬਿਠਾਇਆ ਗਿਆ ਸੀ ਅਤੇ ਚੁੱਕ ਕੇ ਹੀ ਉਤੋਂ ਹੇਠਾਂ ਉਤਾਰਿਆ ਗਿਆ ਸੀ। ਦੋ ਬੰਦਿਆਂ ਨੇ ਫੜ ਕੇ ਜਾਂ ਚੁੱਕ ਕੇ ਹੀ ਉਸ ਨੂੰ ਕੁਤਬਦੀਨ ਬਖ਼ਤਿਆਰ ਕਾਕੀ ਦੀ ਮਜ਼ਾਰ ਦੇ ਦੁਆਲੇ ਗੇੜਾ ਕਢਵਾਇਆ ਸੀ। ਭਾਵ ਕਿ ਮੁਗਲ ਹਕੂਮਤ ਉਸ ਨੂੰ ਇੱਕ ਮਾਰਚ, 1716 ਤੋਂ ਲੈ ਕੇ 8 ਜੂਨ, 1716 ਤੱਕ ਜਿਤਨਾ ਕੁੱਟਣਾ-ਮਾਰਨਾ ਚਾਹੁੰਦੀ ਸੀ ਉਤਨਾ ਹੀ ਕੁੱਟ ਲਿਆ ਗਿਆ ਸੀ। ਜਿਤਨਾ ਕੁਝ ਉਸ ਦੇ ਸਰੀਰ ਦਾ ਤੋੜਿਆ ਜਾ ਸਕਦਾ ਸੀ ਉਹ ਤੋੜ ਦਿੱਤਾ ਗਿਆ ਸੀ। 9 ਜੂਨ ਨੂੰ ਤਾਂ ਉਸ ਨੂੰ ਸਿਰਫ਼ ਮਾਰਿਆ ਜਾਣਾ ਸੀ। ਇਸ ਦਿਨ ਹਕੂਮਤ ਨੇ ਉਸ ਨੂੰ ਅੰਤਮ ਵਾਰ ਇੱਕ ਪੇਸ਼ਕਸ਼ ਕੀਤੀ ਸੀ ਕਿ ਜੇਕਰ ਉਹ ਇਸਲਾਮ ਨੂੰ ਕਬੂਲ ਕਰ ਲਵੇ ਤਾਂ ਉਸ ਨੂੰ ਛੱਡਿਆ ਜਾ ਸਕਦਾ ਹੈ। ਬੱਸ ਇੱਥੋਂ ਹੀ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੀ ਗੱਲ ਸ਼ੁਰੂ ਹੁੰਦੀ ਹੈ। ਜੇਕਰ ਮੁਗਲ ਹਕੂਮਤ ਉਸ ਨੂੰ ਇਸਲਾਮ ਕਬੂਲ ਕਰ ਲੈਣ ਦਾ ਬਦਲ ਪੇਸ਼ ਨਾ ਕਰਕੇ ਸਿੱਧਾ ਹੀ ਮਾਰ ਦਿੰਦੀ ਤਾਂ ਸ਼ਾਇਦ ਉਸ ਦੀ ਮੌਤ ਸ਼ਹਾਦਤ ਦਾ ਰੂਪ ਨਾ ਧਾਰ ਸਕਦੀ। ਪਰ ਜਿਉਂ ਹੀ ਹਕੂਮਤ ਨੇ ਇਹ ਬਦਲ ਉਸ ਦੇ ਸਾਹਮਣੇ ਰੱਖਿਆ ਤਿਉਂ ਹੀ ਬੰਦਾ ਸਿੰਘ ਬਹਾਦਰ ਦਾ ਰੋਹ ਜਾਗ ਉੱਠਿਆ ਸੀ। ਹਕੂਮਤ ਸਮਝਦੀ ਸੀ ਕਿ ਉਹ ਹੁੰਦਾ ਕੌਣ ਹੈ ਜਿਹੜਾ ਇਸਲਾਮ ਕਬੂਲ ਨਹੀਂ ਕਰੇਗਾ। ਬੰਦਾ ਸਿੰਘ ਬਹਾਦਰ ਦਾ ਕਹਿਣਾ ਸੀ ਕਿ ਹਕੂਮਤ ਉਸ ਨੂੰ ਕਿਸੇ ਵੀ ਤਰ੍ਹਾਂ ਆਪਣੇ ਧਰਮ ਤੋਂ ਡੁਲਾ ਨਹੀਂ ਸਕਦੀ। ਹਕੂਮਤ ਵਲੋਂ ਬੰਦਾ ਸਿੰਘ ਬਹਾਦਰ ਨੂੰ ਡਰਾ ਕੇ ਇਸਲਾਮ ਕਬੂਲ ਕਰਵਾਉਣ ਦੀ ਜ਼ਿੱਦ ਨੇ ਨੌਬਤ ਉਸ ਦੇ ਨੰਨੇ ਪੁੱਤਰ ਨੂੰ ਮਾਰਨ ਤੱਕ ਲੈ ਆਂਦੀ ਸੀ ਅਤੇ ਬੰਦਾ ਸਿੰਘ ਬਹਾਦਰ ਦੀ ਸਿੱਖ ਧਰਮ ਵਿਚਲੀ ਦਿਰੜ੍ਹਤਾ ਨੇ ਉਸ ਨੂੰ ਆਪਣੇ ਪੁੱਤਰ ਦੀ ਮੌਤ ਨੂੰ ਵੀ ਸਹਿਣ ਕਰਵਾ ਦਿੱਤਾ ਸੀ। ਦੋਹਾਂ ਧਿਰਾਂ ਦੀ ਇਹ ਜ਼ਿੱਦ ਆਪੋ-ਆਪਣੀ ਥਾਂ ਤੇ ਸਭ ਹੱਦਾਂ-ਬੰਨੇ ਪਾਰ ਕਰ ਗਈ ਸੀ। ਹਕੂਮਤ ਵਲੋਂ ਬੰਦਾ ਸਿੰਘ ਬਹਾਦਰ ਦੇ ਪੁੱਤਰ ਨੂੰ ਮਾਰ ਦੇਣਾ ਜ਼ੁਲਮ ਦੀ ਇੰਤਹਾ ਸੀ ਅਤੇ ਬੰਦਾ ਸਿੰਘ ਬਹਾਦਰ ਵਲੋਂ ਇਸ ਮੌਤ ਨੂੰ ਸਹਿਣ ਕਰ ਲੈਣਾ ਹੀ ਉਸ ਦੀ ਸਹਿਣ-ਸ਼ਕਤੀ ਦੀ ਹੱਦ ਸੀ। ਉਸ ਦੀ ਇਸੇ ਦਰਿੜ੍ਹਤਾ ਨੇ ਉਸ ਦੀ ਸ਼ਹਾਦਤ ਨੂੰ ਇਤਿਹਾਸ ਵਿੱਚ ਇੱਕ ਆਜ਼ੀਮ ਰੂਪ ਦੇ ਦਿੱਤਾ ਸੀ।




ਡਾ. ਸੁਖਦਿਆਲ ਸਿੰਘ

ਇਸ ਮਹਾਨ ਸ਼ਹੀਦੀ ਸਾਕੇ ਦੀ ਗਾਥਾ ਬਹੁਤ ਲੰਮੀ ਹੈ। ਇਹ ਸ਼ਹੀਦੀ ਗਾਥਾ ਗੁਰਦਾਸ ਨੰਗਲ ਦੇ ਕਿਲ੍ਹੇ ਵਿੱਚ ਗਰਿਫ਼ਤਾਰੀ ਨਾਲ ਸ਼ੁਰੂ ਹੁੰਦੀ ਹੈ ਜਿਹੜੀ ਕਿ 7 ਸਤੰਬਰ, 1715 ਨੂੰ ਹੋਈ ਸੀ। ਪਹਿਲਾਂ ਇਨ੍ਹਾਂ ਕੈਦੀ ਸਿੰਘਾਂ ਦਾ, ਲਾਹੌਰ ਤੋਂ ਲੈ ਕੇ ਦਿੱਲੀ ਤੱਕ, ਵਾਇਆ ਸਰਹਿੰਦ, ਪੂਰੀ ਬੇਕਦਰੀ ਨਾਲ ਜਲੂਸ ਕੱਢਿਆ ਗਿਆ ਸੀ। ਸ਼ਹੀਦੀ 9 ਜੂਨ, 1716 ਨੂੰ ਹੋਈ ਸੀ। ਇਹ ਛੇ ਮਹੀਨੇ ਲਗਾਤਾਰ ਹੀ ਤਸੀਹਿਆਂ ਭਰੇ, ਅਨਾਦਰ ਭਰੇ, ਜ਼ਲਾਲਤ ਭਰੇ ਅਤੇ ਭੁੱਖ-ਮਰੀ ਵਾਲੇ ਸਨ। ਵੈਸੇ ਤਾਂ ਇੱਕ ਕੈਦੀ ਦੀ ਛੇ ਮਹੀਨਿਆਂ ਦੀ ਜ਼ਲਾਲਤ ਭਰੀ ਜ਼ਿੰਦਗੀ ਮੌਤ ਦੇ ਬਰਾਬਰ ਹੀ ਹੁੰਦੀ ਹੈ। ਬੰਦਾ ਸਿੰਘ ਬਹਾਦਰ ਅਤੇ ਉਸ ਦੇ ਸਤਾਰਾਂ ਸੀਨੀਅਰ ਸਾਥੀ ਸਿੰਘ 7 ਦਸੰਬਰ, 1715 ਤੋਂ ਲੈ ਕੇ 9 ਜੂਨ, 1716 ਤੱਕ ਹਰ ਰੋਜ਼ ਹੀ ਤਿਲ-ਤਿਲ ਕਰਕੇ ਮਰਦੇ ਸਨ। 9 ਜੂਨ ਨੂੰ ਤਾਂ ਇੰਨਾਂ ਨੂੰ ਸਿਰਫ ਮਾਰਿਆ ਗਿਆ ਸੀ। ਕਿਉਂਕਿ ਇਨਾਂ ਦੇ ਸਰੀਰਾਂ ਨੂੰ ਹੋਰ ਤਸੀਹੇ ਦਿੱਤੇ ਹੀ ਨਹੀਂ ਜਾ ਸਕਦੇ ਸਨ। ਪਰ ਕਮਾਲ ਦੀ ਗੱਲ ਇਹ ਸੀ ਕਿ ਇਤਨੀ ਲੰਮੀ ਜ਼ਲਾਲਤ ਭਰੀ ਜ਼ਿੰਦਗੀ ਹੋਣ ਦੇ ਬਾਵਜੂਦ ਵੀ ਇਸਲਾਮੀ ਹਕੂਮਤ ਇੱਕ ਵੀ ਸਿੰਘ ਨੂੰ ਸਿੱਖ ਧਰਮ ਤੋਂ ਡੁਲਾ ਨਹੀਂ ਸਕੀ।

ਅੱਗੇ ਇਸ ਲੰਮੀ ਕੈਦ ਦਾ ਵਿਸਥਾਰ ਸਹਿਤ ਹਾਲ ਦਿੱਤਾ ਜਾ ਰਿਹਾ ਹੈ। ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ, ਜਿਨ੍ਹਾਂ ਦੀ ਗਿਣਤੀ 780 ਸੀ, ਦਾ ਇਹ ਸ਼ਹੀਦੀ ਸਫ਼ਰ ਬਹੁਤ ਲੰਮਾ ਸੀ। ਇਹ ਸਾਡੇ ਇਤਿਹਾਸ ਦਾ ਦੁਖਾਂਤ ਹੈ ਕਿ ਵਿਸ਼ਵ ਦੇ ਇਤਿਹਾਸ ਵਿੱਚ ਇਤਨੇ ਵੱਡੇ ਅਤੇ ਭਿਆਨਕ ਸ਼ਹੀਦੀ ਸਾਕੇ ਨੂੰ ਸਿਰਜਣ ਵਾਲਿਆਂ ਨੂੰ ਸਾਡੇ ਆਪਣੇ ਹੀ ਸਿੱਖ ਲੇਖਕਾਂ (ਰਤਨ ਸਿੰਘ ਭੰਗੂ ਅਤੇ ਕਰਮ ਸਿੰਘ ਹਿਸਟੋਰੀਅਨ) ਨੇ ਮਿੱਟੀ ਵਿੱਚ ਮਿਲਾ ਕੇ ਰੱਖਿਆ ਹੈ। ਇਹ ਇੱਕ ਬਹੁਤ ਵੱਡੀ ਸਾਜ਼ਿਸ ਸੀ। ਬੰਦਾ ਸਿੰਘ ਬਹਾਦਰ ਦੇ ਹੁੰਦਿਆਂ ਹੀ, ਜਦੋਂ ਕਿ ਉਸ ਦੀ ਤਾਕਤ 1713-14 ਵਿੱਚ ਪੂਰੇ ਸਿੱਖਰ ਤੇ ਪਹੁੰਚੀ ਹੋਈ ਸੀ, ਮੁਗਲ ਹਕੂਮਤ ਨੇ ਖਾਲਸਾ ਪੰਥ ਵਿੱਚੋਂ ਹੀ ਇੱਕ ਐਸੇ ਧੜੇ ਨੂੰ ਖਰੀਦ ਲਿਆ ਸੀ ਜਿਸ ਨੂੰ ਵਡਿਆਉਣ ਲਈ ਹਕੂਮਤ, ਤੱਤ ਖਾਲਸਾ ਕਹਿੰਦੀ ਸੀ।

# ਕਿਲਾ ਲੋਹਗੜ੍ਹ ਯਮੁਨਾਨਗਰ-ਸਿਖ ਕੌਮ ਦੀ ਰਾਜਧਾਨੀ



ਕਿਲਾ ਲੋਹਗੜ੍ਹ ਨੂੰ ਸਿੱਖਾਂ ਦੀ ਪਹਿਲੀ ਰਾਜਧਾਨੀ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ 1710 ਈ: ਵਿੱਚ ਸਰਹੰਦ ਜਿੱਤਣ ਤੋਂ ਬਾਅਦ ਬਣਾਇਆ ਗਿਆ ਸੀ। ਇਸ ਜਗ੍ਹਾ 'ਤੇ ਮੁਗਲਾਂ ਵੱਲੋਂ 4 ਲੱਖ ਫੌਜ ਲੈ ਕੇ ਹਮਲਾ ਕੀਤਾ ਗਿਆ ਅਤੇ ਯੁੱਧ 1710 ਤੋਂ ਲੈ ਕੇ 1714 ਤੱਕ ਚੱਲਿਆ, ਜਿਸ ਵਿਚ ਵੱਡੀ ਗਿਣਤੀ ਵਿਚ ਮੌਤਾਂ ਹੋਈਆਂ। ਮੁਗਲ ਫੌਜ ਦੇ ਨਾਲ ਹਿੰਦੁਸਤਾਨ ਦਾ ਉਸ ਸਮੇਂ ਦਾ ਬਾਦਸ਼ਾਹ ਬਹਾਦਰ ਸ਼ਾਹ ਵੀ ਆਇਆ ਸੀ ਅਤੇ ਸਿੱਖ ਫੌਜ ਦਾ ਪਰਾਕ੍ਰਮ ਵੇਖ ਕੇ ਉਹ ਪਾਗਲਾਂ ਵਾਂਗ ਹੋ ਗਿਆ ਅਤੇ ਪਾਗਲਪਣ ਦੇ ਕਾਰਨ ਉਸ ਦੀ ਮੌਤ ਹੋ ਗਈ।

ਜੂਨ 2016 ਵਿਚ ਬੰਦਾ ਸਿੰਘ ਬਹਾਦਰ ਦਾ 300 ਸਾਲਾ ਸ਼ਹੀਦੀ ਦਿਵਸ ਮਨਾਇਆ ਗਿਆ, ਇਸ ਸਮਾਗਮ ਦੀ ਪ੍ਰਧਾਨਗੀ ਸ੍ਰੀ ਮਨੋਹਰ ਲਾਲ ਖੱਟਰ, ਮੁੱਖ ਮੰਤਰੀ ਹਰਿਆਣਾ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਭਗਵਾਨਪੁਰ ਤੋਂ ਲੈ ਕੇ ਗੁਰਦੁਆਰਾ ਲੋਹਗੜ੍ਹ ਤੱਕ ਸੜਕ ਦੀ ਉਸਾਰੀ, ਮੈਮੋਰੀਅਲ ਵਾ ਮਾਰਸ਼ਲ ਆਰਟ ਸਕੂਲ ਦੀ ਉਸਾਰੀ ਕਰਵਾਉਣ ਬਾਰੇ ਮੁੱਖ ਮੰਤਰੀ ਹਰਿਆਣਾ ਸਰਕਾਰ ਵੱਲੋਂ ਹੋਰ ਵੀ ਕਈ ਐਲਾਨ ਕੀਤੇ ਗਏ। ਇਸ ਤੋਂ ਬਾਅਦ ਸਿੱਖ ਵਰਗ ਦੇ ਲੋਕਾਂ ਵਿਚ ਇਸ ਜਗ੍ਹਾ ਪ੍ਰਤੀ ਜਾਗ੍ਰਿਤੀ ਪੈਦਾ ਹੋ ਗਈ ਅਤੇ ਉਨ੍ਹਾਂ ਨੇ ਇਕ ਟਰੱਸਟ ਬਣਾਇਆ, ਜਿਸ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਡਿਵੈਲਪਮੈਂਟ ਹੈਰੀਟੇਜ਼ ਫਾਉਂਡੇਸ਼ਨ ਰੱਖਿਆ ਗਿਆ। ਇਸ ਫਾਉਂਡੇਸ਼ਨ ਦੁਆਰਾ ਪੁਰਾਤਤਵ ਨਾਲ ਸਬੰਧਤ ਮਾਹਰ ਕੰਪਨੀ ਨਾਲ ਐਮ.ਓ.ਯੂ. ਕੀਤਾ ਗਿਆ ਤਾਂ ਜੋ ਲੋਹਗੜ੍ਹ ਨਾਲ ਸਬੰਧਤ ਇਤਿਹਾਸਕ ਅਤੇ ਪੁਰਾਤਤਵ ਸ਼ੋਧ (ਖੋਜ) ਕੀਤੀ ਜਾ ਸਕੇ। ਸ਼ੋਧ ਰਿਪੋਰਟ ਜਦੋਂ ਪ੍ਰਾਪਤ ਹੋਈ ਤਾਂ ਉਸ ਵਿਚ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਆਏ। ਖੋਜ ਰਿਪੋਰਟ ਮੁਤਾਬਕ ਕਿਲੇ ਦੇ ਖੰਡਰ ਲਗਭਗ 7 ਹਜ਼ਾਰ ਏਕੜ ਵਿਚ ਪਾਏ ਗਏ ਅਤੇ ਇਹ ਵੀ ਗੱਲ ਸਾਹਮਣੇ ਆਈ ਕਿ ਇਸ ਕਿਲੇ ਦੀ ਉਸਾਰੀ ਦੇ ਲਈ ਘੱਟ ਤੋਂ ਘੱਟ 60 ਤੋਂ 70 ਵਰ੍ਹੇ ਦਾ ਸਮਾਂ ਲੱਗਿਆ ਹੋਵੇਗਾ।



ਕਿਲੇ ਦੇ ਖੰਡਰਾਂ ਵਿਚ ਕਿਲਾ 9ਵੀਂ ਦੀਵਾਰਾਂ ਮਿਲੀਆਂ ਅਤੇ ਇਸ ਕਿਲੇ ਅੰਦਰ ਲਗਭਗ 200 ਕਿਲੇ ਮੌਜੂਦ ਹਨ। ਜਿਨ੍ਹਾਂ ਦਾ ਇੱਕ ਕਿਲੇ ਦਾ ਦੂਜੇ ਕਿਲੇ ਨਾਲ ਸਿੱਧੇ ਤੌਰ 'ਤੇ ਸਬੰਧ ਹੈ। ਜੇਕਰ ਦੁਸ਼ਮਣ ਇਕ ਕਿਲੇ ਨੂੰ ਜਿੱਤ ਲੈਂਦਾ ਤਾਂ ਵੀ ਉਹ ਦੂਜੇ ਕਿਲੇ ਦੇ ਅੰਦਰ ਪ੍ਰਵੇਸ਼ ਨਹੀਂ ਕਰ ਸਕਦਾ ਸੀ। ਹਰ ਇਕ ਕਿਲੇ ਦੀ ਰੱਖਿਆ ਪ੍ਰਣਾਲੀ ਦੀਆਂ ਦੀਵਾਰਾਂ ਤਿੰਨ ਹਿੱਸੇ ਵਿਚ ਹਨ। ਇਸ ਤਰ੍ਹਾਂ ਇਸ ਕਿਲੇ ਨੂੰ ਮੁਗਲ ਫੌਜ ਦੇ ਲਈ ਜਿੱਤਣਾ ਵੱਡਾ ਹੀ ਅਸੰਭਵ ਕੰਮ ਸੀ। ਖੰਡਰਾਂ ਦੇ ਰੂਪ ਵਿਚ ਪੱਥਰਾਂ ਅਤੇ ਇੱਟਾਂ ਦੀਆਂ ਕੰਧਾਂ ਮਿਲੀਆਂ ਹਨ ਵਾ ਇਸ ਦੇ ਇਲਾਵਾ ਆਟਾ ਪੀਸਣ ਦੀਆਂ ਚੱਕੀਆਂ, ਘੜੇ ਦੇ ਟੁੱਟੇ ਹੋਏ ਹਿੱਸੇ ਅਤੇ ਤੇਲ ਕੱਢਣ ਦੇ ਕੋਹਲੂ ਆਦਿ ਭਾਰੀ ਮਾਤਰਾ ਵਿਚ ਮਿਲੇ ਹਨ। ਇਨ੍ਹਾਂ ਤੋਂ ਪ੍ਰਤੀਤ ਹੁੰਦਾ ਹੈ ਕਿ ਲੋਹਗੜ੍ਹ ਦੇ ਅੰਦਰ ਇਕ ਬਹੁਤ ਵੱਡਾ ਸ਼ਹਿਰ ਵਸਦਾ ਸੀ।

ਇਤਿਹਾਸਕਾਰਾਂ ਦੁਆਰਾ ਲੋਹਗੜ੍ਹ ਨੂੰ ਮੁਕਲਿਸਗੜ੍ਹ ਦੱਸਿਆ ਗਿਆ ਹੈ ਅਤੇ ਨਵੀਂ ਸ਼ੋਧ ਦੇ ਮੁਤਾਬਕ ਇਤਿਹਾਸਕਾਰਾਂ ਵੱਲੋਂ ਇਹ ਗੱਲ ਗਲਤ ਦੱਸੀ ਗਈ ਹੈ, ਕਿਉਂਕਿ ਜਿਸ ਜਗ੍ਹਾ ਨੂੰ ਮੁਕਲਿਸਗੜ੍ਹ ਦੱਸਿਆ ਜਾਂਦਾ ਹੈ। ਉਹ ਜਗ੍ਹਾ ਹਰਿਆਣਾ ਅਤੇ ਉਤਰ ਪ੍ਰਦੇਸ਼ ਦੀ ਹੱਦ ਉੱਤੇ ਸਥਿਤ ਹਥਲੀ ਕੁੰਡ ਬੈਰੇਜ਼ ਦੇ ਨਾਲ ਲਗਦੇ ਪਿੰਡ ਫੈਜ਼ਾਬਾਦ ਵਿਚ ਸਥਿਤ ਹੈ ਅਤੇ ਏ.ਐਸ.ਆਈ. ਦੁਆਰਾ ਇਸ ਜਗ੍ਹਾ ਨੂੰ ਠੀਕ ਕਰਨ ਦੇ ਲਈ ਲਗਭਗ 2 ਕਰੋੜ ਰੁਪਏ ਦੀ ਰਕਮ ਖਰਚ ਕੀਤੀ ਗਈ ਹੈ।

ਜਿਵੇਂ ਕਿ ਸ਼ੋਧ ਤੋਂ ਸਪਸ਼ਟ ਨਿਕਲ ਕੇ ਆਇਆ ਹੈ ਕਿ ਇਸ ਕਿਲ੍ਹੇ ਦੀ ਉਸਾਰੀ ਗੁਪਤ ਤੌਰ 'ਤੇ ਕੀਤੀ ਗਈ ਅਤੇ ਇਸ ਕਿਲੇ ਦੇ ਨਿਰਮਾਣ ਲਈ ਲਗਭਗ 60 ਤੋਂ 70 ਵਰ੍ਹਿਆਂ ਦਾ ਸਮਾਂ ਲੱਗਿਆ ਹੋਵੇਗਾ। ਇਸ ਤੋਂ ਇਹ ਪਤਾ ਲਗਦਾ ਹੈ ਕਿ ਇਸ ਕਿਲ੍ਹੇ ਦੀ ਉਸਾਰੀ ਵਿਚ ਕਈ ਸਿੱਖ ਗੁਰੂ ਸਾਹਿਬਾਨਾ ਦਾ ਯੋਗਦਾਨ ਹੈ। ਸ਼ੋਧ ਵਿਚ ਇਹ ਸਾਫ ਤੌਰ 'ਤੇ ਨਿਕਲ ਕੇ ਆਇਆ ਹੈ ਕਿ ਗੁਰੂ ਹਰਿਗੋਬਿੰਦ ਸਿੰਘ ਸਾਹਿਬ ਦੀ ਗਵਾਲੀਅਰ ਦੇ ਕਿਲੇ ਤੋਂ ਰਿਹਾਈ ਤੋਂ ਬਾਅਦ 1626 ਵਿਚ ਬਿਲਾਸਪੁਰ, ਨਾਹਨ ਅਤੇ ਹਿੰਦੂਵਾਰ ਦਾ ਰਾਜਾ ਗੁਰੂ ਸਾਹਿਬ ਨਾਲ ਮਿਲਣ ਦੇ ਲਈ ਅੰਮ੍ਰਿਤਸਰ ਗਏ ਸੀ ਅਤੇ ਉਥੋਂ ਹੀ ਇਸ ਕਿਲੇ ਦੇ ਨਿਰਮਾਣ ਦੀ ਇਨ੍ਹਾਂ 4 ਵਿਅਕਤੀਆਂ ਵੱਲੋਂ ਰੂਪਰੇਖਾ ਤਿਆਰ ਕੀਤੀ ਗਈ। ਮੌਜੂਦਾ ਲੋਹਗੜ੍ਹ, ਨਾਹਨ ਦੇ ਰਾਜਾ ਦੇ ਖੇਤਰ ਵਿਚ ਬਣਾਇਆ ਗਿਆ। ਗੁਰੂ ਹਰਿ ਰਾਇ ਸਾਹਿਬ 17 ਸਾਲ ਦੀ ਗੁਰਗੱਦੀ ਦੇ ਕਾਰਜਕਾਲ ਵਿਚ 13 ਸਾਲ ਲੋਹਗੜ੍ਹ ਯਮੁਨਾਨਗਰ ਵਿਖੇ ਮੌਜੂਦ ਰਹੇ (1645-1666)। ਉਨ੍ਹਾਂ ਦੇ ਦੋਵੇਂ ਸਪੁੱਤਰ ਰਾਮਰਾਇ ਜੀ ਅਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਅਤੇ ਬੇਟੀ ਸਰੂਪ ਕੌਰ ਵੀ ਇਥੇ ਹੀ ਲੋਹਗੜ੍ਹ ਕਿਲੇ ਵਿਚ ਪੈਦਾ ਹੋਏ। ਇਸ ਤੋਂ ਇਲਾਵਾ ਗੁਰੂ ਤੇਗ ਬਹਾਦਰ ਸਾਹਿਬ ਵੀ 1644 ਤੋਂ ਲੈ ਕੇ 1656 ਤੱਕ ਇਥੇ ਮੌਜੂਦ ਰਹੇ ਅਤੇ ਉਨ੍ਹਾਂ ਦੇ ਸੰਗੀ ਸਾਥੀ ਜਿਵੇਂ ਕਿ ਭਾਈ ਲੱਕੀ ਰਾਇ ਬਣਜਾਰਾ, ਭਾਈ ਮੱਖਣ ਸ਼ਾਹ ਲੁਬਾਣਾ ਜੋ ਕਿ ਉਸ ਸਮੇਂ ਦੇ ਹਿੰਦੁਸਤਾਨ ਦੇ ਟਰੇਡਰ ਸਨ ਅਤੇ ਉਨ੍ਹਾਂ ਦੇ ਬੰਦਿਆਂ ਨੇ ਕਿਲਾ ਲੋਹਗੜ੍ਹ ਦੀ ਉਸਾਰੀ ਵਿਚ ਅਹਿਮ ਭੂਮਿਕਾ ਨਿਭਾਈ। ਇਸ ਤੋਂ ਬਾਅਦ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਲੋਹਗੜ੍ਹ ਕਿਲੇ ਤੋਂ ਲਗਭਗ 10 ਕਿਲੋਮੀਟਰ ਦੂਰ ਪਾਉਂਟਾ ਸਾਹਿਬ ਵਿਖੇ 4 ਸਾਲ ਤੱਕ ਰਹੇ ਅਤੇ ਲੋਹਗੜ੍ਹ ਵਿਚ ਸਥਿਤ ਸਿੱਖ ਫੌਜ ਨੂੰ ਮੁੱਖ ਟਰੇਨਿੰਗ ਦਿੱਤੀ। ਇਸ ਤੋਂ ਉਪਰੰਤ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ 1710 ਵਿਚ ਲੋਹਗੜ੍ਹ ਕਿਲੇ ਨੂੰ ਸਿੱਖ ਕੌਮ ਦੀ ਰਾਜਧਾਨੀ ਕਰਾਰ ਦਿੱਤਾ ਗਿਆ। ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਬਤੌਰ ਰਾਜਾ ਫਰਮਾਨ ਜਾਰੀ ਕੀਤਾ ਗਿਆ ਕਿ ਕਾਸ਼ਤਕਾਰ ਹੀ ਜ਼ਮੀਨ ਦਾ ਮਾਲਕ ਹੋਵੇਗਾ ਅਤੇ ਕਿਸਾਨ ਅੱਜ ਤੋਂ ਬਾਅਦ ਕੋਈ ਵੀ ਟੈਕਸ ਨਹੀਂ ਦੇਵੇਗਾ। ਇਸ ਤੋਂ ਇਲਾਵਾ ਇਹ ਵੀ ਫੁਰਮਾਨ ਜਾਰੀ ਕੀਤਾ ਗਿਆ ਕਿ ਸਮਾਜ ਅੰਦਰ ਉਚ-ਨੀਚ, ਜਾਤ-ਪਾਤ ਦਾ ਭੇਦਭਾਵ ਸਮਾਪਤ ਕੀਤਾ ਜਾਂਦਾ ਹੈ ਅਤੇ ਸਾਰੇ ਵਿਅਕਤੀ ਇਕੋ ਜਿਹੇ ਹੋਣਗੇ। ਇਸ ਤੋਂ ਇਲਾਵਾ ਬਾਬਾ ਬੰਦਾ ਸਿੰਘ ਬਹਾਦਰ ਦੁਆਰਾ ਗੁਰੂ ਨਾਨਕ ਦੇਵ, ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਸਿੱਕਾ ਜਾਰੀ ਕੀਤਾ ਗਿਆ ਅਤੇ ਸਿੱਕੇ ਦੇ ਪਿੱਛੇ ਭਾਰਤ ਵਿਚ ਲੋਹਗੜ੍ਹ ਨੂੰ ਖਾਲਸਾ ਤਖ਼ਤ ਦੀ ਉਪਾਧੀ ਦਿੱਤੀ ਗਈ।



**ਜੂਨ 2016 ਵਿਚ ਬੰਦਾ ਸਿੰਘ ਬਹਾਦਰ ਦਾ 300 ਸਾਲਾ ਸ਼ਹੀਦੀ ਦਿਵਸ ਮਨਾਇਆ ਗਿਆ, ਇਸ ਸਮਾਗਮ ਦੀ ਪ੍ਰਧਾਨਗੀ ਸ੍ਰੀ ਮਨੋਹਰ ਲਾਲ ਖੱਟਰ, ਮੁੱਖ ਮੰਤਰੀ ਹਰਿਆਣਾ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਭਗਵਾਨਪੁਰ ਤੋਂ ਲੈ ਕੇ ਗੁਰਦੁਆਰਾ ਲੋਹਗੜ੍ਹ ਤੱਕ ਸੜਕ ਦੀ ਉਸਾਰੀ, ਮੈਮੋਰੀਅਲ ਵਾ ਮਾਰਸ਼ਲ ਆਰਟ ਸਕੂਲ ਦੀ ਉਸਾਰੀ ਕਰਵਾਉਣ ਬਾਰੇ ਮੁੱਖ ਮੰਤਰੀ ਹਰਿਆਣਾ ਸਰਕਾਰ ਵੱਲੋਂ ਹੋਰ ਵੀ ਕਈ ਐਲਾਨ ਕੀਤੇ ਗਏ। ਇਸ ਤੋਂ ਬਾਅਦ ਸਿੱਖ ਵਰਗ ਦੇ ਲੋਕਾਂ ਵਿਚ ਇਸ ਜਗ੍ਹਾ ਪ੍ਰਤੀ ਜਾਗ੍ਰਿਤੀ ਪੈਦਾ ਹੋ ਗਈ ਅਤੇ ਉਨ੍ਹਾਂ ਨੇ ਇਕ ਟਰੱਸਟ ਬਣਾਇਆ, ਜਿਸ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਡਿਵੈਲਪਮੈਂਟ ਹੈਰੀਟੇਜ਼ ਫਾਉਂਡੇਸ਼ਨ ਰੱਖਿਆ ਗਿਆ। ਇਸ ਫਾਉਂਡੇਸ਼ਨ ਦੁਆਰਾ ਪੁਰਾਤਤਵ ਨਾਲ ਸਬੰਧਤ ਮਾਹਰ ਕੰਪਨੀ ਨਾਲ ਐਮ.ਓ.ਯੂ. ਕੀਤਾ ਗਿਆ ਤਾਂ ਜੋ ਲੋਹਗੜ੍ਹ ਨਾਲ ਸਬੰਧਤ ਇਤਿਹਾਸਕ ਅਤੇ ਪੁਰਾਤਤਵ ਸ਼ੋਧ (ਖੋਜ) ਕੀਤੀ ਜਾ ਸਕੇ। ਸ਼ੋਧ ਰਿਪੋਰਟ ਜਦੋਂ ਪ੍ਰਾਪਤ ਹੋਈ ਤਾਂ ਉਸ ਵਿਚ ਹੈਰਾਨ ਕਰਨ ਵਾਲੇ ਤੱਥ ਸਾਹਮਣੇ ਆਏ।**







ਇਸ ਕਿਲੇ ਨੂੰ ਤੋੜਨ ਦੇ ਲਈ ਮੁਗਲਾਂ ਦੁਆਰਾ 1716 ਵਿਚ ਅਣਥੱਕ ਯਤਨ ਕੀਤੇ ਗਏ ਅਤੇ ਭਾਰੀ ਗਿਣਤੀ ਵਿਚ ਮਜ਼ਦੂਰ ਬਿਠਾ ਦਿੱਤੇ ਗਏ। ਮੁਗਲਾਂ ਦਾ ਮੁਖੀ ਅਫਸਰ ਨੇ ਇਸ ਕਿਲੇ ਨੂੰ ਤੋੜਨ ਦੇ ਲਈ ਮੱਸਾ ਰੰਗਣ ਨੂੰ ਨਿਯੁਕਤ ਕੀਤਾ। ਜਿਸ ਦੇ ਕਿਲੇ ਦੇ ਖੰਡਰ ਮਛਰੋਲੀ ਪਿੰਡ ਵਿਚ ਮੌਜੂਦ ਹਨ।

ਪਿਛਲੇ ਦਿਨੀਂ ਮਸ਼ਹੂਰ ਇਤਿਹਾਸਕਾਰ ਸ੍ਰੀ ਹਰਿੰਦਰ ਸਿੰਘ ਦਿਲਗੀਰ, ਇੰਗਲੈਂਡ ਤੋਂ ਇਥੇ ਆਏ ਅਤੇ ਖੋਜ ਰਿਪੋਰਟ ਦੇ ਅਨੁਸਾਰ ਕਿਲੇ ਦਾ ਮੁਆਇੰਨਾ ਕੀਤਾ ਅਤੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਕਿਲਾ ਦੀ ਉਸਾਰੀ ਦੇ ਕੰਮ ਵਿਚ 5 ਸਿੱਖ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਮੁਖੀ ਸੰਗੀ ਸਾਥੀ ਲੱਕੀ ਸ਼ਾਹ ਬਣਜਾਰਾ ਅਤੇ ਮੱਖਣ ਸ਼ਾਹ ਲੁਬਾਣਾ ਦਾ ਵਿਸ਼ੇਸ਼ ਯੋਗਦਾਨ ਹੈ। ਇਸ ਗੱਲ ਦੀ ਵੀ ਪੁਸ਼ਟੀ ਕੀਤੀ ਗਈ ਕਿ ਸਿੱਖਾਂ ਦੇ 8ਵੇਂ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਜਨਮ ਵੀ ਲੋਹਗੜ੍ਹ ਵਿਖੇ ਹੋਇਆ ਅਤੇ ਲੋਹਗੜ੍ਹ ਨੂੰ ਖ਼ਾਲਸਾ ਤਖਤ ਦੇ ਰੂਪ ਵਿਚ ਵਿਕਸਿਤ ਕੀਤਾ ਜਾਣਾ ਜ਼ਰੂਰੀ ਹੈ, ਕਿਉਂਕਿ ਇਹ ਇਤਿਹਾਸ ਦਾ ਉਹ ਸਫਾ ਹੈ ਜਿੱਥੋਂ ਹਿੰਦੁਸਤਾਨ ਦੀ ਆਜ਼ਾਦੀ ਦੀ ਪਹਿਲੀ ਜੰਗ ਲੜੀ ਗਈ ਅਤੇ ਇਹ ਵੀ ਕਹਿਣਾ ਗਲਤ ਨਹੀਂ ਹੋਵੇਗਾ ਕਿ ਇਨਕਲਾਬ ਫਰਾਂਸ ਵਿਚ ਹੋਇਆ ਅਤੇ ਇਸ ਇਨਕਲਾਬ ਤੋਂ ਬਾਅਦ ਹੋਰ ਵੀ ਵੱਡਾ ਇਨਕਲਾਬ ਹੋਇਆ। ਮੁਗਲਾਂ ਦੁਆਰਾ ਜਾਣ ਬੁੱਝ ਕੇ ਹਿੰਦੁਸਤਾਨੀਆਂ ਦੀ ਬੀਰਗਾਥਾ ਭਰੇ ਇਤਿਹਾਸ ਨੂੰ ਸਮਾਪਤ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਜੋ ਕਿ ਸਮਾਂ ਰਹਿੰਦਿਆਂ ਉਜਾਗਰ ਹੋ ਗਈ। ਹੁਣ ਸਿੱਖ ਇਤਿਹਾਸ ਨਵੇਂ ਸਿਰੇ ਤੋਂ ਲਿਖਣ ਦੀ ਲੋੜ ਹੈ।

# ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਦੇ ਨਵੀਨੀਕਰਨ ਤੇ ਸੁੰਦਰੀਕਰਨ ਦਾ ਕਾਰਜ ਅਕਤੂਬਰ ਤੱਕ ਹੋਵੇਗਾ ਮੁਕੰਮਲ: ਬਲਤੇਜ ਸਿੰਘ ਪੰਨੂ



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਅੱਜ ਇੱਥੇ ਇਤਿਹਾਸਕ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਵਿਖੇ ਚੱਲ ਰਹੇ ਨਵੀਨੀਕਰਨ ਤੇ ਸੁੰਦਰੀਕਰਨ ਦੇ ਕਾਰਜਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਮੰਦਿਰ ਸਲਾਹਕਾਰੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਸੀਏ ਅਜੇ ਅਲੀਪੁਰੀਆ ਤੇ ਸੰਜੇ ਸਿੰਗਲਾ ਸਮੇਤ ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੀ ਮੌਜੂਦ ਸਨ। ਬਲਤੇਜ ਸਿੰਘ ਪੰਨੂ ਨੇ ਚੱਲ ਰਹੇ ਨਿਰਮਾਣ ਕਾਰਜਾਂ ਦੀ ਗੁਣਵੱਤਾ ਅਤੇ ਪ੍ਰਗਤੀ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਅਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਇਸ ਕਾਰ ਸੇਵਾ ਦਾ ਜਾਇਜ਼ਾ ਲੈ ਰਹੇ ਹਨ ਅਤੇ ਲੋਕ ਨਿਰਮਾਣ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਜਾਰੀ ਕਰਦੇ ਹਨ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਬਲਤੇਜ ਸਿੰਘ ਪੰਨੂ ਨੇ ਦੱਸਿਆ ਕਿ ਮੰਦਿਰ ਦੇ ਸੁੰਦਰੀਕਰਨ ਦਾ ਕੰਮ ਜੰਗੀ ਪੱਧਰ 'ਤੇ ਚੱਲ ਰਿਹਾ ਹੈ ਅਤੇ ਇਹ ਸਾਰੇ ਵਿਕਾਸ ਕਾਰਜ ਅਕਤੂਬਰ ਮਹੀਨੇ ਤੱਕ ਮੁਕੰਮਲ ਕਰ ਲਏ ਜਾਣਗੇ, ਇਸ ਉਪਰੰਤ ਮੰਦਿਰ ਦੀ ਨਵੀਂ ਤੇ ਨਿਵੇਕਲੀ ਤਸਵੀਰ ਸਾਹਮਣੇ ਆਵੇਗੀ।

ਪੰਨੂ ਨੇ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਮੰਦਿਰ ਵਿੱਚ ਨਤਮਸਤਕ ਹੋਣ ਆਉਣ ਵਾਲੇ ਸ਼ਰਧਾਲੂਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਇਹ ਇੱਕ ਪੁਰਾਤਨ ਮੰਦਿਰ ਹੈ ਅਤੇ ਇਸ ਦੀ ਬਹੁਤ ਵੱਡੀ ਮਾਨਤਾ ਹੈ, ਇੱਥੇ ਭਗਤਾਂ ਦੀਆਂ ਲੰਮੀਆਂ ਲਾਈਨਾਂ ਲੱਗਦੀਆਂ ਹਨ ਅਤੇ ਉਨ੍ਹਾਂ ਨੂੰ ਕੋਈ ਮੁਸ਼ਕਲ ਨਾ ਆਵੇ, ਇਸ ਲਈ ਪਖਾਨਿਆਂ ਤੋਂ ਲੈ ਕੇ ਬੈਠਣ, ਪੀਣ ਵਾਲੇ ਪਾਣੀ, ਲੰਗਰ ਅਤੇ ਸੁਰੱਖਿਆ ਦੀ ਕੀਤੇ ਜਾ ਰਹੇ ਇੰਤਜ਼ਾਮਾਂ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਪੰਨੂ ਨੇ ਜ਼ੋਰ ਦੇ ਕੇ ਕਿਹਾ ਕਿ ਸਾਰੇ ਕਾਰਜ ਸ਼ਰਧਾਲੂਆਂ ਦੀ ਆਸਥਾ, ਸੁਵਿਧਾ ਅਤੇ ਸੁਰੱਖਿਆ ਨੂੰ ਸਰਵਉੱਚ ਤਰਜੀਹ ਦਿੰਦਿਆਂ ਕੀਤੇ ਜਾ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਸ਼੍ਰੀ ਕਾਲੀ ਮਾਤਾ ਮੰਦਿਰ ਨਾ ਸਿਰਫ਼ ਪੰਜਾਬ ਜਾਂ ਭਾਰਤ, ਸਗੋਂ ਦੁਨੀਆਂ ਭਰ ਦੇ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਇੱਕ ਵੱਡਾ ਆਕਰਸ਼ਣ ਦਾ ਕੇਂਦਰ ਬਣ ਕੇ ਉੱਭਰੇਗਾ। ਇਸ ਨਾਲ ਇਲਾਕੇ ਵਿੱਚ ਧਾਰਮਿਕ ਸੈਰ-ਸਪਾਟੇ ਨੂੰ ਵੀ ਵੱਡਾ ਹੁਲਾਰਾ ਮਿਲੇਗਾ।

ਬਲਤੇਜ ਸਿੰਘ ਪੰਨੂ ਨੇ ਮੰਦਿਰ ਸਲਾਹਕਾਰ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੇ ਨਾਲ ਓਐਸਡੀ ਗੁਰਵਿੰਦਰ ਸਿੰਘ, ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।

# 5 ਸਤੰਬਰ ਅਧਿਆਪਕ ਦਿਵਸ ਨੂੰ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ ਅਤੇ 12 ਸਤੰਬਰ ਨੂੰ ਹੋਵੇਗੀ ਸੰਗਰੂਰ ਵਿਖੇ ਰੈਲੀ: ਸਪੈਸ਼ਲ ਕਾਡਰ ਅਧਿਆਪਕ ਫਰੰਟ

**ਸੰਗਰੂਰ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਪੈਸ਼ਲ ਕਾਡਰ ਅਧਿਆਪਕ ਫਰੰਟ ਚ ਸ਼ਾਮਲ ਸਮੂਹ ਕਾਡਰ ਨੂੰ ਪੇਅ ਸਕੇਲ ਅਤੇ ਮਿਲਦੀਆਂ ਹੋਰ ਰੈਗੂਲਰ ਸਹੂਲਤਾਂ ਤੋਂ ਵਾਂਝੇ ਰੱਖਿਆ ਗਿਆ ਹੈ।ਨਿਗੂਣਾ ਤਨਖਾਹ ਵਾਧਾ ਅਤੇ 58 ਸਾਲ ਤੱਕ ਨੌਕਰੀ ਸੁਰੱਖਿਅਤ ਰੱਖਣ ਦੀ ਨਿਯੁਕਤੀ ਪੱਤਰ ਤਾਂ ਦੇ ਦਿੱਤੇ ਪਰ ਉਹ ਖਾਲੀ ਤੇ ਸਾਫ਼ ਕਾਗਜ ਹੀ ਸਾਬਤ ਹੋਏ ਕਿਉਂਕਿ ਉਹਨਾਂ ਆਰਡਰਾਂ ਵਿਚ ਇੱਕ ਵੀ ਰੈਗੂਲਰ ਮੁਲਾਜ਼ਮ ਵਾਲੀ ਸਹੂਲਤ ਸ਼ਾਮਲ ਨਹੀਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਟੇਟ ਆਗੂ ਮਨਪ੍ਰੀਤ ਸਿੰਘ ਮੋਗਾ ਵੀਰਪਾਲ ਕੌਰ ਸਿਧਾਣਾ ਅਨੁਭਵ ਗੁਪਤਾ ਦਵਿੰਦਰ ਸੰਧੂ ਅਤੇ ਗੁਰਲਾਲ ਸਿੰਘ ਤੂਰ ਵਲੋਂ ਕੀਤਾ ਗਿਆ। ਉਹਨਾਂ ਨੇ ਸਰਕਾਰ ਤੇ ਆਪਣਾ ਰੋਸ ਪ੍ਰਗਟ ਕਰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ,ਹੋਰ ਵਿਧਾਇਕ ਅਤੇ ਕੇਜਰੀਵਾਲ ਖੁਦ ਮੋਹਾਲੀ ਧਰਨੇ ਤੇ ਆਏ ਸਨ ਤੇ ਸਰਕਾਰ ਬਣਦਿਆ ਹੀ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ।



ਆਗੂਆਂ ਨੇ ਦੱਸਿਆ ਕਿ ਸਾਨੂੰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਾਡੇ ਬਹੁਤ ਸਾਰੇ ਸਾਥੀ ਇਸ ਦੁਨੀਆਂ ਨੂੰ ਅਲਵਿਦਾ ਕਹਿ ਚੁੱਕੇ ਹਨ, ਬਹੁਤ ਸਾਰੇ ਸਾਥੀ ਬਿਨਾਂ ਕਿਸੇ ਸਹੂਲਤ ਤੋਂ ਰਿਟਾਇਰ ਹੋ ਰਹੇ ਹਨ, ਵਿਭਾਗ ਨੂੰ ਲੰਮਾ ਸਮਾਂ ਸੇਵਾਵਾਂ ਦੇਣ ਦੇ ਬਾਵਜੂਦ ਖਾਲੀ ਹੱਥ ਘਰ ਜਾ ਰਹੇ ਹਨ ਤੇ ਮਹਿੰਗਾਈ ਦੇ ਦੌਰ ਵਿੱਚ ਗੁਜ਼ਾਰੇ ਕਰਨੇ ਔਖੇ ਹੋਏ ਪਏ ਹਨ।

ਕਿਸੇ ਪ੍ਰਕਾਰ ਦੀ ਮੈਡੀਕਲ ਸਹੂਲਤ ਨਹੀਂ ਦਿੱਤੀ ਜਾਂਦੀ,ਕਈ ਸਾਥੀ ਭਿਆਨਕ ਬਿਮਾਰੀ ਨਾਲ ਪੀੜਤ ਹਨ ਤੇ ਕਈ ਸਾਥੀਆਂ ਦੇ ਪਰਿਵਾਰ ਵੱਖ ਵੱਖ ਬਿਮਾਰੀਆਂ ਨਾਲ ਆਪਣੇ ਜੀਵਨ ਦਾ ਸੰਘਰਸ਼ ਲੜ ਰਹੇ ਹਨ। ਪੰਜਾਬ ਸਰਕਾਰ ਵਲੋਂ ਸਾਨੂੰ ਮੁਲਾਜ਼ਮ ਨਾ ਸਮਝਦੇ ਹੋਏ ਮੁਲਜ਼ਮਾਂ ਵਾਲੀ ਕਤਾਰ ਵਿਚ ਖੜ੍ਹਾ ਕਰ ਦਿੱਤਾ ਹੈ। ਕਿਉਂਕਿ ਸਾਡੀ ਕੋਈ ਬਦਲੀ ਨਹੀਂ, ਕੋਈ ਸਹੂਲਤ ਨਹੀਂ।

ਪੰਜਾਬ ਸਰਕਾਰ ਨੇ ਆਪਣੇ ਕੀਤੇ ਵਾਅਦੇ ਅਨੁਸਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਮੀਟਿੰਗ ਦੇ ਕੇ ਵਾਰ ਵਾਰ ਮੀਟਿੰਗਾਂ ਪੋਸਟਪੋਨ ਕਰਕੇ ਹਰਾਸ ਕੀਤਾ ਜਾ ਰਿਹਾ ਹੈ। ਸਪੈਸ਼ਲ ਕਾਡਰ ਅਧਿਆਪਕ ਫਰੰਟ ਪੰਜਾਬ ਕਮੇਟੀ ਵਲੋਂ ਦਿੱਤੇ ਫੈਸਲੇ ਅਨੁਸਾਰ 5 ਸਤੰਬਰ ਨੂੰ ਪੂਰੇ ਪੰਜਾਬ ਵਿੱਚ ਸਮੂਹ ਕਾਡਰ ਵਲੋਂ ਕਾਲੇ ਬਿੱਲੇ ਜਾਂ ਕਾਲੀਆਂ ਪੱਟੀਆਂ ਬੰਨਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ ਜਿਸ ਕਰਕੇ 12 ਸਤੰਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।ਇਸ ਰੈਲੀ ਵਿੱਚ ਪੂਰੇ ਪੰਜਾਬ ਦੇ ਕਾਡਰ ਵਲੋਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਮੁੱਖ ਮੰਤਰੀ ਨਿਵਾਸ ਸਥਾਨ ਦਾ ਘਿਰਾਓ ਕੀਤਾ ਜਾਵੇਗਾ।ਜੇਕਰ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਵਲੋਂ ਕਿਸੇ ਪ੍ਰਕਾਰ ਦੀ ਵਧੀਕੀ ਕੀਤੀ ਜਾਂਦੀ ਹੈ ਤਾਂ ਮੌਕੇ ਤੇ ਗੁਪਤ ਐਕਸਨ ਕੀਤਾ ਜਾਵੇਗਾ। ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪੇਅ ਸਕੇਲ ਲਾਗੂ ਕਰਕੇ ਸਾਡਾ ਭਵਿੱਖ ਸੁਰੱਖਿਅਤ ਕੀਤਾ ਜਾਵੇ ਤਾਂ ਜ਼ੋ ਰਹਿੰਦੀ ਸਰਵਿਸ ਬਿਨਾਂ ਕਿਸੇ ਆਰਥਿਕ ਮਾਨਸਿਕ ਦਬਾਅ ਤੋਂ ਪੂਰੀ ਕਰ ਸਕੀਏ ਤੇ ਬੱਚਿਆਂ ਨੂੰ ਹੋਰ ਤਨਦੇਹੀ ਨਾਲ ਪੜਾ ਸਕੀਏ।।ਜੇਕਰ ਪੰਜਾਬ ਸਰਕਾਰ ਸਾਨੂੰ ਪੇਅ ਸਕੇਲ ਅਤੇ ਸੀ ਐਸ ਆਰ ਲਾਗੂ ਕਰਨ ਵਿਚ ਦੇਰੀ ਕਰਦੀ ਹੈ ਜਾਂ ਆਨਾਕਾਨੀ ਕਰਦੀ ਹੈ ਤਾਂ ਸੰਘਰਸ਼ ਦੀ ਲਗਾਤਾਰਤਾ ਵਧਾਉਂਦੇ ਹੋਏ ਹੋਰ ਤੇਜ਼ ਕੀਤਾ ਜਾਵੇਗਾ। ਇਸ ਸਮੇਂ ਦਵਿੰਦਰ ਸੰਧੂ, ਅਨੁਭਵ ਗੁਪਤਾ, ਮਨਪ੍ਰੀਤ ਸਿੰਘ ਮੋਗਾ, ਵੀਰਪਾਲ ਕੌਰ ਸਿਧਾਣਾ, ਗੁਰਲਾਲ ਸਿੰਘ, ਜਗਵਿੰਦਰ ਸਿੰਘ ਖੰਨਾ, ਕੁਲਵੀਰ ਸਿੰਘ ਮਲੇਰਕੋਟਲਾ, ਮੈਡਮ ਰਜਿੰਦਰ ਮਲੇਰ ਕੋਟਲਾ, ਸੁਖਵਿੰਦਰ ਸਿੰਘ ਲੁਧਿਆਣਾ, ਗੁਰਚਰਨ ਸਿੰਘ ਤਰਨ ਤਾਰਨ, ਅੰਮ੍ਰਿਤਪਾਲ ਸਿੰਘ ਹੁਸ਼ਿਆਰਪੁਰ, ਗੁਰਚਰਨ ਸਿੰਘ ਸੰਗਰੂਰ ਅਤੇ ਹੋਰ ਵੱਖ ਵੱਖ ਜਿਲ੍ਹਿਆਂ ਦੇ ਜੁਝਾਰੂ ਸਾਥੀ ਹਾਜ਼ਰ ਸਨ।

# ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਢਾਈ ਕਿਲੋਮੀਟਰ ਸੜਕ ਦੇ ਨਿਰਮਾਣ ਕਾਰਜਾਂ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਸ਼ੁਰੂਆਤ



**ਭਵਾਨੀਗੜ੍ਹ, 2 ਸਤੰਬਰ:**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮਜ਼ਬੂਤ ਅਤੇ ਬਿਹਤਰ ਸੜਕੀ ਢਾਂਚਾ ਮੁਹੱਈਆ ਕਰਵਾਉਣ ਲਈ ਸੜਕਾਂ ਦੇ ਨਿਰਮਾਣ ਅਤੇ ਨਵੀਨੀਕਰਨ ਦਾ ਕੰਮ ਲਗਾਤਾਰ ਜ਼ੋਰਾਂ 'ਤੇ ਚੱਲ ਰਿਹਾ ਹੈ। ਇਸੇ ਤਹਿਤ ਅੱਜ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਵਿਖੇ 1.11 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਲਗਭਗ ਢਾਈ ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।

ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਇਹ ਸੜਕ ਸ਼ਮਸ਼ਾਨ ਘਾਟ ਰੋਡ ਤੋਂ ਕਾਕੜਾ ਰੋਡ ਰਾਹੀਂ ਡੰਪ ਤੱਕ ਬਣਾਈ ਜਾਵੇਗੀ। ਇਸ ਸੜਕ ਦੇ ਨਿਰਮਾਣ ਨਾਲ ਭਵਾਨੀਗੜ੍ਹ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਰਾਹਤ ਮਿਲੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸੜਕਾਂ ਦਾ ਮਜ਼ਬੂਤ ਨੈੱਟਵਰਕ ਨਾ ਸਿਰਫ਼ ਆਵਾਜਾਈ ਨੂੰ ਸੁਚਾਰੂ ਬਣਾਉਂਦਾ ਹੈ, ਸਗੋਂ ਇਲਾਕੇ ਦੇ ਵਪਾਰਕ ਅਤੇ ਆਰਥਿਕ ਵਿਕਾਸ ਨੂੰ ਵੀ ਗਤੀ ਦਿੰਦਾ ਹੈ।

ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਕਾਰਜ ਨੂੰ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਮੁਕੰਮਲ ਕਰਵਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਲੰਮੇ ਸਮੇਂ ਤੱਕ ਇਸ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸ ਮੌਕੇ ਇਲਾਕੇ ਦੇ ਪਤਵੰਤੇ, ਸਥਾਨਕ ਆਗੂ ਅਤੇ ਸ਼ਹਿਰ ਵਾਸੀ ਹਾਜ਼ਰ ਸਨ।

# 70ਵੀਆਂ ਜ਼ਿਲ੍ਹਾ ਸਕੂਲ ਖੇਡਾਂ 'ਚ ਲੜਕੇ/ਲੜਕੀਆਂ ਦੇ ਜਿਮਨਾਸਟਿਕਸ ਮੁਕਾਬਲੇ ਕਰਵਾਏ ਗਏ



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕੇ/ਲੜਕੀਆਂ ਦੇ ਜਿਮਨਾਸਟਿਕਸ ਦੇ ਮੁਕਾਬਲੇ ਪੋਲੋ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ। ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪੋਲੋ ਗਰਾਊਂਡ ਪਟਿਆਲਾ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ।

ਅੰਡਰ-14 ਲੜਕੀਆਂ ਦੇ ਰਿਧਮਿਕ ਮੁਕਾਬਲਿਆਂ ਵਿੱਚ ਜਨਤ ਵਰਮਾ ਨੇ ਪਹਿਲਾ,ਰੂਹੀ ਨੇ ਦੂਜਾ,ਸਿਮਾਯਾ ਬਾਂਸਲ ਨੇ ਤੀਜਾ,ਅੰਡਰ-17 ਦੇ ਵਿੱਚ ਇਬਾਦਤ ਕੌਰ ਨੇ ਪਹਿਲਾ,ਸਮਰੀਨ ਨੇ ਦੂਜਾ,ਮਨਦੀਪ ਨੇ ਤੀਜਾ,ਅੰਡਰ-19 ਦੇ ਵਿੱਚ ਮਾਨਿਆ ਭਾਰਦਵਾਜ਼ ਨੇ ਪਹਿਲਾ, ਸਿਮਰਨਜੀਤ ਕੌਰ ਨੇ ਦੂਜਾ,ਏਕਮਪ੍ਰੀਤ ਕੌਰ ਨੇ ਤੀਜਾ, ਅੰਡਰ-14 ਲੜਕਿਆਂ ਦੇ ਆਰਟਿਸਟਿਕ ਮੁਕਾਬਲਿਆਂ ਵਿੱਚ ਰਿਸ਼ਭ ਨੇ ਪਹਿਲਾ, ਪਰਾਜਲ ਨੇ ਦੂਜਾ,ਅਗਮਜੋਤ ਨੇ ਤੀਜਾ, ਅੰਡਰ-17 ਦੇ ਵਿੱਚ ਬੀਰਕੁੰਵਰ ਨੇ ਪਹਿਲਾ,ਮਿਦਾਸ਼ ਮਹਿਰਾ ਨੇ ਦੂਜਾ,ਡਾਈਨਲ ਨੇ ਤੀਜਾ,ਅੰਡਰ-19 ਦੇ ਵਿੱਚ ਜਸਪ੍ਰੀਤ ਸਿੰਘ ਕਾਂਗੜਾ ਨੇ ਪਹਿਲਾ,ਭੋਮਿਕਪਾਲ ਸਿੰਘ ਨੇ ਦੂਜਾ,ਪੀਯੂਸ਼ ਸ਼ਰਮਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

# ਬਿਸ਼ਨਗੜ੍ਹ 'ਚ ਕਾਂਗਰਸ ਦੀ ਅਹਿਮ ਬੈਠਕ, ਸਾਧੂ ਸਿੰਘ ਧਰਮਸੋਤ ਸਮੇਤ ਸੀਨੀਅਰ ਆਗੂਆਂ ਤੇ ਵਰਕਰਾਂ ਨੇ ਕੀਤੀ ਵਿਚਾਰ-ਵਟਾਂਦਰਾ



**ਨਾਭਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਬਿਸ਼ਨਗੜ੍ਹ ਸੀਨੀਅਰ ਕਾਂਗਰਸੀ ਆਗੂ ਸਰਦਾਰ ਹਰਪ੍ਰੀਤ ਸਿੰਘ ਢੀਂਡਸਾ ਮੀਤ ਪ੍ਰਧਾਨ ਕਿਸਾਨ ਕਾਂਗਰਸ ਕਮੇਟੀ ਪੰਜਾਬ ਜੀ ਦੇ ਗ੍ਰਹਿ ਵਿਖੇ ਕਾਂਗਰਸ ਦੇ ਸੀਨੀਅਰ ਕਾਂਗਰਸ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ।

ਜਿਸ ਵਿੱਚ ਰਵਿੰਦਰ ਸਿੰਘ ਮੂੰਗੋ ਹਲਕਾ ਕੋਆਰਡੀਨੇਟਰ, ਜਸਪ੍ਰੀਤ ਸਿੰਘ ਢੀਂਡਸਾ,ਪ੍ਰਿਤਪਾਲ ਸਿੰਘ ਢੀਂਡਸਾ,ਪੱਪੀ ਬਿਰਧਨੋ, ਹਰਵਿੰਦਰ ਸਿੰਘ ਬਿੱਟੂ ਮੈਨੇਜਰ, ਅਮਨਦੀਪ ਸਿੰਘ ਲੱਕੀ ਢੀਡਸਾ, ਮਨਪ੍ਰੀਤ ਸਿੰਘ ਪ੍ਰਧਾਨ, ਗੁਰਜੀਤ ਸਿੰਘ, ਮੇਜਰ ਸਿੰਘ ਢੀਡਸਾ, ਗੁਰਜੀਤ ਦੰਦਰਾਲਾ, ਗੁਰਬਖ਼ਸ਼ ਸਿੰਘ , ਨੀਟਾ ਸ਼ਿਵਗੜ੍ਹ, ਇਸ ਮੌਕੇ ਹਾਜ਼ਰ ਸਨ।

# ਪੰਜਾਬੀ ਆਪਣੀ ਵਿਦਵਤਾ ਭਰਪੂਰ ਵਿਰਾਸਤ ਨੂੰ ਅਣਗੌਲਿਆ ਕਰ ਰਹੇ ਹਨ- ਪ੍ਰੋ. ਹਰਪਾਲ ਸਿੰਘ ਪੰਨੂ



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਨੇ ਆਪਣੇ ਅਧਿਕਾਰੀਆਂ ਤੇ ਕਰਮਚਾਰੀਆਂ 'ਚ ਪੁਸਤਕ ਰੁਚੀ ਪ੍ਰਫੁੱਲਿਤ ਕਰਨ ਹਿੱਤ ਚਲਾਈ ਮੁਹਿੰਮ ਤਹਿਤ ਅੱਜ ਮਹੀਨਾਵਾਰ 'ਪੁਸਤਕ ਮਿਲਣੀ' ਕਰਵਾਈ। ਜਿਸ ਦੌਰਾਨ ਉੱਘੇ ਵਿਦਵਾਨ ਪ੍ਰੋ. ਹਰਪਾਲ ਸਿੰਘ ਪੰਨੂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਡਾਇਰੈਕਟਰ ਭਾਸ਼ਾਵਾਂ ਜਸਵੰਤ ਸਿੰਘ ਜ਼ਫ਼ਰ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਡਿਜੀਟਲ ਯੁੱਗ 'ਚ ਕਿਤਾਬਾਂ ਹਰ ਥਾਂ ਸਾਡੇ ਅੰਗ-ਸੰਗ ਰਹਿੰਦੀਆਂ ਹਨ ਜਿਸ ਕਰਕੇ ਪੜ੍ਹਨੀਆਂ ਬਹੁਤ ਸੌਖੀਆਂ ਹੋ ਗਈਆਂ ਹਨ। ਇਹਨਾਂ ਨੂੰ ਅਸੀਂ ਕਿਸੇ ਵੀ ਸਮੇਂ ਤੇ ਕਿਸੇ ਵੀ ਥਾਂ ਫੋਨ ਜਾਂ ਆਈਪੈਡ ਜ਼ਰੀਏ ਪੜ੍ਹ ਸਕਦੇ ਹਾਂ, ਲੋੜ ਹੈ ਸਿਰਫ਼ ਰੁਚੀ ਦੀ। ਪ੍ਰੋ. ਹਰਪਾਲ ਸਿੰਘ ਪੰਨੂ ਵਰਗੀਆਂ ਸ਼ਖ਼ਸੀਅਤਾਂ ਪੁਸਤਕਾਂ ਪੜ੍ਹ-ਪੜ੍ਹ ਕੇ ਖ਼ੁਦ ਗਿਆਨ ਦਾ ਸਮੁੰਦਰ ਬਣ ਗਈਆਂ ਹਨ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਪੁਸਤਕ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਲੋਕਾਂ ਅੱਗੇ ਖ਼ੁਦ ਮਿਸਾਲ ਬਣਨ।

ਪ੍ਰੋ. ਹਰਪਾਲ ਸਿੰਘ ਪੰਨੂ ਨੇ ਕਿਹਾ ਕਿ ਅਸੀਂ ਉਸ ਧਰਤੀ ਦੇ ਜਾਏ ਹਾਂ ਜਿੱਥੋਂ ਦੇ ਪੁਰਖਿਆਂ ਨੇ ਉਸ ਵੇਲੇ ਵੇਦਾਂ ਦੀ ਰਚਨਾ ਕਰ ਦਿੱਤੀ ਸੀ ਜਦੋਂ ਬਾਕੀ ਦੁਨੀਆ ਨੂੰ ਅਜੇ ਲਿਬਾਸ ਪਹਿਨਣ ਦੀ ਸੋਝੀ ਨਹੀਂ ਸੀ। ਇਸ ਕਰਕੇ ਇਹ ਗੱਲ ਬੜੇ ਮਾਣ ਨਾਲ ਕਹਿ ਸਕਦੇ ਹਾਂ ਕਿ ਸਾਡੇ ਵੱਡੇ-ਵਡੇਰੇ ਬੌਧਿਕ ਪੱਖੋਂ ਬਹੁਤ ਅਮੀਰ ਸਨ। ਅਫ਼ਸੋਸ ਦੀ ਗੱਲ ਇਹ ਹੈ ਕਿ ਅਸੀਂ ਆਪਣੀ ਵਿਦਵਤਾ ਭਰੀ ਵਿਰਾਸਤ ਨੂੰ ਸੰਭਾਲਣ ਤੇ ਇਸ ਦਾ ਲਾਭ ਲੈਣ 'ਚ ਬਹੁਤ ਘੱਟ ਰੁਚੀ ਦਿਖਾ ਰਹੇ ਹਾਂ। ਹੋਰ ਤਾਂ ਹੋਰ ਆਪਣੀ ਬੌਧਿਕ ਵਿਰਾਸਤ 'ਤੇ ਹੱਕ ਜਿਤਾਉਣ ਤੋਂ ਵੀ ਗੁਰੇਜ਼ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡੇ ਖਿੱਤੇ 'ਚ ਅਜਿਹੇ ਮਹਾਨ ਗ੍ਰੰਥ ਰਚੇ ਗਏ ਹਨ, ਜਿੰਨਾਂ ਤੋਂ ਅਨੇਕ ਗ੍ਰੰਥਾਂ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਅਸੀਂ ਆਪਣੇ ਬਹੁਤ ਸਾਰੇ ਅਜਿਹੇ ਗ੍ਰੰਥਾਂ ਤੋਂ ਅਣਜਾਣ ਹਾਂ, ਜਿੰਨਾਂ ਦਾ ਵਿਦੇਸ਼ੀ ਵਿਦਵਾਨਾਂ ਨੇ ਆਪਣੀਆਂ ਭਾਸ਼ਾਵਾਂ 'ਚ ਤਰਜ਼ਮਾ ਕਰਕੇ ਮੁੱਲ ਪਾਇਆ ਹੈ। ਉਨ੍ਹਾਂ ਕਿਹਾ ਕਿ ਅਸੀਂ ਗੁਰੂ ਨਾਨਕ ਦੇਵ ਜੀ ਵਰਗੇ ਦਾਨਿਸ਼ਵਰਾਂ ਦੇ ਵਾਰਿਸ ਹਾਂ ਜਿੰਨਾਂ ਨੇ ਹਮੇਸ਼ਾਂ ਆਪਣੇ ਨਾਲ ਕਲਮ, ਦਵਾਤ ਤੇ ਲਿਖਣ ਲਈ ਪੱਤਰੇ ਰੱਖੇ। ਪੁਸਤਕਾਂ ਪੜ੍ਹਨ ਬਾਰੇ ਉਨ੍ਹਾਂ ਕਿਹਾ ਕਿ ਕਿਤਾਬ ਇੱਕ ਅਜਿਹਾ ਖਜ਼ਾਨਾ ਹੁੰਦੀ ਹੈ ਜਿਸ ਦੀ ਸਿਰਜਣਾ ਇੱਕ ਵਿਦਵਾਨ ਵਿਅਕਤੀ ਬਹੁਤ ਸਾਰਾ ਗਿਆਨ ਇਕੱਠਾ ਕਰਕੇ ਕਰਦਾ ਹੈ। ਇਸ ਕਰਕੇ ਚੰਗੇ ਗੀਤ ਵਾਂਗ ਚੰਗੀ ਪੁਸਤਕ ਵਾਰ-ਵਾਰ ਪੜ੍ਹਨੀ ਚਾਹੀਦੀ ਹੈ ਜੋ ਸਾਨੂੰ ਜੀਵਨ ਜਾਚ ਸਿਖਾਉਂਦੀ ਹੈ।

ਅਖ਼ੀਰ 'ਚ ਪ੍ਰੋ. ਹਰਪਾਲ ਸਿੰਘ ਪੰਨੂ ਦਾ ਵਿਭਾਗੀ ਸ਼ਾਲ ਤੇ ਕਿਤਾਬਾਂ ਦੇ ਸੈੱਟ ਨਾਲ ਸਨਮਾਨ ਕੀਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਵਿਭਾਗ ਦੀ ਵਧੀਕ ਡਾਇਰੈਕਟਰ ਚੰਦਨਦੀਪ ਕੌਰ, ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਜਸਪ੍ਰੀਤ ਕੌਰ, ਸੁਰਿੰਦਰ ਕੌਰ, ਇਸ ਮੌਕੇ ਪਦਮਸ਼੍ਰੀ ਪ੍ਰਾਨ ਸੱਭਰਵਾਲ, ਇੰਜੀ. ਜੋਤਿੰਦਰ ਸਿੰਘ, ਡਾ. ਕੁਲਦੀਪ ਸਿੰਘ, ਡਾ. ਮੰਜੂ ਮਿੱਢਾ ਅਰੋੜਾ, ਸ਼ਾਇਰ ਅਵਤਾਰਜੀਤ ਸਿੰਘ, ਅੰਮ੍ਰਿਤਪਾਲ ਸ਼ੈਦਾ, ਗੁਰਮੀਤ ਸਿੰਘ ਤੇ ਗਾਇਕ ਨੀਲੇ ਖਾਂ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

# ਵਿਧਾਇਕ ਅਮਰਗੜ੍ਹ ਨੇ 'ਮਿਸ਼ਨ ਕਲੀਨ ਪੰਜਾਬ' ਤਹਿਤ ਨਗਰ ਪੰਚਾਇਤ ਅਮਰਗੜ੍ਹ ਚਲਾਈ ਕੂੜਾ ਸਫ਼ਾਈ



**ਮਲੇਰਕੋਟਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਨਗਰ ਕੌਂਸਲ ਅਮਰਗੜ੍ਹ ਵੱਲੋਂ ਸ਼ਹਿਰ ਵਿੱਚ 10 ਰੋਜ਼ਾ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾ ਰਹੀ ਹੈ। ਹਲਕਾ ਵਿਧਾਇਕ ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ ਨੇ ਅਮਰਗੜ੍ਹ ਵਿਖੇ ਇਸ ਮੁਹਿੰਮ ਦੀ ਅਗਵਾਈ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਫਾਈ ਦੀ ਇਹ ਸਪੈਸ਼ਲ ਮੁਹਿੰਮ 8 ਸਤੰਬਰ ਤੱਕ ਚਲੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਆਗੂ ਦੀਪਕ ਕੌੜਾ, ਪੀ.ਏ. ਟੂ ਐਮ.ਐਲ.ਏ ਰਾਜੀਵ, ਕਾਰਜ ਸਾਧਕ ਅਫ਼ਸਰ ਆਸ਼ੀਸ ਕੁਮਾਰ, ਗੁਰਵੀਰ ਸਿੰਘ, ਸੁਖਵਿੰਦਰ ਸਿੰਘ ਸਵਰਨ ਸਿੰਘ, ਸ਼ਰਧਾ ਰਾਮ ਅਸਲਮ ਬਿਜੋਕੀ ਖੁਰਦ, ਗੋਗਾ ਜਾਗੋਵਾਲ ਤੋਂ ਇਲਾਵਾ ਹੋਰ ਮਿਊਸਪਲ ਕੌਂਸਲਰ ਵੀ ਮੌਜੂਦ ਸਨ।

ਗੱਜਣਮਾਜਰਾ ਨੇ ਸ਼ਹਿਰਵਾਸੀਆਂ ਨੂੰ ਇਸ ਸਫਾਈ ਮੁਹਿੰਮ ਦਾ ਹਿੱਸਾ ਬਣਨ ਅਤੇ ਸ਼ਹਿਰ ਸਾਫ ਸੁਥਰਾ ਰੱਖਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼, ਸੁੰਦਰ ਅਤੇ ਕੂੜਾ-ਮੁਕਤ ਬਣਾਉਣਾ ਕੇਵਲ ਸਰਕਾਰ ਜਾਂ ਨਗਰ ਕੌਂਸਲ ਦੀ ਹੀ ਜ਼ਿੰਮੇਵਾਰੀ ਨਹੀਂ, ਸਗੋਂ ਇਸ ਵਿੱਚ ਹਰੇਕ ਨਾਗਰਿਕ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਲੋਕਾਂ ਦੇ ਸਰਗਰਮ ਸਹਿਯੋਗ ਨਾਲ ਹੀ 'ਮਿਸ਼ਨ ਕਲੀਨ ਪੰਜਾਬ' ਦੇ ਉਦੇਸ਼ ਨੂੰ ਸਫ਼ਲਤਾਪੂਰਵਕ ਸਾਕਾਰ ਕੀਤਾ ਜਾ ਸਕਦਾ ਹੈ। ਕਾਰਜ ਸਾਧਕ ਅਫ਼ਸਰ ਅਸ਼ੀਸ ਕੁਮਾਰ ਨੇ ਕਿਹਾ ਕਿ ਵਿਧਾਇਕ ਤੇ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਵਿਰਾਜ ਐਸ.ਤਿੜਕੇ ਦੀ ਅਗਵਾਈ ਹੇਠ ਨਗਰ ਕੌਂਸਲ ਵੱਲੋਂ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ।

# ਸਰਕਾਰੀ ਆਈ.ਟੀ.ਆਈ. ਲੁਧਿਆਣਾ 'ਚ ਵੱਖ-ਵੱਖ ਟਰੇਡਾਂ ਲਈ ਗੈਸਟ ਫੈਕਲਟੀ ਦੀ ਭਰਤੀ




**ਲੁਧਿਆਣਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਲੁਧਿਆਣਾ ਦੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ ਨੇ ਦੱਸਿਆ ਕਿ ਇੰਸਟੀਚਿਊਟ ਮੈਨੇਜਮੈਂਟ ਕਮੇਟੀ (ਆਈ.ਐਮ.ਸੀ.), ਸਰਕਾਰੀ ਆਈ.ਟੀ.ਆਈ. ਲੁਧਿਆਣਾ ਵੱਲੋਂ ਵੱਖ-ਵੱਖ ਟਰੇਡਾਂ ਲਈ ਗੈਸਟ ਫੈਕਲਟੀ ਦੇ ਤੌਰ 'ਤੇ ਇੰਸਟ੍ਰਕਟਰਾਂ ਦੀ ਠੇਕੇ ਦੇ ਆਧਾਰ 'ਤੇ ਭਰਤੀ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਟਰੇਡਾਂ ਵਿੱਚ ਰੈਫਰੀਜਰੇਟਰ ਅਤੇ ਏਅਰ ਕੰਡੀਸ਼ਨਰ, ਵਾਇਰਮੈਨ, ਇਲੈਕਟ੍ਰੀਸ਼ੀਅਨ, ਡਰੋਨ ਟੈਕਨੀਸ਼ੀਅਨ, ਇੰਡਸਟਰੀਅਲ ਰੋਬੋਟਿਕ ਅਤੇ ਡਿਜੀਟਲ ਮੈਨੂਫੈਕਚਰਿੰਗ ਟੈਕਨੀਸ਼ੀਅਨ, ਮਸ਼ੀਨਿਸਟ, ਫਿਟਰ, ਵੈਲਡਰ, ਟੂਲ ਐਂਡ ਡਾਈ ਮੇਕਰ (ਪ੍ਰੈਸ ਟੂਲ, ਜਿਗ ਅਤੇ ਫਿਕਸਚਰ), ਸੀ.ਐਨ.ਸੀ. ਮਸ਼ੀਨਿੰਗ, ਮੋਟਰ ਮਕੈਨਿਕ ਵਹੀਕਲ, ਸੋਲਰ ਟੈਕਨੀਸ਼ੀਅਨ ਅਤੇ ਮਕੈਨਿਕ ਇਲੈਕਟ੍ਰਿਕਲ ਵਹੀਕਲ ਸ਼ਾਮਲ ਹਨ।

ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਸੈਸ਼ਨ 2026-27 ਲਈ ਇਹ ਨਿਰੋਲ ਆਰਜ਼ੀ ਅਸਾਮੀਆਂ ਹਨ ਅਤੇ ਚੁਣੇ ਗਏ ਗੈਸਟ ਫੈਕਲਟੀ ਇੰਸਟ੍ਰਕਟਰਾਂ ਨੂੰ 15,000 ਰੁਪਏ ਪ੍ਰਤੀ ਮਹੀਨਾ ਨਿਰਧਾਰਤ ਮਾਣਭੇਟਾ ਦਿੱਤਾ ਜਾਵੇਗਾ। ਉਨ੍ਹਾਂ ਯੋਗ ਉਮੀਦਵਾਰਾਂ ਨੂੰ ਅਪੀਲ ਕੀਤੀ ਕਿ ਯੋਗਤਾ, ਤਜਰਬੇ ਅਤੇ ਹੋਰ ਸ਼ਰਤਾਂ ਸਬੰਧੀ ਜਾਣਕਾਰੀ 47" ਦੀ ਅਧਿਕਾਰਤ ਵੈੱਬਸਾਈਟ 'ਤੇ ਪ੍ਰਾਪਤ ਕੀਤੀ ਜਾ ਸਕਦੀ ਹੈ।

ਚਾਹਵਾਨ ਉਮੀਦਵਾਰ 9 ਸਤੰਬਰ 2026 ਨੂੰ ਸਰਕਾਰੀ ਆਈ.ਟੀ.ਆਈ., ਗਿੱਲ ਰੋਡ, ਲੁਧਿਆਣਾ ਵਿਖੇ ਹੋਣ ਵਾਲੇ ਇੰਟਰਵਿਊ ਲਈ ਆਪਣੇ ਅਸਲ ਦਸਤਾਵੇਜ਼ ਅਤੇ ਤਸਦੀਕਸ਼ੁਦਾ ਕਾਪੀਆਂ ਸਮੇਤ ਹਾਜ਼ਰ ਹੋਣ।

ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਪ੍ਰਤਾਪ ਚੌਕ, ਸਾਹਮਣੇ ਸੰਗੀਤ ਸਿਨੇਮਾ, ਲੁਧਿਆਣਾ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਰਜਨੀਸ਼ ਭਾਟੀਆ ਬਣੇ ਮੋਰਿੰਡਾ ਰੋਟਰੀ ਕਲੱਬ ਦੇ ਪ੍ਰਧਾਨ




**ਮੋਰਿੰਡਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਮੋਰਿੰਡਾ ਦੇ 2026-27 ਅਹੁਦੇਦਾਰਾਂ ਦਾ ਉਦਘਾਟਨ ਸਮਾਰੋਹ ਆਰਚਿਡ ਹੋਟਲ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਾਬਕਾ ਰੋਟਰੀ ਗਵਰਨਰ ਡਾ. ਮਨਮੋਹਨ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਾਬਕਾ ਪ੍ਰਧਾਨ ਯਸ਼ ਸੂਦ ਨੇ ਆਪਣਾ ਲੋਗੋ ਅਤੇ ਜ਼ਿੰਮੇਵਾਰੀਆਂ ਨਵ-ਨਿਯੁਕਤ ਪ੍ਰਧਾਨ ਰਜਨੀਸ਼ ਭਾਟੀਆ ਅਤੇ ਸਕੱਤਰ ਮਨਜੀਤ ਸਿੰਘ ਭਾਟੀਆ ਨੂੰ ਸੌਂਪੀਆਂ। ਖਜ਼ਾਨਚੀ ਕਰਨਲ ਮਲਕੀਅਤ ਸਿੰਘ ਅਤੇ ਡਾ. ਨਿਰਮਲ ਧੀਮਾਨ ਨੇ ਸਟੇਜ ਸੰਭਾਲੀ ਅਤੇ ਪਿਛਲੇ ਸਾਲ ਦੇ ਕੰਮ ਦਾ ਸੰਖੇਪ ਜਾਣਕਾਰੀ ਪੇਸ਼ ਕੀਤੀ, ਜਿਸ ਲਈ ਕਲੱਬ ਨੂੰ ਸਨਮਾਨਿਤ ਕੀਤਾ ਗਿਆ। ਰਜਨੀਸ਼ ਭਾਟੀਆ ਨੇ ਆਉਣ ਵਾਲੇ ਸਾਲ ਦੇ ਪ੍ਰੋਜੈਕਟਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ, ਜਿਸ ਵਿੱਚ 17 ਸਤੰਬਰ ਨੂੰ ਹੋਣ ਵਾਲਾ ਖ਼ੂਨਦਾਨ ਕੈਂਪ ਵੀ ਸ਼ਾਮਲ ਹੈ। ਡਾ. ਮਨਮੋਹਨ ਸਿੰਘ ਨੇ ਵਾਤਾਵਰਣ ਅਤੇ ਪਾਣੀ ਪ੍ਰਦੂਸ਼ਣ ਦੇ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਰੋਟਰੀ ਕਲੱਬ ਮੋਰਿੰਡਾ ਦੇ ਸਾਰੇ ਅਹੁਦੇਦਾਰਾਂ ਨੂੰ ਨਵੀਂ ਟੈਕਨਾਲੋਜੀ ਦੀ ਵਰਤੋਂ ਕਰਨ ਅਤੇ ਛਾਂਦਾਰ ਅਤੇ ਫਲਦਾਰ ਰੁੱਖ ਲਗਾਉਣ ਦੀ ਅਪੀਲ ਕੀਤੀ। ਮਨਜੀਤ ਸਿੰਘ ਭਾਟੀਆ ਨੇ ਧੰਨਵਾਦ ਮਤਾ ਪੇਸ਼ ਕੀਤਾ।

ਰੋਟਰੀ ਕਲੱਬ ਮੋਰਿੰਡਾ ਦੇ ਸਾਰੇ ਅਹੁਦੇਦਾਰਾਂ ਦੇ ਪਰਿਵਾਰ ਵੀ ਮੌਜੂਦ ਸਨ। ਕੈਪਸ਼ਨ: ਸਾਲ 2026-27 ਲਈ ਰੋਟਰੀ ਕਲੱਬ ਆਫ਼ ਮੋਰੀਡਾ ਦੇ ਅਧਿਕਾਰੀਆਂ ਦਾ ਤਾਜਪੋਸ਼ੀ ਸਮਾਰੋਹ ਆਰਚਿਡ ਹੋਟਲ ਵਿਖੇ ਆਯੋਜਿਤ ਕੀਤਾ ਗਿਆ।

# 5 ਸਤੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਕਾਲਾ ਦਿਵਸ ਮਨਾਉਣਗੇ ਏਡਿਡ ਅਧਿਆਪਕ

## ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਤਨਖ਼ਾਹਾਂ, ਪੀ.ਪੀ.ਓਜ਼ ਅਤੇ ਏਰੀਅਰ ਤੁਰੰਤ ਜਾਰੀ ਕਰੇ ਪੰਜਾਬ ਸਰਕਾਰ: ਅਸ਼ਵਨੀ ਕੁਮਾਰ ਮਦਾਨ ਤੇ ਹਰਵਿੰਦਰ ਪਾਲ

**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਏਡਿਡ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ-1967 ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਵੱਲੋਂ ਇਹ ਐਲਾਨ ਕੀਤਾ ਗਿਆ ਹੈ ਕਿ 5 ਸਤੰਬਰ, ਅਧਿਆਪਕ ਦਿਵਸ ਦੇ ਮੌਕੇ ਸਵੇਰੇ 10 ਵਜੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ (ਆਨੰਦਪੁਰ ਸਾਹਿਬ-ਨੰਗਲ ਰੋਡ) ਵਿਖੇ ਸੂਬਾ ਪੱਧਰੀ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਏਡਿਡ ਸਕੂਲ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕੁਮਾਰ ਮਦਾਨ ਅਤੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਕਿਹਾ ਕਿ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਕਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸਿੱਖਿਆ ਵਿਭਾਗ ਅਤੇ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਕੋਈ ਢੁੱਕਵਾਂ ਹੱਲ ਨਹੀਂ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਰੁਕੀਆਂ ਹੋਈਆਂ ਤਨਖ਼ਾਹਾਂ ਤੁਰੰਤ ਜਾਰੀ ਕਰਨ, ਸੇਵਾ ਮੁਕਤ ਕਰਮਚਾਰੀਆਂ ਦੇ ਪੀ.ਪੀ.ਓ. ਜਾਰੀ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਇਆ ਏਰੀਅਰ ਜਾਰੀ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਯੂਨੀਅਨ ਵੱਲੋਂ ਲਗਾਤਾਰ ਸਰਕਾਰ ਦੇ ਧਿਆਨ ਵਿੱਚ ਮਾਮਲਾ ਲਿਆਂਦਾ ਜਾ ਰਿਹਾ ਹੈ। ਇਸ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਸ਼ਵਨੀ ਕੁਮਾਰ ਮਦਾਨ ਨੇ ਕਿਹਾ ਕਿ ਕਈ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਘਰਾਂ ਦੇ ਰੋਜ਼ਾਨਾ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਬਹੁਤ ਮੁਸ਼ਕਲ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਆਪਣੇ ਹੀ ਹੱਕਾਂ ਲਈ ਸੜਕਾਂ 'ਤੇ ਉਤਰਨਾ ਪੈਣਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਹਰਵਿੰਦਰ ਪਾਲ ਨੇ ਦੱਸਿਆ ਕਿ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੇ ਸੱਦੇ ਅਨੁਸਾਰ 5 ਸਤੰਬਰ ਦੇ ਰੋਸ ਧਰਨੇ ਵਿੱਚ ਸੂਬੇ ਭਰ ਤੋਂ ਅਧਿਆਪਕ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹਾ ਆਪਣੇ ਪੱਧਰ 'ਤੇ ਰੋਸ ਪ੍ਰਦਰਸ਼ਨ ਦੀ ਪੂਰੀ ਤਿਆਰੀ ਕਰਕੇ ਧਰਨੇ ਵਿੱਚ ਪਹੁੰਚੇਗਾ।

ਉਨ੍ਹਾਂ ਦੱਸਿਆ ਕਿ ਰੋਸ ਪ੍ਰਦਰਸ਼ਨ ਦੌਰਾਨ ਸਾਥੀ ਕਾਲੇ ਕੱਪੜੇ ਪਾ ਕੇ ਅਤੇ ਖਾਲੀ ਭਾਂਡੇ ਖੜਕਾ ਕੇ ਸਰਕਾਰ ਪ੍ਰਤੀ ਆਪਣਾ ਰੋਸ ਪ੍ਰਗਟ ਕਰਨਗੇ। ਇਸ ਤੋਂ ਇਲਾਵਾ ਤਨਖ਼ਾਹਾਂ ਤੁਰੰਤ ਜਾਰੀ ਕਰੋ , ਪੀ.ਪੀ.ਓ. ਜਾਰੀ ਕਰੋ , ਏਰੀਅਰ ਤੁਰੰਤ ਜਾਰੀ ਕਰੋ ਅਤੇ ਹੋਰ ਮੰਗਾਂ ਸਬੰਧੀ ਬੈਨਰ ਅਤੇ ਤਖ਼ਤੀਆਂ ਲੈ ਕੇ ਸਾਥੀ ਧਰਨੇ ਵਿੱਚ ਸ਼ਾਮਲ ਹੋਣਗੇ। ਦੋਵਾਂ ਜ਼ਿਲ੍ਹਾ ਆਗੂਆਂ ਨੇ ਪਟਿਆਲਾ ਜ਼ਿਲ੍ਹੇ ਦੇ ਸਮੂਹ ਏਡਿਡ ਸਕੂਲਾਂ ਦੇ ਅਧਿਆਪਕਾਂ, ਕਰਮਚਾਰੀਆਂ ਅਤੇ ਯੂਨੀਅਨ ਦੇ ਸਾਰੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਹੋਂਦ, ਹੱਕਾਂ ਅਤੇ ਭਵਿੱਖ ਦੀ ਰੱਖਿਆ ਲਈ 5 ਸਤੰਬਰ ਨੂੰ ਸਵੇਰੇ 10 ਵਜੇ ਗੰਭੀਰਪੁਰ ਵਿਖੇ ਵੱਡੀ ਗਿਣਤੀ ਵਿੱਚ ਅਤੇ ਸਮੇਂ ਸਿਰ ਪਹੁੰਚਣ। ਉਨ੍ਹਾਂ ਕਿਹਾ ਕਿ ਯੂਨੀਅਨ ਦੀ ਏਕਤਾ ਅਤੇ ਸੰਘਰਸ਼ ਦੀ ਤਾਕਤ ਨਾਲ ਹੀ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕਦਾ ਹੈ। ਇਸ ਲਈ ਸਮੂਹ ਸਾਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਕਿਸੇ ਵੀ ਤਰ੍ਹਾਂ ਦੀ ਢਿੱਲ ਨਾ ਵਰਤਣ ਅਤੇ ਇਸ ਇਤਿਹਾਸਕ ਰੋਸ ਪ੍ਰਦਰਸ਼ਨ ਨੂੰ ਪੂਰੀ ਤਰ੍ਹਾਂ ਸਫਲ ਬਣਾਉਣ।

# ਵਪਾਰੀਆਂ ਦੀ ਸਹੂਲਤ ਲਈ ਸੀਵਰੇਜ, ਬਿਜਲੀ, ਸਫ਼ਾਈ ਤੇ ਟਰੈਫਿਕ ਪ੍ਰਬੰਧਾਂ ਵਿੱਚ ਸੁਧਾਰ ਦੇ ਆਦੇਸ਼



**ਮਲੇਰਕੋਟਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿੱਚ ਵਪਾਰਕ ਗਤੀਵਿਧੀਆਂ ਲਈ ਸੁਖਾਵਾਂ ਮਾਹੌਲ ਯਕੀਨੀ ਬਣਾਉਣ ਅਤੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਵਪਾਰ ਮੰਡਲ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਵਪਾਰੀਆਂ ਵੱਲੋਂ ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ, ਸਫ਼ਾਈ, ਸੀਵਰੇਜ, ਬਿਜਲੀ, ਟਰੈਫਿਕ ਅਤੇ ਹੋਰ ਜਨਤਕ ਸੁਵਿਧਾਵਾਂ ਨਾਲ ਸਬੰਧਤ ਮਾਮਲੇ ਸਾਂਝੇ ਕੀਤੇ ਗਏ।

ਡਿਪਟੀ ਕਮਿਸ਼ਨਰ ਨੇ ਵਪਾਰੀਆਂ ਵੱਲੋਂ ਰੱਖੇ ਗਏ ਮਾਮਲਿਆਂ 'ਤੇ ਵਿਚਾਰ ਕਰਦਿਆਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਲੋੜੀਂਦੀ ਕਾਰਵਾਈ ਕਰਨ ਲਈ ਕਿਹਾ।

ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਸੀਵਰੇਜ ਪ੍ਰਬੰਧਨ ਵਿੱਚ ਸੁਧਾਰ ਲਿਆਉਣ, ਜਨਤਕ ਪਖਾਨਿਆਂ ਦੀ ਸਫ਼ਾਈ ਅਤੇ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਉਣ ਤੋਂ ਇਲਾਵਾ ਪਾਬੰਦੀਸ਼ੁਦਾ ਪਲਾਸਟਿਕ ਲਿਫ਼ਾਫ਼ਿਆਂ ਦੀ ਵਰਤੋਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਬਿਜਲੀ ਵਿਭਾਗ ਨੂੰ ਸ਼ਹਿਰ ਵਿੱਚ ਬੇਤਰਤੀਬ ਢੰਗ ਨਾਲ ਲਟਕ ਰਹੀਆਂ ਬਿਜਲੀ ਦੀਆਂ ਤਾਰਾਂ ਨੂੰ ਠੀਕ ਕਰਨ, ਬਿਜਲੀ ਦੀ ਸੁਚਾਰੂ ਸਪਲਾਈ ਅਤੇ ਸਟ੍ਰੀਟ ਲਾਈਟਾਂ ਦੀ ਨਿਰੰਤਰ ਕਾਰਜਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਕਿਹਾ। ਇਸੇ ਤਰ੍ਹਾਂ ਟਰੈਫਿਕ ਪੁਲਿਸ ਨੂੰ ਭੀੜ ਵਾਲੇ ਖੇਤਰਾਂ ਵਿੱਚ ਆਵਾਜਾਈ ਵਿਵਸਥਾ ਸੁਚਾਰੂ ਕਰਨ, ਜ਼ਰੂਰਤ ਮੁਤਾਬਕ ਵਨ-ਵੇ ਪ੍ਰਬੰਧ ਲਾਗੂ ਕਰਨ ਅਤੇ ਗੈਰ-ਕਾਨੂੰਨੀ ਪਾਰਕਿੰਗ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਲਗਾਉਣ ਲਈ ਕਿਹਾ ਗਿਆ। ਡਿਪਟੀ ਕਮਿਸ਼ਨਰ ਨੇ ਸਪਸ਼ਟ ਕੀਤਾ ਕਿ ਵਪਾਰ ਮੰਡਲ ਵੱਲੋਂ ਉਠਾਏ ਗਏ ਮਾਮਲਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇ ਅਤੇ ਇਸ ਸਬੰਧੀ ਕਿਸੇ ਵੀ ਪੱਧਰ 'ਤੇ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਦੌਰਾਨ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ, ਚੇਅਰਪਰਸਨ ਅਮਰਗੜ੍ਹ ਅਸ਼ਵਨੀ ਕੁਮਾਰ, ਡੀ.ਐਸ.ਪੀ. ਮਾਨਵਜੀਤ ਸਿੰਘ ਸਿੱਧੂ, ਸਹਾਇਕ ਕਮਿਸ਼ਨਰ ਮਨਦੀਪ ਕੌਰ, ਕਾਰਜ ਸਾਧਕ ਅਫ਼ਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਕਾਰਜ ਸਾਧਕ ਅਫ਼ਸਰ ਅਮਰਗੜ੍ਹ/ਅਹਿਮਦਗੜ੍ਹ ਅਸ਼ੀਸ਼ ਕੁਮਾਰ, ਸਹਾਇਕ ਇੰਜੀਨੀਅਰ ਪੀ.ਐਸ.ਪੀ.ਸੀ.ਐਲ. ਮੁਹੰਮਦ ਇਸ਼ਹਾਕ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਬੀ.ਸੀ. ਸਰਟੀਫਿਕੇਟਾਂ ਸਬੰਧੀ ਅਸਪਸ਼ਟਤਾ ਦੂਰ ਕਰਨ ਲਈ ਚਲਾਈ ਜਾਵੇਗੀ ਸੂਬਾ ਪੱਧਰੀ ਮੁਹਿੰਮ, ਹਰ ਯੋਗ ਲਾਭਪਾਤਰੀ ਨੂੰ ਮਿਲੇਗਾ ਉਸਦਾ ਹੱਕ: ਡਾ. ਬਲਜੀਤ ਕੌਰ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੀ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਐਲਾਨ ਕੀਤਾ ਕਿ ਬੈਕਵਰਡ ਕਲਾਸ (ਬੀ.ਸੀ.) ਸਰਟੀਫਿਕੇਟਾਂ ਸਬੰਧੀ ਫੈਲੇ ਭਰਮ ਨੂੰ ਦੂਰ ਕਰਨ ਅਤੇ ਹਰ ਯੋਗ ਵਿਅਕਤੀ ਨੂੰ ਉਸ ਦਾ ਬਣਦਾ ਹੱਕ ਯਕੀਨੀ ਬਣਾਉਣ ਲਈ ਸੂਬਾ ਪੱਧਰ 'ਤੇ ਵਿਸ਼ੇਸ਼ ਜਾਗਰੂਕਤਾ ਅਤੇ ਸੁਵਿਧਾ ਮੁਹਿੰਮ ਸ਼ੁਰੂ ਕੀਤੀ ਜਾਵੇਗੀ।

ਅੱਜ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਦੇ ਧਿਆਨ ਵਿੱਚ ਇਹ ਗੱਲ ਆਈ ਹੈ ਕਿ ਕਈ ਥਾਵਾਂ 'ਤੇ ਨਿਯਮਾਂ ਦੀ ਗਲਤ ਵਿਆਖਿਆ ਕਾਰਨ ਯੋਗ ਬਿਨੈਕਾਰਾਂ ਨੂੰ ਬੀ.ਸੀ. ਸਰਟੀਫਿਕੇਟ ਜਾਰੀ ਕਰਨ ਵਿੱਚ ਦਿੱਕਤਾਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਬੀ.ਸੀ. ਸਰਟੀਫਿਕੇਟਾਂ ਸਬੰਧੀ ਨਿਯਮਾਂ ਨੂੰ ਸੂਬੇ ਭਰ ਵਿੱਚ ਇੱਕਸਾਰ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਵਚਨਬੱਧ ਹੈ।

ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਬੀ.ਸੀ. ਸਰਟੀਫਿਕੇਟ ਲਈ ਯੋਗਤਾ ਦਾ ਨਿਰਧਾਰਨ ਕੇਵਲ ਬਿਨੈਕਾਰ ਦੇ ਮਾਪਿਆਂ ਦੀ ਸਥਿਤੀ ਦੇ ਆਧਾਰ 'ਤੇ ਕੀਤਾ ਜਾਂਦਾ ਹੈ। ਜੀਵਨ ਸਾਥੀ ਦੀ ਨੌਕਰੀ, ਆਮਦਨ ਜਾਂ ਸਮਾਜਿਕ ਸਥਿਤੀ ਦਾ ਇਸ ਨਾਲ ਕੋਈ ਸਬੰਧ ਨਹੀਂ ਹੈ। ਇਸੇ ਤਰ੍ਹਾਂ ਚਾਚਾ, ਤਾਇਆ ਜਾਂ ਹੋਰ ਕਿਸੇ ਰਿਸ਼ਤੇਦਾਰ ਦੀ ਸਥਿਤੀ ਨੂੰ ਵੀ ਯੋਗਤਾ ਤੈਅ ਕਰਨ ਦਾ ਆਧਾਰ ਨਹੀਂ ਬਣਾਇਆ ਜਾ ਸਕਦਾ।

ਉਨ੍ਹਾਂ ਦੱਸਿਆ ਕਿ ਸੰਵਿਧਾਨਕ ਅਹੁਦਿਆਂ 'ਤੇ ਤਾਇਨਾਤ ਵਿਅਕਤੀਆਂ, ਨਿਰਧਾਰਤ ਸ਼੍ਰੇਣੀਆਂ ਦੇ ਕਲਾਸ-ਇੱਕ ਅਤੇ ਕਲਾਸ-ਦੋ ਅਧਿਕਾਰੀਆਂ, ਕੁਝ ਪੇਸ਼ੇਵਰਾਂ ਅਤੇ ਨਿਰਧਾਰਤ ਜਾਇਦਾਦ ਜਾਂ ਕ੍ਰੀਮੀ ਲੇਅਰ ਦੀਆਂ ਸ਼ਰਤਾਂ ਵਿੱਚ ਆਉਣ ਵਾਲੇ ਪਰਿਵਾਰਾਂ ਦੇ ਬੱਚੇ ਬੀ.ਸੀ. ਸ਼੍ਰੇਣੀ ਦੇ ਲਾਭਾਂ ਦੇ ਹੱਕਦਾਰ ਨਹੀਂ ਹੁੰਦੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਲਾਸ-ਤਿੰਨ ਅਤੇ ਕਲਾਸ-ਚਾਰ ਕਰਮਚਾਰੀਆਂ ਦੇ ਮਾਮਲਿਆਂ ਵਿੱਚ ਸਿਰਫ਼ ਸਾਲਾਨਾ ਆਮਦਨ ਦੇ ਆਧਾਰ 'ਤੇ ਕ੍ਰੀਮੀ ਲੇਅਰ ਲਾਗੂ ਕਰਕੇ ਬੀ.ਸੀ. ਸਰਟੀਫਿਕੇਟ ਤੋਂ ਇਨਕਾਰ ਕਰਨਾ ਨਿਯਮਾਂ ਦੇ ਉਲਟ ਹੈ।

ਮੰਤਰੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਵਿਅਕਤੀ ਦੇ ਮਾਪਿਆਂ ਜਾਂ ਪਰਿਵਾਰ ਵਿੱਚ ਪਹਿਲਾਂ ਕਦੇ ਬੀ.ਸੀ. ਸਰਟੀਫਿਕੇਟ ਨਹੀਂ ਬਣਿਆ, ਤਾਂ ਇਸ ਆਧਾਰ 'ਤੇ ਨਵੀਂ ਅਰਜ਼ੀ ਰੱਦ ਨਹੀਂ ਕੀਤੀ ਜਾ ਸਕਦੀ। ਨਿਯਮਾਂ ਅਨੁਸਾਰ ਯੋਗ ਹਰ ਵਿਅਕਤੀ ਪਹਿਲੀ ਵਾਰ ਵੀ ਬੀ.ਸੀ. ਸਰਟੀਫਿਕੇਟ ਲਈ ਅਰਜ਼ੀ ਦੇ ਸਕਦਾ ਹੈ।



ਡਾ. ਬਲਜੀਤ ਕੌਰ ਨੇ ਦੱਸਿਆ ਕਿ ਨਿਯਮਾਂ ਦੀ ਇੱਕਸਾਰ ਪਾਲਣਾ ਯਕੀਨੀ ਬਣਾਉਣ ਲਈ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ।

ਇਸ ਤੋਂ ਇਲਾਵਾ ਸੇਵਾ ਕੇਂਦਰਾਂ, ਡੀ.ਸੀ. ਦਫ਼ਤਰਾਂ ਅਤੇ ਹੋਰ ਸਰਟੀਫਿਕੇਟ ਜਾਰੀ ਕਰਨ ਵਾਲੇ ਕੇਂਦਰਾਂ ਵਿੱਚ ਸਰਲ ਹਦਾਇਤਾਂ ਪ੍ਰਦਰਸ਼ਿਤ ਕੀਤੀਆਂ ਜਾਣਗੀਆਂ। ਜਾਗਰੂਕਤਾ ਪੋਸਟਰ ਅਤੇ ਪ੍ਰਿੰਟਿਡ ਦਿਸ਼ਾ-ਨਿਰਦੇਸ਼ ਵੀ ਉਪਲਬਧ ਕਰਵਾਏ ਜਾਣਗੇ, ਤਾਂ ਜੋ ਲੋਕ ਖ਼ੁਦ ਸਮਝ ਸਕਣ ਕਿ ਉਹ ਕ੍ਰੀਮੀ ਲੇਅਰ ਵਿੱਚ ਆਉਂਦੇ ਹਨ ਜਾਂ ਬੀ.ਸੀ. ਸ਼੍ਰੇਣੀ ਦੇ ਲਾਭਾਂ ਦੇ ਹੱਕਦਾਰ ਹਨ।

ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਸਾਲ 2022 ਤੋਂ ਹੁਣ ਤੱਕ ਆਸ਼ੀਰਵਾਦ ਸਕੀਮ ਤਹਿਤ ਕਰੀਬ 76 ਹਜ਼ਾਰ ਬੀ.ਸੀ. ਲਾਭਪਾਤਰੀਆਂ ਨੂੰ ਲਗਭਗ 391 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਲਾਭ ਵੀ ਬੀ.ਸੀ. ਵਿਦਿਆਰਥੀਆਂ ਤੱਕ ਪਹੁੰਚਾਇਆ ਗਿਆ ਹੈ ਅਤੇ ਸਕਾਲਰਸ਼ਿਪ ਦੀ ਰਕਮ ਵਿੱਚ ਵਾਧੇ ਲਈ ਭਾਰਤ ਸਰਕਾਰ ਕੋਲ ਲਗਾਤਾਰ ਮੰਗ ਕੀਤੀ ਜਾ ਰਹੀ ਹੈ।

ਮੰਤਰੀ ਨੇ ਦੱਸਿਆ ਕਿ ਬੈਕਫਿੰਕੋ ਰਾਹੀਂ ਬੀ.ਸੀ. ਵਰਗ ਨਾਲ ਸਬੰਧਤ ਯੋਗ ਲਾਭਪਾਤਰੀਆਂ ਨੂੰ ਸਵੈ-ਰੁਜ਼ਗਾਰ ਲਈ ਰਿਆਇਤੀ ਕਰਜ਼ੇ ਮੁਹੱਈਆ ਕਰਵਾਏ ਜਾ ਰਹੇ ਹਨ। ਉੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਲੜਕਿਆਂ ਅਤੇ ਲੜਕੀਆਂ ਲਈ 100-100 ਸੀਟਾਂ ਵਾਲੇ ਦੋ ਹੋਸਟਲ ਸਥਾਪਤ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਟਾਪ ਕਲਾਸ ਐਜੂਕੇਸ਼ਨ ਸਕੀਮ ਤਹਿਤ 12 ਨਾਮਵਰ ਸੰਸਥਾਵਾਂ ਵਿੱਚ 210 ਸੀਟਾਂ ਰਾਖਵੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਲਈ ਇਸ ਸਾਲ ਕਰੀਬ 179 ਵਿਦਿਆਰਥੀਆਂ ਨੇ ਅਰਜ਼ੀਆਂ ਦਿੱਤੀਆਂ ਹਨ।

ਉਨ੍ਹਾਂ ਦੱਸਿਆ ਕਿ ਟਾਪ ਕਲਾਸ ਸਕੂਲ ਐਜੂਕੇਸ਼ਨ ਸਕੀਮ ਤਹਿਤ ਸੂਚੀਬੱਧ ਸਕੂਲਾਂ ਵਿੱਚ ਪੜ੍ਹ ਰਹੇ ਯੋਗ ਬੀ.ਸੀ. ਵਿਦਿਆਰਥੀਆਂ ਨੂੰ ਨੌਵੀਂ ਅਤੇ ਦਸਵੀਂ ਜਮਾਤ ਲਈ ਲਗਭਗ 75 ਹਜ਼ਾਰ ਰੁਪਏ ਅਤੇ ਗਿਆਰਵੀਂ ਤੇ ਬਾਰ੍ਹਵੀਂ ਜਮਾਤ ਲਈ ਕਰੀਬ 1.25 ਲੱਖ ਰੁਪਏ ਪ੍ਰਤੀ ਸਾਲ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਲਗਭਗ 6,000 ਸਕੂਲਾਂ ਦੀ ਸੂਚੀ ਡਾ. ਭੀਮ ਰਾਓ ਅੰਬੇਡਕਰ ਪੋਰਟਲ 'ਤੇ ਅਪਲੋਡ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਪੂਰੀ ਜਾਣਕਾਰੀ ਇੱਕ ਹੀ ਥਾਂ ਉਪਲਬਧ ਹੋ ਸਕੇ।

ਡਾ. ਬਲਜੀਤ ਕੌਰ ਨੇ ਮੀਡੀਆ ਨੂੰ ਅਪੀਲ ਕਰਦਿਆਂ ਕਿਹਾ ਕਿ ਬੀ.ਸੀ. ਸਰਟੀਫਿਕੇਟ, ਸਿੱਖਿਆ ਅਤੇ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਅਤੇ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੈਣ ਦਾ ਮੁੱਖ ਆਧਾਰ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਿਭਾਗ ਦੀ ਇਹ ਵਿਸ਼ੇਸ਼ ਜਾਗਰੂਕਤਾ ਮੁਹਿੰਮ ਭਰਮ ਦੂਰ ਕਰੇਗੀ, ਨਿਯਮਾਂ ਦੀ ਇੱਕਸਾਰ ਪਾਲਣਾ ਯਕੀਨੀ ਬਣਾਏਗੀ ਅਤੇ ਹਰ ਯੋਗ ਲਾਭਪਾਤਰੀ ਨੂੰ ਉਸ ਦਾ ਬਣਦਾ ਹੱਕ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਮੌਕੇ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਸਪੈਸ਼ਲ ਸਕੱਤਰ ਸ੍ਰੀ ਰਵਿੰਦਰ ਸਿੰਘ ਆਈ.ਏ.ਐਸ, ਡਾਇਰੈਕਟਰ ਸ੍ਰੀਮਤੀ ਵਿੰਮੀ ਭੁੱਲਰ ਆਈ.ਏ.ਐਸ., ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਦੇ ਚੇਅਰਮੈਨ ਸ੍ਰੀ ਮਲਕੀਤ ਸਿੰਘ ਥਿੰਦ, ਸਮਾਜਿਕ ਨਿਆਂ ਵਿਭਾਗ ਦੇ ਨੋਡਲ ਅਫਸਰ ਸ੍ਰੀ ਸੁਖਸਾਗਰ ਸਿੰਘ ਤੋਂ ਇਲਾਵਾ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਫੋਰਟਿਸ ਹਸਪਤਾਲ, ਮੋਹਾਲੀ ਵਿਖੇ ਹੈਲਦੀ ਟਿਫ਼ਨ ਮੁਕਾਬਲੇ ਵਿੱਚ ਏਂਜਲਸ ਵਰਲਡ ਸਕੂਲ ਨੇ ਹਾਸਲ ਕੀਤਾ ਦੂਜਾ ਸਥਾਨ

**ਮੋਰਿੰਡਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫੋਰਟਿਸ ਹਸਪਤਾਲ, ਮੋਹਾਲੀ ਵੱਲੋਂ ਡਾਕਟਰ ਸੋਨੀਆ ਗਾਂਧੀ ਦੀ ਅਗਵਾਈ ਹੇਠ ਟ੍ਰਾਈਸਿਟੀ ਦੇ ਸਕੂਲੀ ਵਿਦਿਆਰਥੀਆਂ ਲਈ 'ਹੈਲਦੀ ਟਿਫ਼ਿਨ ਮੁਕਾਬਲੇ' ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਟ੍ਰਾਈਸਿਟੀ ਦੇ ਕੁੱਲ 12 ਸਕੂਲਾਂ ਨੇ ਉਤਸ਼ਾਹ ਨਾਲ ਭਾਗ ਲਿਆ।




ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਜਾਗਰੂਕ ਕਰਨਾ ਅਤੇ ਰੋਜ਼ਾਨਾ ਜੀਵਨ ਵਿੱਚ ਪੌਸ਼ਟਿਕ ਤੇ ਸੰਤੁਲਿਤ ਭੋਜਨ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ। ਏਂਜਲਸ ਵਰਲਡ ਸਕੂਲ, ਮੋਰਿੰਡਾ ਦੇ ਵਿਦਿਆਰਥੀਆਂ ਨੇ ਵੀ ਇਸ ਮੁਕਾਬਲੇ ਵਿੱਚ ਬੜੇ ਉਤਸ਼ਾਹ ਅਤੇ ਆਤਮ-ਵਿਸ਼ਵਾਸ ਨਾਲ ਭਾਗ ਲੈਂਦਿਆਂ 12 ਸਕੂਲਾਂ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਵੱਲੋਂ ਛੋਲੇ ਚਾਟ, ਕਬਾਬ, ਉੱਤਪਮ, ਰਾਜਮਾ- ਚਾਵਲ ਸਮੇਤ ਕਈ ਤਰ੍ਹਾਂ ਦੇ ਸੁਆਦਲੇ, ਸਿਹਤਮੰਦ ਅਤੇ ਪੌਸ਼ਟਿਕ ਪਕਵਾਨ ਤਿਆਰ ਕਰਕੇ ਬੜੇ ਸੁਚੱਜੇ ਅਤੇ ਆਕਰਸ਼ਕ ਢੰਗ ਨਾਲ ਪੇਸ਼ ਕੀਤੇ ਗਏ। ਸਾਰੇ ਵਿਦਿਆਰਥੀਆਂ ਨੂੰ ਪਾਰਟੀਸਿਪੇਸ਼ਨ ਸਰਟੀਫਿਕੇਟ ਵੀ ਦਿੱਤੇ ਗਏ।

ਇਸ ਮੁਕਾਬਲੇ ਦੌਰਾਨ ਵਿਦਿਆਰਥੀਆਂ ਨੂੰ ਭੋਜਨ ਦੇ ਪੌਸ਼ਟਿਕ ਤੱਤਾਂ, ਸੰਤੁਲਿਤ ਆਹਾਰ ਦੀ ਮਹੱਤਤਾ ਅਤੇ ਸਿਹਤਮੰਦ ਜੀਵਨ-ਸ਼ੈਲੀ ਬਾਰੇ ਵਿਹਾਰਕ ਜਾਣਕਾਰੀ ਪ੍ਰਾਪਤ ਹੋਈ। ਉਨ੍ਹਾਂ ਨੇ ਇਹ ਵੀ ਸਿੱਖਿਆ ਕਿ ਰੋਜ਼ਾਨਾ ਖੁਰਾਕ ਵਿੱਚ ਪੌਸ਼ਟਿਕ ਭੋਜਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਜੰਕ ਫੂਡ ਤੇ ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।

ਵਿਦਿਆਰਥੀਆਂ ਨੇ ਆਪਣੇ ਪਕਵਾਨਾਂ ਦੀ ਪੇਸ਼ਕਾਰੀ ਪੂਰੇ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਸੁਚੱਜੇ ਢੰਗ ਨਾਲ ਕੀਤੀ। ਉਨ੍ਹਾਂ ਦੀ ਮਿਹਨਤ, ਲਗਨ ਅਤੇ ਸਮਰਪਣ ਸਦਕਾ ਸਕੂਲ ਨੇ ਇਹ ਮਾਣਮੱਤੀ ਉਪਲਬਧੀ ਹਾਸਲ ਕੀਤੀ।

ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਦੀਪਿਕਾ ਸ਼ਰਮਾ ਜੀ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਿਹਤਮੰਦ ਭੋਜਨ ਬੱਚਿਆਂ ਦੀ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਉਨ੍ਹਾਂ ਦੇ ਮਾਨਸਿਕ ਵਿਕਾਸ, ਇਕਾਗਰਤਾ ਅਤੇ ਸਿੱਖਣ ਦੀ ਸਮਰੱਥਾ ਲਈ ਵੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਦੇ ਨਾਲ-ਨਾਲ ਆਪਣੀ ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਨੂੰ ਪ੍ਰਗਟ ਕਰਨ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ।

ਪ੍ਰਿੰਸੀਪਲ ਸਾਹਿਬ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ 12 ਸਕੂਲਾਂ ਵਿੱਚੋਂ ਦੂਜਾ ਸਥਾਨ ਹਾਸਲ ਕਰਨਾ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਸਮਰਪਣ ਦਾ ਪ੍ਰਮਾਣ ਹੈ। ਉਨ੍ਹਾਂ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਸਿਹਤਮੰਦ, ਰਚਨਾਤਮਕ ਅਤੇ ਗਿਆਨਵਰਧਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਇਹ ਸ਼ਾਨਦਾਰ ਉਪਲਬਧੀ ਏਂਜਲਸ ਵਰਲਡ ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਲਈ ਮਾਣ ਦਾ ਪਲ ਬਣੀ ਅਤੇ ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ-ਸ਼ੈਲੀ ਅਪਣਾਉਣ ਲਈ ਇੱਕ ਯਾਦਗਾਰ ਤੇ ਗਿਆਨਵਰਧਕ ਅਨੁਭਵ ਪ੍ਰਦਾਨ ਕੀਤਾ।

# ਸਾਉਣੀ ਸੀਜ਼ਨ ਵਿੱਚ ਝੋਨੇ ਦੀ ਸੁਚਾਰੂ ਤੇ ਨਿਰਵਿਘਨ ਖ਼ਰੀਦ ਲਈ ਪੰਜਾਬ ਤਿਆਰ-ਬਰ-ਤਿਆਰ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਆਉਣ ਵਾਲੇ ਸਾਉਣੀ ਮਾਰਕੀਟਿੰਗ ਸੀਜ਼ਨ 2026-27 ਦੌਰਾਨ ਝੋਨੇ ਦੀ ਸੁਚਾਰੂ, ਨਿਰਵਿਘਨ ਅਤੇ ਸਮੇਂ-ਸਿਰ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਹਨ। ਇਸੇ ਉਦੇਸ਼ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਖ਼ਰੀਦ ਏਜੰਸੀਆਂ ਨੂੰ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਹਨ। ਇਨ੍ਹਾਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਖ਼ੂਨ-ਪਸੀਨੇ ਅਤੇ ਮਿਹਨਤ ਨਾਲ ਪੈਦਾ ਕੀਤੇ ਝੋਨੇ ਦੇ ਇੱਕ-ਇੱਕ ਦਾਣੇ ਨੂੰ ਬਿਨਾਂ ਕਿਸੇ ਦੇਰੀ ਤੋਂ ਖਰੀਦਿਆ ਅਤੇ ਚੁੱਕਿਆ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਉਣ ਵਾਲੇ ਖ਼ਰੀਦ ਸੀਜ਼ਨ ਦੌਰਾਨ 5.09 ਲੱਖ ਬਾਰਦਾਨੇ ਦੀ ਲੋੜ ਹੋਵੇਗੀ ਅਤੇ ਇਸ ਦੀ ਉਪਲਬਧਤਾ ਲਈ ਪ੍ਰਬੰਧ ਪਹਿਲਾਂ ਹੀ ਕਰ ਲਏ ਗਏ ਹਨ। ਲੋੜੀਂਦੇ ਬਾਰਦਾਨੇ ਦਾ ਸਮੇਂ ਸਿਰ ਪ੍ਰਬੰਧ ਕੀਤਾ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਖ਼ਰੀਦ ਦੌਰਾਨ ਝੋਨੇ ਦੀ ਭਰਾਈ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ, ਸੂਬਾ ਸਰਕਾਰ ਵੱਲੋਂ ਕੈਸ਼ ਕ੍ਰੈਡਿਟ ਲਿਮਟ (ਸੀ.ਸੀ.ਐਲ.) ਲਈ ਪਹਿਲਾਂ ਹੀ ਆਰ.ਬੀ.ਆਈ. ਨੂੰ ਪ੍ਰਸਤਾਵ ਭੇਜ ਦਿੱਤਾ ਗਿਆ ਹੈ। ਅਸੀਂ ਭਾਰਤੀ ਸਟੇਟ ਸਟੇਟ ਬੈਂਕ ਅਤੇ ਆਰ.ਬੀ.ਆਈ. ਨਾਲ ਲਗਾਤਾਰ ਪੈਰਵੀ ਕਰ ਰਹੇ ਹਾਂ ਅਤੇ ਸੀ.ਸੀ.ਐਲ. ਨੂੰ ਜਲਦ ਹੀ ਮਿਲਣ ਦੀ ਸੰਭਾਵਨਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ 2026-27 ਦੇ ਸੀਜ਼ਨ ਦੌਰਾਨ ਪੰਜਾਬ ਵਿੱਚ ਲਗਪਗ 180 ਲੱਖ ਮੀਟ੍ਰਿਕ ਟਨ ਝੋਨਾ ਆਉਣ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ, ਸੀਪੀ, ਐਸਐਸਪੀ, ਮੰਡੀ ਬੋਰਡ ਅਤੇ ਪੁਲਿਸ ਵਿਭਾਗ ਨੂੰ ਸਖ਼ਤ ਨਿਗਰਾਨੀ ਰੱਖਣ ਅਤੇ ਦੂਜੇ ਰਾਜਾਂ ਤੋਂ ਪੰਜਾਬ ਵਿੱਚ ਝੋਨੇ ਦੀ ਆਮਦ ਨੂੰ ਪ੍ਰਭਾਵੀ ਢੰਗ ਨਾਲ ਰੋਕਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ, ਪਿਛਲੇ ਚਾਰ ਸਾਲਾਂ ਦੌਰਾਨ ਕਿਸਾਨਾਂ ਨੂੰ ਆਪਣਾ ਅਨਾਜ ਵੇਚਣ ਵਿੱਚ ਕਦੇ ਵੀ ਕੋਈ ਮੁਸ਼ਕਲ ਪੇਸ਼ ਨਹੀਂ ਆਈ ਅਤੇ ਇਸੇ ਅਮਲ ਨੂੰ ਬਰਕਰਾਰ ਰੱਖਿਆ ਜਾਵੇਗਾ। ਜ਼ਿਕਰਯੋਗ ਹੈ ਕਿ ਨਾ ਸਿਰਫ਼ ਸੁਚਾਰੂ, ਨਿਰਵਿਘਨ ਅਤੇ ਸਮੇਂ ਸਿਰ ਖ਼ਰੀਦ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ, ਸਗੋਂ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਸਮੇਂ ਸਿਰ ਭੁਗਤਾਨ ਵੀ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਵੇਚਣ ਵਿੱਚ ਖੱਜਲ-ਖੁਆਰ ਨਾ ਹੋਣਾ ਪਵੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੂਰੀ ਖਰੀਦ ਪ੍ਰਕਿਰਿਆ ਨੂੰ ਨਿਰਵਿਘਨ ਅਤੇ ਕਿਸਾਨ-ਪੱਖੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ, ਪੰਜਾਬੀ ਕਿਸਾਨਾਂ ਵੱਲੋਂ ਮਿਹਨਤ ਨਾਲ ਪੈਦਾ ਕੀਤੇ ਅਨਾਜ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।ਜੇਕਰ ਕਿਸੇ ਕਿਸਾਨ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਆਉਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।"

ਸੂਬੇ ਦੀਆਂ ਖ਼ਰੀਦ ਏਜੰਸੀਆਂ ਨੂੰ ਆਉਣ ਵਾਲੇ ਸੀਜ਼ਨ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਸਰਕਾਰ ਹਰ ਪੱਧਰ 'ਤੇ ਪੁਖ਼ਤਾ ਖ਼ਰੀਦ ਪ੍ਰਬੰਧ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੁੱਖ ਮੰਤਰੀ ਨੇ ਕਿਹਾ, ਮੈਂ ਨਿੱਜੀ ਤੌਰ 'ਤੇ ਪੂਰੀ ਖ਼ਰੀਦ ਪ੍ਰਕਿਰਿਆ ਦੀ ਨਿਗਰਾਨੀ ਕਰਾਂਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਨਾ ਹੋਵੇ। ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਪ੍ਰਮੁੱਖ ਸਕੱਤਰ ਖੁਰਾਕ ਅਤੇ ਸਿਵਲ ਸਪਲਾਈ ਰਾਹੁਲ ਤਿਵਾੜੀ, ਖੁਰਾਕ ਅਤੇ ਸਿਵਲ ਸਪਲਾਈ ਦੇ ਡਾਇਰੈਕਟਰ ਵਰਿੰਦਰ ਸ਼ਰਮਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਸਰਕਾਰੀ ਕਾਲਜ ਮਾਛੀਵਾੜਾ ਦੀ ਦਮਨਪ੍ਰੀਤ ਕੌਰ ਬਣੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਪੁਜੀਸ਼ਨ ਹੋਲਡਰ



**ਮਾਛੀਵਾੜਾ ਸਾਹਿਬ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਕਾਲਜ ਮਾਛੀਵਾੜਾ ਪ੍ਰਿੰਸੀਪਲ ਨੰਦਿਨੀ ਵੈਦ ਦੀ ਯੋਗ ਅਗਵਾਈ ਹੇਠ ਕਾਲਜ ਦਾ ਉਦੇਸ਼ ਵਿਦਿਆਰਥੀਆਂ ਨੂੰ ਕਿੱਤਾ-ਮੁੱਖੀ ਉਚੇਰੀ ਸਿੱਖਿਆ ਦੇਣਾ ਹੈ।ਪੰਜਾਬ ਯੂਨਵਰਸਿਟੀ,ਚੰਡੀਗੜ ਦੇ ਐਲਾਨੇ ਨਤੀਜਿਆਂ ਅਨੁਸਾਰ ਸਰਕਾਰੀ ਕਾਲਜ ਮਾਛੀਵਾੜਾ ਦੇ ਬੀ.ਬੀ.ਏ. ਵਿਭਾਗ ਦਾ ਨਤੀਜਾ ਸ਼ਾਨਦਾਰ ਰਿਹਾ।

ਪ ੰ ਜ ਾ ਬ ਯੂਨੀਵਰਸਿਟੀ,ਚੰਡੀਗੜ੍ਹ ਦੇ ਐਲਾਨੇ ਚੌਥੇ ਸਮੈਸਟਰ ਦੇ ਨਤੀਜਿਆਂ ਦੌਰਾਨ ਬੀ.ਬੀ.ਏ. ਵਿਭਾਗ ਦੀ ਵਿਦਿਆਰਥਣ ਦਮਨਪ੍ਰੀਤ ਕੌਰ ਨੇ 8 08 ਅੰਕਾਂ ਨਾਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚੋਂ ਪਹਿਲਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਅਨਮੋਲਦੀਪ ਕੌਰ ਨੇ 7.08 ਅੰਕ ਲੈਣ ਕੇ ਯੂਨੀਵਰਸਿਟੀ ਚੰਡੀਗੜ੍ਹ 'ਚੋਂ ਪੰਜਵਾ ਸਥਾਨ ਹਾਸਿਲ ਕੀਤਾ। ਜਸ਼ਨਦੀਪ ਕੌਰ ਨੇ 6 75 ਅੰਕਾਂ ਨਾਲ ਕਾਲਜ ਵਿਚੋਂ ਤੀਸਰੀ ਪੁਜੀਸ਼ਨ ਹਾਸਿਲ ਕੀਤੀ।

ਪ੍ਰਿੰਸੀਪਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਵਾਇਸ ਪ੍ਰਿੰਸੀਪਲ ਸਹਾਇਕ ਪ੍ਰੋਫ਼ੈਸਰ ਪਰਦੀਪ ਸਿੰਘ ਨੇ ਬੀ.ਬੀ.ਏ. ਵਿਭਾਗ ਦੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ। ਵਿਭਾਗ ਦੇ ਮੁੱਖੀ ਸਹਾਇਕ ਪ੍ਰੋਫ਼ੈਸਰ ਅਜੈ ਕੁਮਾਰ ਨੇ ਕਿਹਾ ਕਿ ਵਿਭਾਗ ਭਵਿੱਖ ਵਿਚ ਵੀ ਸ਼ਾਨਦਾਰ ਨਤੀਜਿਆਂ ਲਈ ਪ੍ਰਤੀਬੱਧ ਹੈ।ਇਸ ਸਮੇਂ ਸਹਾਇਕ ਪ੍ਰੋਫ਼ੈਸਰ ਅਮਰੀਸ਼ ਖੁੱਲਰ, ਸਹਾਇਕ ਪ੍ਰੋਫ਼ੈਸਰ ਡਾ.ਕਮਲਜੀਤ ਕੌਰ ਬਾਂਗਾ, ਸਹਾਇਕ ਪ੍ਰੋਫ਼ੈਸਰ ਬੰਗੇਰਾ ਰੁਪਿੰਦਰ ਕੌਰ,ਸਹਾਇਕ ਪ੍ਰੋਫ਼ੈਸਰ ਅਮਨਦੀਪ ਕੌਰ ਅਤੇ ਦੇ ਅਧੀਨ ਬੀ.ਬੀ.ਏ. ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਸੁਨੀਲ ਕੁਮਾਰ ,ਸਹਾਇਕ ਪ੍ਰੋਫ਼ੈਸਰ ਗੁਰਪ੍ਰੀਤ ਕੌਰ ਅਤੇ ਸਹਾਇਕ ਪ੍ਰੋਫ਼ੈਸਰ ਅਮਨਦੀਪ ਕੌਰ ਵੀ ਹਾਜ਼ਿਰ ਸਨ।

# ਭਾਜਪਾ ਹਾਈਕਮਾਂਡ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਜਿੱਤਣ ਲਈ ਮਾਸਟਰ ਪਲਾਨ ਤਿਆਰ : ਖੱਟੜਾ

**ਪਟਿਆਲਾ, 6 ਸਤੰਬਰ**
**ਰਣਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਦੀ ਸਿਰਮੌਰ ਸਮਾਜ ਸੇਵੀ ਸੰਸਥਾ ਦੀ ਪਟਿਆਲਾ ਵੈਲਫੇਅਰ ਸੁਸਾਇਟੀ ਦੀ ਅਹਿਮ ਮੀਟਿੰਗ ਐਡਵੋਕੇਟ ਸਤਬੀਰ ਸਿੰਘ ਖੱਟੜਾ ਦੀ ਅਗਵਾਈ ਹੇਠ ਹੋਈ। ਜਿਥੇ ਸਮਾਜ ਸੇਵਾ ਦੇ ਕਾਰਜਾਂ @ਤੇ ਵਿਚਾਰ ਚਰਚਾ ਕੀਤੀ ਗਈ, ਉਥੇ ਹੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸੰਬੰਧੀ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਉਨ੍ਹਾਂ ਵਰਕਰਾਂ ਨੂੰ ਦਿਹਾਤੀ ਹਲਕਾ ਵਿਚ ਹੁਣ ਤੋਂ ਹੀ ਡੱਟ ਜਾਣ ਲਈ ਕਿਹਾ। ਉਨ੍ਹਾਂ ਕਿਹਾ ਕਿ ਭਾਜਪਾ ਹਾਈਕਮਾਂਡ ਕਿਸੀ ਵੀ ਕੀਮਤ ਉਤੇ ਪੰਜਾਬ ਵਿੱਚ ਢਿੱਲ ਵਰਤਣ ਦੇ ਰੌਅ ਵਿਚ ਨਹੀਂ ਹੈ। ਉਨ੍ਹਾਂ ਅੱਗੇ ਕਿਹਾ ਕਿ ਮੈ ਭਾਜਪਾ ਵਿੱਚ ਕੁਝ ਸਮਾਂ ਪਹਿਲੇ ਜੁਆਇੰਨ ਕੀਤੀ ਹੁੰਦੀ ਤਾਂ ਮਹਾਰਾਣੀ ਪਰਨੀਤ ਕੌਰ ਅੱਜ ਕੇਂਦਰ ਸਰਕਾਰ ਵਿਚ ਸੀਨੀਅਰ ਮੰਤਰੀ ਪਦ ਉਤੇ ਹੁੰਦੀ ਕਿਉਕਿ ਉਨਾਂ ਨੂੰ ਪਟਿਆਲਾ ਦਿਹਾਤੀ ਵਿਚ ਨਾ ਮਾਤਰ ਵੋਟਾਂ ਮਿਲੀਆਂ। ਇਸ ਮੌਕੇ ਬੋਲਦਿਆਂ ਸੁਸਾਇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸਾਰੀ ਪੁਰਾਣੀ ਟੀਮ ਮੀਟਿੰਗ ਵਿਚ ਮੌਜੂਦ ਸੀ। ਇਥੇ ਸਮੁੱਚੇ ਪੁਰਾਣੇ ਵਰਕਰਾਂ ਤੇ ਆਗੂਆਂ ਨੇ ਐਡਵੋਕੇਟ ਖੱਟੜਾ ਨੂੰ ਪਟਿਆਲਾ ਦਿਹਾਤੀ ਹਲਕੇ ਤੋਂ ਵਿਧਾਨ ਸਭਾ ਚੋਣਾਂ ਵਿਚ ਜਿਤਾਉਣ ਲਈ ਕਮਰ ਕਸ ਲਈ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਵੋਟਾਂ ਚੇਹਰੇ ਦੇਖ ਕੇ ਵੀ ਵੋਟਾਂ ਪੈਣਗੀਆਂ। ਲੋਕ ਇਹ ਦੇਖ ਕੇ ਵੋਟਾਂ ਪਾਉਣਗੇ ਕਿ ਕਿਹੜਾ ਉਮੀਦਵਾਰ ਉਨ੍ਹਾਂ ਦੇ ਦੁੱਖ ਸੁੱਖ ਸਾਥ ਦੇ ਸਕਦਾ ਹੈ। ਇਸ ਮੌਕੇ ਜਥੇਦਾਰ ਅਮਰੀਕ ਸਿੰਘ ਲੰਘ ਨੇ ਆਪਣੇ ਪ੍ਰਭਾਵ ਸ਼ਾਲੀ ਸੰਬੋਧਨ ਵਿਚ ਕਿਹਾ ਕੇ ਪੰਜਾਬ ਦੇ ਵਪਾਰੀ ਤਰਾਹ ਤਰਾਹ ਕਰ ਰਹੇ ਹਨ ਜਦੋਂ ਕਿ ਹੋਰ ਸੂਬੇ ਵਾਪਰੀਆਂ ਨੂੰ ਹਰ ਪੱਖੋਂ ਸੰਤੁਸ਼ਟ ਕਰ ਰਹੇ ਹਨ ਉਨਾਂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਵਿੱਚੋਂ ਗਰੀਬੀ ਚੁੱਕਣ ਲਈ ਪੰਜਾਬ ਵਿੱਚ ਭਾਜਪਾਂ ਦੀ ਅਗਵਾਈ ਵਾਲੀ ਡਬਲ ਇੰਜਣ ਦੀ ਸਰਕਾਰ ਬਣਾਈ ਜਾਵੇ। ਇਸ ਮੌਕੇ ਸੂਬੇਦਾਰ ਗੁਰਨਾਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਤਕ ਦੀ ਸਭ ਤੋਂ ਜਾਲਮ ਸਰਕਾਰ ਸਾਬਿਤ ਹੋਈ ਹੈ।

# ਮਜੀਠੀਆ ਪਹਿਲਾਂ ਆਪਣੀ ਅਥਾਹ ਦੌਲਤ ਦਾ ਹਿਸਾਬ ਦੇਵੇ, ਫਿਰ ਦੂਜਿਆਂ 'ਤੇ ਉਂਗਲ ਚੁੱਕੇ: ਬਲਤੇਜ ਸਿੰਘ ਪੰਨੂ

**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਲਗਾਏ ਜਾ ਰਹੇ ਦੋਸ਼ਾਂ ਦਾ ਜਵਾਬ ਦਿੰਦਿਆਂ ਤਿੱਖਾ ਹਮਲਾ ਬੋਲਿਆ ਹੈ। ਪੰਨੂ ਨੇ ਮਜੀਠੀਆ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਦੂਸਰਿਆਂ ਵੱਲ ਉਂਗਲ ਚੁੱਕਣ ਵਾਲੇ ਆਗੂ ਨੂੰ ਪਹਿਲਾਂ ਖੁਦ ਆਪਣੀ ਅਥਾਹ ਜਾਇਦਾਦ ਬਾਰੇ ਜਨਤਾ ਨੂੰ ਜਵਾਬ ਦੇਣਾ ਚਾਹੀਦਾ ਹੈ।

ਪਟਿਆਲਾ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਬਲਤੇਜ ਪੰਨੂ ਨੇ ਸਵਾਲ ਕਰਦਿਆਂ ਕਿਹਾ ਕਿ ਜਿਸ ਵਿਅਕਤੀ ਕੋਲ ਕਦੇ ਸਿਰਫ਼ ਇੱਕ ਹਰੇ ਰੰਗ ਦੀ ਕੁਆਲਿਸ ਗੱਡੀ ਹੁੰਦੀ ਸੀ, ਅੱਜ ਉਸ ਕੋਲ ਇੰਨੀ ਬੇਸ਼ੁਮਾਰ ਜਾਇਦਾਦ ਕਿੱਥੋਂ ਅਤੇ ਕਿਵੇਂ ਆ ਗਈ ? ਉਨ੍ਹਾਂ ਅਕਾਲੀ ਦਲ 'ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਹਨਾਂ ਆਗੂਆਂ ਨੇ ਪੰਜਾਬ ਨੂੰ ਕਰਜ਼ੇ ਦੀ ਦਲਦਲ ਵਿੱਚ ਧੱਕ ਕੇ ਆਪਣੇ ਨਿੱਜੀ ਕਰਜ਼ੇ ਉਤਾਰੇ ਹਨ। ਪੰਜਾਬ ਦੇ ਲੋਕ ਇਹਨਾਂ ਦੀਆਂ ਸਾਰੀਆਂ ਕਰਤੂਤਾਂ ਤੋਂ ਭਲੀ-ਭਾਂਤ ਜਾਣੂ ਹਨ।

ਮਜੀਠੀਆ ਵੱਲੋਂ ਸੋਸ਼ਲ ਮੀਡੀਆ ਜਾਂ ਪ੍ਰੈਸ ਵਿੱਚ ਦਿਖਾਈਆਂ ਜਾ ਰਹੀਆਂ ਤਸਵੀਰਾਂ 'ਤੇ ਚੁਟਕੀ ਲੈਂਦਿਆਂ ਪੰਨੂ ਨੇ ਕਿਹਾ ਕਿ ਜਿਹੜੇ ਵਿਅਕਤੀਆਂ ਦੀਆਂ ਤਸਵੀਰਾਂ ਦਿਖਾਈਆਂ ਜਾ ਰਹੀਆਂ ਹਨ, ਉਹ ਤਾਂ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਦੇ ਵੀ ਨੇੜਲੇ ਸੰਪਰਕ ਵਿੱਚ ਹਨ। ਇਸ ਤੋਂ ਇਹ ਸਾਫ਼ ਜ਼ਾਹਿਰ ਹੁੰਦਾ ਹੈ ਕਿ ਮਜੀਠੀਆ ਖੁਦ ਭਾਜਪਾ ਦੇ ਇਸ਼ਾਰੇ 'ਤੇ ਇਹ ਸਾਰੀਆਂ ਸਿਆਸੀ ਚਾਲਾਂ ਚੱਲ ਰਹੇ ਹਨ। ਪੰਨੂ ਨੇ ਮਜੀਠੀਆ ਨੂੰ ਸਿੱਧਾ ਸਵਾਲ ਕਰਦਿਆਂ ਕਿਹਾ ਕਿ ਉਹ ਸਪੱਸ਼ਟ ਕਰਨ ਕਿ ਉਨ੍ਹਾਂ ਦਾ ਪਿੰਦੇ ਅਤੇ ਸੱਤੇ ਨਾਲ ਕੀ ਸਬੰਧ ਹੈ, ਜਦਕਿ ਪਿੰਦੇ ਨੂੰ ਤਾਂ ਐਫ.ਬੀ.ਆਈ. ਵੱਲੋਂ ਗ੍ਰਿਫ਼ਤਾਰ ਵੀ ਕੀਤਾ ਜਾ ਚੁੱਕਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਜਿਸ ਵਿਅਕਤੀ ਖ਼ਿਲਾਫ਼ ਪਹਿਲਾਂ ਹੀ ਈ.ਡੀ. (ਇਨਫੋਰਸਮੈਂਟ ਡਾਇਰੈਕਟੋਰੇਟ) ਅਤੇ ਐਨ.ਡੀ.ਪੀ.ਐਸ. (ਨਸ਼ਾ ਤਸਕਰੀ) ਵਰਗੇ ਅਤਿ-ਗੰਭੀਰ ਅਪਰਾਧਿਕ ਮਾਮਲੇ ਦਰਜ ਹਨ, ਉਸ ਨੂੰ ਦੂਜਿਆਂ 'ਤੇ ਚਿੱਕੜ ਉਛਾਲਣਾ ਸ਼ੋਭਾ ਨਹੀਂ ਦਿੰਦਾ। ਅਜਿਹੇ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਿਹਾ ਵਿਅਕਤੀ ਸਿਰਫ਼ ਆਪਣੀ ਹੋਂਦ ਬਚਾਉਣ ਲਈ ਝੂਠੇ ਦੋਸ਼ ਲਾ ਕੇ ਫੋਕੀ ਸਿਆਸਤ ਚਮਕਾਉਣ ਦੀ ਨਾਕਾਮ ਕੋਸ਼ਿਸ਼ ਕਰ ਰਿਹਾ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਓਐਸਡੀ ਗੁਰਵਿੰਦਰ ਸਿੰਘ, ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ, ਸਿਮਰਨ ਗਰੇਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।

# ਜ਼ਿਲ੍ਹੇ ਦੇ ਸਾਰੇ 1997 ਪੋਲਿੰਗ ਸਟੇਸ਼ਨਾਂ 'ਤੇ ਲਗਾਏ ਜਾਣਗੇ ਵਿਸ਼ੇਸ਼ ਕੈਂਪ

**ਜਲੰਧਰ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ)-2026 ਦਾ ਮਹੱਤਵਪੂਰਣ ਕੰਮ ਚੱਲ ਰਿਹਾ ਹੈ। ਇਸ ਤਹਿਤ 13 ਅਗਸਤ 2026 ਨੂੰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਢਲੀ ਵੋਟਰ ਸੂਚੀ ਸਬੰਧੀ ਦਾਅਵੇ ਅਤੇ ਇਤਰਾਜ਼ 12 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ। ਵੋਟਰ ਆਪਣੇ ਦਾਅਵੇ ਅਤੇ ਇਤਰਾਜ਼ ਸਬੰਧੀ ਫਾਰਮ ਨੰਬਰ 6, 6-ਏ ਅਤੇ 8 ਆਨਲਾਈਨ www.voters.eci.gov.in ਅਤੇ Voter Helpline App ਰਾਹੀਂ ਜਾਂ ਆਫ਼ਲਾਈਨ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ (ਈ.ਆਰ.ਓ.) ਅਤੇ ਬੀ.ਐਲ.ਓ. ਕੋਲ ਜਮ੍ਹਾ ਕਰਵਾ ਸਕਦੇ ਹਨ। ੀ ਵਾਲੀਆ ਨੇ ਅੱਗੇ ਦੱਸਿਆ ਕਿ ਐਸ.ਆਈ.ਆਰ.-2026 ਤਹਿਤ ਆਮ ਲੋਕਾਂ ਅਤੇ ਵੋਟਰਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਜ਼ਿਲ੍ਹੇ ਦੇ ਸਾਰੇ 1997 ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਦੌਰਾਨ ਸਾਰੇ ਬੀ.ਐਲ.ਓ. ਆਪੋ-ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ, ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਸਬੰਧੀ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕਰਨਗੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 1 ਅਕਤੂਬਰ 2026 ਦੇ ਆਧਾਰ 'ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਕੇ ਇਸ ਵਿਸ਼ੇਸ਼ ਕੈਂਪ ਦਾ ਲਾਭ ਲੈਣ।

# 70ਵੇਂ ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਤਾਈਕਵਾਂਡੋ ਮੁਕਾਬਲੇ ਕਰਵਾਏ ਗਏ



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਦੇ ਤਾਈਕਵਾਂਡੋ ਦੇ ਮੁਕਾਬਲੇ ਪੀ.ਐੱਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਮਲਟੀਪਰਪਜ਼ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਗਏ।

ਅੰਡਰ 14 ਦੇ ਮੁਕਾਬਲਿਆਂ ਵਿੱਚ -41 ਭੁਪਿੰਦਰ ਸਿੰਘ ਪਟਿ- ਨੇ ਗੋਲਡ,-18 ਵੀਵਾਣ ਸੈਣੀ ਪਟਿ-3 ਜੋਨ ਨੇ ਗੋਲਡ,-38 ਅਰਨਵ ਸ਼ਰਮਾ ਪਟਿ-2 ਜੋਨ ਨੇ ਗੋਲਡ,-21 ਸੁਖਵੀਰ ਸਿੰਘ ਭੁੰਨਰਹੇੜੀ ਜੋਨ ਨੇ ਗੋਲਡ, -29 ਰੋਹਿਤ ਗਿਰੀ ਨੇ ਗੋਲਡ,ਅੰਡਰ 17 ਦੇ ਮੁਕਾਬਲਿਆਂ ਵਿੱਚ -38 ਅੰਮ੍ਰਿਤ ਮਲਿਕ ਭੁੰਨਰਹੇੜੀ ਜੋਨ ਨੇ ਗੋਲਡ, -41 ਖੁਸ਼ਪ੍ਰੀਤ ਸਿੰਘ ਰਾਜਪੁਰਾ ਜੋਨ ਨੇ ਗੋਲਡ ਅਤੇ-35 ਨਰੇਸ਼ ਕੁਮਾਰ ਰਾਜਪੁਰਾ ਜੋਨ ਨੇ ਗੋਲਡ ਜਿੱਤਿਆ।ਅੰਗਰੇਜ਼ ਸ਼ਰਮਾ ਅਤੇ ਹਰੀਸ਼ ਕੁਮਾਰ ਰਾਵਤ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਮੋਹਿਤ ਕੁਮਾਰ ਡੀਪੀਈ (ਕਨਵੀਨਰ), ਬੁੱਧ ਰਾਮ,ਹਰਪ੍ਰੀਤ ਸਿੰਘ, ਇੰਦਰ ਕੋਚ,ਅਭਿਨਵ ਕੋਚ, ਸੁਰਿੰਦਰ ਪਾਲ ਸਿੰਘ ਡੀਪੀਈ,ਅਨਮੋਲ ਕੋਚ,ਰਕੇਸ਼ ਕੁਮਾਰ ਕੋਚ, ਸਿਮਰਨ ਕੋਚ,ਪਵਨ ਸਿੰਗਲਾ,ਇੰਦਰ ਕੁਮਾਰ ਕੋਚ,ਹਰਦੀਪ ਕੁਮਾਰ ਕੋਚ,ਨੀਰਜ ਪਾਠਕ ਕੋਚ, ਮਨਦੀਪ ਕੌਰ,ਪਰਤੋਸ਼ ਗੋਰੀ ਕੋਚ,ਅਜਮੇਰ ਸਿੰਘ,ਰਾਕੇਸ਼ ਕੁਮਾਰ ਲਚਕਾਣੀ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੌਰਟੀਕਲਚਰ ਨਾਲਿਜ ਸੈਂਟਰ ਨੂੰ ਮਨਜ਼ੂਰੀ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਫ਼ਸਲੀ ਵਿਭਿੰਨਤਾ ਨੂੰ ਵੱਡੇ ਪੱਧਰ 'ਤੇ ਹੁਲਾਰਾ ਦੇਣ ਅਤੇ ਸੂਬੇ ਦੇ ਬਾਗ਼ਬਾਨੀ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਵੱਡੀ ਪਹਿਲਕਦਮੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ (ਜੇਆਈਸੀਏ) ਦੇ ਸਹਿਯੋਗ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਇੱਕ ਹੌਰਟੀਕਲਚਰ ਨਾਲਿਜ ਸੈਂਟਰ ਸਥਾਪਤ ਕਰਨ ਨੂੰ ਮਨਜ਼ੂਰੀ ਦਿੱਤੀ। ਇਹ ਪਹਿਲਕਦਮੀ 1300 ਕਰੋੜ ਰੁਪਏ ਦੇ ਪ੍ਰਾਜੈਕਟ ਦਾ ਹਿੱਸਾ ਹੈ, ਜਿਸ ਉਦੇਸ਼ ਬਾਗ਼ਬਾਨੀ ਦਾ ਵਿਸਥਾਰ ਕਰਨਾ, ਵੈਲਯੂ ਚੇਨ ਨੂੰ ਮਜ਼ਬੂਤ ਕਰਨਾ ਅਤੇ ਕਿਸਾਨਾਂ ਦੀ ਆਮਦਨ ਨੂੰ ਵਧਾਉਣਾ ਹੈ।



ਜ਼ਿਕਰਯੋਗ ਹੈ ਕਿ ਪੰਜਾਬ ਨੇ 2036 ਤੱਕ ਬਾਗ਼ਬਾਨੀ ਹੇਠਲੇ ਰਕਬੇ ਨੂੰ 16 ਲੱਖ ਹੈਕਟੇਅਰ ਤੱਕ ਵਧਾਉਣ ਦਾ ਟੀਚਾ ਰੱਖਿਆ ਹੈ।

ਬਾਗ਼ਬਾਨੀ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰਾਜੈਕਟ ਦਾ ਮੁੱਖ ਉਦੇਸ਼ ਬਾਗ਼ਬਾਨੀ ਹੇਠਲੇ ਰਕਬੇ ਦਾ ਵਿਸਥਾਰ ਅਤੇ ਮਜ਼ਬੂਤ ਵੈਲਯੂ ਚੇਨ ਬੁਨਿਆਦੀ ਢਾਂਚੇ ਰਾਹੀਂ ਬਾਗ਼ਬਾਨੀ ਫ਼ਸਲਾਂ ਨੂੰ ਉਤਸ਼ਾਹਿਤ ਕਰਨਾ ਹੈ। ਇਹ ਨਾ ਸਿਰਫ਼ ਫਸਲੀ ਵਿਭਿੰਨਤਾ ਲਿਆ ਕੇ ਕਿਸਾਨਾਂ ਦੀ ਆਮਦਨ ਵਧਾਏਗਾ, ਸਗੋਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਉਣ ਅਤੇ ਪਾਣੀ ਦੀ ਸੰਭਾਲ ਲਈ ਟਿਕਾਊ ਖੇਤੀਬਾੜੀ ਅਭਿਆਸਾਂ ਵੱਲ ਵੀ ਉਤਸ਼ਾਹਿਤ ਕਰੇਗਾ।"

ਮੁੱਖ ਮੰਤਰੀ ਨੇ ਕਿਹਾ, "ਪੰਜਾਬ ਵਿੱਚ ਇਸ ਸਮੇਂ 41.25 ਲੱਖ ਹੈਕਟੇਅਰ ਰਕਬਾ ਕਾਸ਼ਤ ਅਧੀਨ ਹੈ, ਜਿਸ ਵਿੱਚੋਂ 5.27 ਲੱਖ ਹੈਕਟੇਅਰ ਖੇਤਰ ਬਾਗ਼ਬਾਨੀ ਹੇਠ ਹੈ, ਜਿਸ ਦਾ ਉਤਪਾਦਨ 106.10 ਲੱਖ ਮੀਟ੍ਰਿਕ ਟਨ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬਾਗ਼ਬਾਨੀ ਵਿੱਚ ਫਲ, ਸਬਜ਼ੀਆਂ, ਮਸਾਲੇ ਅਤੇ ਖੁਸ਼ਬੂਦਾਰ ਪਦਾਰਥ, ਫੁੱਲ ਅਤੇ ਹੋਰ ਵਸਤਾਂ ਦੀ ਕਾਸ਼ਤ ਕੀਤੀ ਜਾਂਦੀ ਹੈ। ਇਸ ਵਿੱਚ ਮੁੱਖ ਫਲ ਕਿੰਨੂ ਅਤੇ ਅਮਰੂਦ ਹਨ, ਜਦੋਂ ਕਿ ਮੁੱਖ ਸਬਜ਼ੀਆਂ ਆਲੂ ਅਤੇ ਮਟਰ ਹਨ। ਇਸ ਤੋਂ ਇਲਾਵ ਮਧੂ-ਮੱਖੀ ਪਾਲਣ ਅਤੇ ਖੁੰਬਾਂ ਦੀ ਕਾਸ਼ਤਕਾਰੀ ਵੀ ਬਾਗ਼ਬਾਨੀ ਦਾ ਹੀ ਹਿੱਸਾ ਹੈ।

ਉਨ੍ਹਾਂ ਕਿਹਾ, ਬਾਗ਼ਬਾਨੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਜੇਆਈਸੀਏ ਦੇ ਸਹਿਯੋਗ ਵਾਲੇ ਇਸ 1300 ਕਰੋੜੀ ਪ੍ਰਾਜੈਕਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਪ੍ਰਾਜੈਕਟ ਵਿੱਚ ਮਸ਼ੀਨਰੀ, ਬੁਨਿਆਦੀ ਢਾਂਚੇ, ਮਾਰਕੀਟਿੰਗ, ਬੀਜ ਅਤੇ ਖੋਜ ਵਿੱਚ ਨਿਵੇਸ਼ ਦੀ ਸੰਭਾਵਨਾ ਹੈ, ਜਿਸ ਤਹਿਤ 2036 ਤੱਕ ਬਾਗ਼ਬਾਨੀ ਅਧੀਨ ਰਕਬਾ 16 ਲੱਖ ਹੈਕਟੇਅਰ ਤੱਕ ਵਧਾਇਆ ਜਾਣਾ ਹੈ, ਜੋ ਮੌਜੂਦਾ ਪੱਧਰ ਤੋਂ ਲਗਪਗ 300 ਫੀਸਦੀ ਵਾਧੇ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, ਸਾਡੀ ਮੁੱਖ ਤਰਜੀਹ ਇੱਕ ਟਿਕਾਊ ਬਾਗ਼ਬਾਨੀ ਵੈਲਯੂ ਚੇਨ ਵਿਕਸਤ ਕਰਨਾ, ਬਾਗ਼ਬਾਨੀ ਹੇਠਲੇ ਖੇਤਰ ਦਾ ਵਿਸਥਾਰ ਅਤੇ ਕਿਸਾਨਾਂ ਨੂੰ ਉਤਸ਼ਾਹਿਤ ਕਰਨਾ ਹੈ ਤਾਂ ਜੋ ਉੱਚ-ਗੁਣਵੱਤਾ ਤੇ ਲਾਹੇਵੰਦ ਬੂਟਿਆਂ ਨਾਲ ਨਰਸਰੀਆਂ ਦੀ ਵਿਭਿੰਨਤਾ ਅਤੇ ਸੁਧਾਰ ਨੂੰ ਹੁਲਾਰਾ ਦਿੱਤਾ ਜਾ ਸਕੇ। ਇਸ ਦੇ ਨਾਲ ਹੀ ਵਾਢੀ ਤੋਂ ਬਾਅਦ ਪ੍ਰਬੰਧਨ ਬੁਨਿਆਦੀ ਢਾਂਚੇ ਦੇ ਵਿਕਾਸ, ਮਾਰਕੀਟ ਪਹੁੰਚ ਵਿੱਚ ਸੁਧਾਰ, ਵਿਸਥਾਰ ਸੇਵਾਵਾਂ ਨੂੰ ਮਜ਼ਬੂਤ ਕਰਨ, ਤਕਨੀਕੀ ਸਹਾਇਤਾ ਪ੍ਰਣਾਲੀ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਹੌਰਟੀਕਲਚਰ ਨਾਲਿਜ ਸੈਂਟਰ ਵਿਆਪਕ ਤੇ ਅਹਿਮ ਪਹਿਲਕਦਮੀ ਹੈ, ਜੋ ਖੋਜ, ਤਕਨੀਕੀ ਗਿਆਨ, ਸਮਰੱਥਾ ਨਿਰਮਾਣ ਅਤੇ ਨਵੀਨਤਮ ਬਾਗ਼ਬਾਨੀ ਅਭਿਆਸਾਂ ਨੂੰ ਅਪਣਾਉਣ ਲਈ ਸੰਸਥਾਗਤ ਸਹਾਇਤਾ ਮੁਹੱਈਆ ਕਰੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਹਿਲਕਦਮੀ ਨਾਲ ਵਧੀਆ ਬੂਟੇ ਅਤੇ ਕਾਸ਼ਤ ਤੋਂ ਲੈ ਕੇ ਵਾਢੀ ਤੋਂ ਬਾਅਦ ਦੇ ਪ੍ਰਬੰਧਨ, ਮਾਰਕੀਟਿੰਗ ਅਤੇ ਮਾਰਕੀਟ ਪਹੁੰਚ ਤੱਕ ਸਮੁੱਚੇ ਬਾਗ਼ਬਾਨੀ ਮਾਹੌਲ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ, ਜਿਸ ਨਾਲ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਦਿਆਂ ਕਿਸਾਨਾਂ ਦੀ ਆਰਥਿਕਤਾ ਨੂੰ ਹੋਰ ਬਿਹਤਰ ਬਣਾਉਣ ਲਈ ਢੁਕਵੇਂ ਮੌਕੇ ਪੈਦਾ ਹੋਣਗੇ।"

ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਖੇਤੀਬਾੜੀ ਵਿਭਾਗ ਦੇ ਸਕੱਤਰ ਅਰਸ਼ਦੀਪ ਸਿੰਘ ਥਿੰਦ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

• ਡਾ. ਰਣਜੀਤ ਸਿੰਘ

*ਪੰਜਾਬ ਦੀ ਧਰਤੀ ਦੋ ਫ਼ਸਲੀ ਹੈ, ਜਿਸ ਦਾ ਅਰਥ ਹੈ ਕਿ ਇਕ ਖੇਤ ਵਿੱਚੋਂ ਸਾਲ 'ਚ ਘੱਟੋ ਘੱਟ ਦੋ ਫ਼ਸਲਾਂ ਲਈਆਂ ਜਾਂਦੀਆਂ ਹਨ। ਕਾਸ਼ਤ ਹੇਠ ਰਕਬੇ ਦੇ ਹਿਸਾਬ ਨਾਲ ਕਣਕ ਪਹਿਲੇ ਸਥਾਨ 'ਤੇ ਹੈ, ਦੂਜਾ ਝੋਨੇ ਦਾ ਅਤੇ ਤੀਜਾ ਸਥਾਨ ਕਪਾਹ-ਨਰਮੇ ਦਾ ਹੈ। ਚੌਥੀ ਥਾਂ 'ਤੇ ਮੱਕੀ, ਪੰਜਵੀਂ 'ਤੇ ਗੰਨਾ ਅਤੇ ਛੇਵੀਂ ਥਾਂ 'ਤੇ ਬਾਜਰੇ ਦੀ ਫ਼ਸਲ ਆਉਂਦੀ ਹੈ...*

ਪੰਜਾਬ ਦੀਆਂ ਮੁੱਖ ਫ਼ਸਲਾਂ 3



# ਮੇਰੀ ਭਲਕੇ ਕਪਾਹ ਦੀ ਵਾਰੀ

ਇਹ ਮੰਨਿਆ ਜਾਂਦਾ ਹੈ ਕਿ ਕਪਾਹ ਦੀ ਖੇਤੀ ਸਭ ਤੋਂ ਪਹਿਲਾਂ ਪੰਜਾਬ ਵਿਚ ਹੀ ਸ਼ੁਰੂ ਹੋਈ। ਇਸ ਰੂਈ ਤੋਂ ਕਪੜਾ ਬਨਾਉਣ ਦੀ ਜਾਚ ਵੀ ਪੰਜਾਬੀਆਂ ਨੇ ਹੀ ਵਿਕਸਤ ਕੀਤੀ। ਕਪਾਹ ਅਤੇ ਕਪੜੇ ਦਾ ਵਿਉਪਾਰ ਹੁੰਦਾ ਸੀ। ਕਪਾਹ ਦੀ ਬਿਜਾਈ, ਗੁਡਾਈ, ਚੁਗਾਈ, ਚਰਖੇ ਦੀ ਘੂਕਰ ਅਤੇ ਤ੍ਰਿਜਣ ਪੰਜਾਬੀ ਸੱਭਿਆਚਾਰ ਦਾ ਵਿਸ਼ੇਸ਼ ਅੰਗ ਹਨ। ਕਪਾਹ ਦੀ ਬਿਜਾਈ ਕਣਕ ਵੱਢ ਕੇ ਵਿਸਾਖ ਦੇ ਮਹੀਨੇ ਕਪਾਹ ਅਤੇ ਨਰਮੇ ਦੀ ਬਿਜਾਈ ਕੀਤੀ ਜਾਂਦੀ ਹੈ।

*ਛੋਲੇ ਵੱਢ ਕੇ ਬੀਜ ਲੈ ਨਰਮਾ,*
*ਚੁਗਣੇ ਨੂੰ ਮੈਂ ਤਕੜੀ।*

ਦੇਸੀ ਕਪਾਹ ਤਾਂ ਸਾਰੇ ਪੰਜਾਬ ਵਿਚ ਹੀ ਬੀਜੀ ਜਾਂਦੀ ਹੈ ਪਰ ਨਰਮੇ ਦੀ ਬਿਜਾਈ ਪਛਮੀ ਜ਼ਿਲ੍ਹਿਆਂ ਵਿਚ ਕੀਤੀ ਜਾਂਦੀ ਹੈ। ਕਪਾਹ ਦੀ ਅਮਰੀਕਨ ਕਿਸਮ ਨੂੰ ਨਰਮਾ ਆਖਿਆ ਜਾਂਦਾ ਹੈ ਕਿਉਂਕਿ ਇਹ ਦੇਸੀ ਕਪਾਹ ਤੋਂ ਨਰਮ ਹੁੰਦੀ ਹੈ। ਪੰਜਾਬ ਵਿਚ ਇਸ ਦੀ ਕਾਸ਼ਤ ਵੀਹਵੀਂ ਸਦੀ ਵਿਚ ਸ਼ੁਰੂ ਹੋਈ। ਪੰਜਾਬ ਵਿਚ ਨਰਮੇ ਦੀ ਸਫ਼ਲ ਕਾਸ਼ਤ ਦਾ ਸਿਹਰਾ ਖੇਤੀ ਵਿਗਿਆਨੀ ਸ. ਲਾਭ ਸਿੰਘ ਹੋਰਾਂ ਨੂੰ ਜਾਂਦਾ ਹੈ। ਨਰਮੇ ਦੀਆਂ ਨਵੀਆਂ ਦੋਗਲੀਆਂ ਕਿਸਮਾਂ ਦੇ ਆਉਣ ਨਾਲ ਝਾੜ ਵਿਚ ਚੋਖਾ ਵਾਧਾ ਹੋਇਆ ਹੈ। ਪਰ ਅਮਰੀਕਨ ਸੁੰਡੀ ਦੇ ਹਮਲੇ ਨਾਲ ਰਕਬਾ ਘਟਿਆ ਸੀ। ਨਰਮੇ ਦੀਆਂ ਬੀਟੀ ਕਿਸਮਾਂ ਆਉਣ ਨਾਲ ਮੁੜ ਇਸ ਹੇਠ ਰਕਬੇ ਵਿਚ ਵਾਧਾ ਹੋਇਆ। ਮੁੜ ਦੋ ਸਾਲ ਪਹਿਲਾਂ ਚਿੱਟੀ ਮੱਖੀ ਨੇ ਨੁਕਸਾਨ ਕੀਤਾ ਤਾਂ ਰਕਬਾ ਘਟਿਆ ਪਰ ਪਿਛਲੇ ਸਾਲ ਫ਼ਸਲ ਵਧੀਆ ਹੋਣ ਕਰਕੇ ਇਸ ਵਾਰ ਫਿਰ ਰਕਬੇ ਵਿਚ ਵਾਧਾ ਹੋਇਆ ਹੈ, ਇਹ ਕੋਈ ਚਾਰ ਲੱਖ ਹੈਕਟਰ ਧਰਤੀ ਵਿਚ ਬੀਜਿਆ ਗਿਆ ਹੈ। ਰਕਬੇ ਦੇ ਹਿਸਾਬ ਨਾਲ ਕਣਕ ਅਤੇ ਝੋਨੇ ਪਿਛੋਂ ਨਰਮੇ ਹੇਠ ਹੀ ਸਭ ਤੋਂ ਵਧ ਰਕਬਾ ਹੈ। ਕਪਾਹ ਅਤੇ ਨਰਮੇ ਦੀ ਭਰਪੂਰ ਫ਼ਸਲ ਲੈਣ ਲਈ ਚੰਗਾ ਬੀਜ, ਸਮੇਂ ਸਿਰ ਬਿਜਾਈ, ਬੂਟਿਆਂ ਵਿਚਕਾਰ ਸਹੀ ਫਾਸਲਾ ਅਤੇ ਕੀੜਿਆਂ ਦੀ ਰੋਕਥਾਮ ਬਹੁਤ ਜ਼ਰੂਰੀ ਹੈ। ਬੂਟਿਆਂ ਵਿਚਕਾਰ ਫਾਸਲੇ ਬਾਰੇ ਕਹਾਵਤ ਹੈ :

*ਕਣਕ ਕਮਾਦੀ ਸੰਘਣੀ, ਡੱਡੂ ਟੱਪ ਕਪਾਹ।*
*ਲੇਫ ਦੀ ਬੁਕਲ ਮਾਰ ਕੇ ਛਲੀਆਂ ਵਿਚ ਦੀ ਜਾਹ।*

ਪਿੰਡਾਂ ਵਿਚ ਨਰਮਾ ਮੇਲ ਮਿਲਾਪ ਦਾ ਵੀ ਸਬੱਬ ਬਣਦਾ ਹੈ। ਇਹ ਤਾਂ ਸੁਣਿਆ ਹੀ ਹੋਵੇਗਾ:

*ਮੇਰੀ ਭਲਕੇ ਕਪਾਹ ਦੀ ਵਾਰੀ,*
*ਬੰਨੇ ਬੰਨੇ ਆ ਜਾਵੀਂ ਮਿੱਤਰਾ।*

ਕਪਾਹ ਸਾਡੇ ਜੀਵਨ ਦਾ ਅਨਿਖੜਵਾਂ ਅੰਗ ਹੈ। ਬਚਪਨ ਵਿਚ ਇਹ ਬੁਝਾਰਤ ਤਾਂ ਸੁਣੀ ਹੋਵੇਗੀ:

*ਉਚੇ ਟਿੱਬੇ ਮੇਰੀ ਮਾਸੀ ਵਸਦੀ,*
*ਜਦ ਮੈਂ ਜਾਵਾਂ ਖਿੜ ਖਿੜ ਹੱਸਦੀ।*

ਪੰਜਾਬ ਵਿਚ ਦੇਸ਼ ਦਾ ਕੋਈ ਚੌਥਾ ਹਿੱਸਾ ਨਰਮਾ ਅਤੇ ਕਪਾਹ ਪੈਦਾ ਹੁੰਦੀ ਹੈ। ਪਹਿਲੋਂ-ਪਹਿਲ ਲਾਇਲਪੁਰ ਦੇ ਇਲਾਕੇ ਵਿਚ ਨਰਮੇ ਦੀ ਕਾਸ਼ਤ ਸ਼ੁਰੂ ਹੋਈ ਸੀ। ਪੰਜਾਬ ਦਾ ਖੇਤੀ ਕਾਲਜ ਉੱਥੇ ਹੀ ਸੀ। ਸ. ਲਾਭ ਸਿੰਘ ਹੋਰਾਂ ਲਾਭ ਸਿੰਘ ਸਲੈਕਸ਼ਨ (ਲ਼ਸ਼ਸ਼) ਕਿਸਮ ਵਿਕਸਤ ਕੀਤੀ ਜਿਸ ਦੀ ਕਾਸ਼ਤ ਕੋਈ ਅੱਧੀ ਸਦੀ ਪੰਜਾਬ ਵਿਚ ਹੁੰਦੀ ਰਹੀ।

ਮੁੜ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਲੋਂ ਦੋਗਲੀਆਂ ਕਿਸਮਾਂ ਵਿਕਸਿਤ ਕੀਤੀਆਂ ਤੇ ਹੁਣ ਇੱਥੇ ਬੀ ਟੀ ਕਿਸਮ ਵੀ ਤਿਆਰ ਕੀਤੀ ਗਈ ਹੈ। ਨਰਮੇ ਦੀ ਫਸਲ ਜੇਕਰ ਠੀਕ ਸਿਰੇ ਚੜ੍ਹ ਜਾਵੇ ਅਤੇ ਮੰਡੀ ਵਿਚ ਭਾਅ ਠੀਕ ਮਿਲੇ ਫਿਰ ਤਾਂ ਕਿਸਾਨ ਖੁਸ਼ ਹੋ ਜਾਂਦਾ ਹੈ ਪਰ ਜੇਕਰ ਕੀੜਿਆਂ ਦੇ ਹਮਲੇ ਨਾਲ ਫਸਲ ਖਰਾਬ ਹੋ ਜਾਵੇ ਤਾਂ ਘਾਟਾ ਵੀ ਬਹੁਤ ਪੈਂਦਾ ਹੈ। ਨਰਮਾ ਪੱਟੀ ਦੇ ਹੀ ਬਹੁਤੇ ਕਿਸਾਨ ਘਾਟੇ ਦੇ ਮਾਰੇ ਖ਼ੁਦਕੁਸ਼ੀ ਕਰਨ ਲਈ ਮਜ਼ਬੂਰ ਹੋ ਰਹੇ ਹਨ। ਨਰਮੇ ਦੀ ਸਫ਼ਲ ਕਾਸ਼ਤ ਲਈ ਮਾਹਿਰਾਂ ਵੱਲੋਂ ਦੱਸੀਆਂ ਹਿਦਾਇਤਾਂ ਅਨੁਸਾਰ ਹੀ ਕੀੜਿਆਂ ਦੀ ਰੋਕਥਾਮ ਦਾ ਪ੍ਰਬੰਧ ਕਰਨਾ ਚਾਹੀਦਾ ਹੈ। ਆਪਣੀ ਮਰਜ਼ੀ ਜਾਂ ਦੁਕਾਨਦਾਰਾਂ ਦੀ ਸਲਾਹ ਅਨੁਸਾਰ ਕੀਟ ਪ੍ਰਬੰਧ ਨਾ ਕੀਤਾ ਜਾਵੇ।

ਮੋਬਾਈਲ 94170-87328

• ਵੀਰਇੰਦਰ ਸਿੰਘ ਸੋਹੂ,
ਗੁਰਵਿੰਦਰ ਸਿੰਘ ਮਾਵੀ



# ਕਣਕ ਦੀਆਂ ਨਵੀਆਂ ਕਿਸਮਾਂ ਦੀ ਸਿਫ਼ਾਰਸ਼

ਹਾੜੀ ਦੀਆਂ ਫ਼ਸਲਾਂ ਦੀ ਜੇਕਰ ਗੱਲ ਕੀਤੀ ਜਾਵੇ ਤਾਂ ਕਣਕ ਸੂਬੇ ਦੀ ਪ੍ਰਮੁਖ ਹੈ। ਇਸ ਦੀ ਪੈਦਾਵਾਰ ਪਿਛਲੇ ਸਾਲ ਪੰਜਾਬ ਵਿਚ ਬਹੁਤ ਚੰਗੀ ਰਹੀ ਹੈ ਅਤੇ ਇਸ ਨੇ 50 ਕੁਇੰਟਲ ਪ੍ਰਤੀ ਹੈਕਟੇਅਰ ਔਸਤਨ ਨਾਲੋਂ ਵੱਧ ਝਾੜ ਦਿੱਤਾ ਹੈ। ਇਸ ਲਈ ਸਿਰਫ਼ ਇਹ ਕਹਿਣਾ ਕਿ ਕਣਕ ਮੌਸਮ ਤੇ ਬਹੁਤ ਨਿਰਭਰ ਕਰਦੀ ਹੈ ਜ਼ਿਆਦਾ ਠੀਕ ਨਹੀਂ ਕਿਉਂਕਿ ਕਣਕ ਦੀਆਂ ਕਿਸਮਾਂ ਵੀ ਇਸ ਵਿਚ ਬਹੁਤ ਯੋਗਦਾਨ ਪਾਉਂਦੀਆਂ ਹਨ। ਸਰਦ ਰੁੱਤ ਦੇ ਸ਼ੁਰੂ ਹੁੰਦੇ ਹੀ ਕਿਸਾਨ ਵੀਰ ਕਣਕ ਦੀ ਬਿਜਾਈ ਬਾਰੇ ਸੋਚਣਾ ਸ਼ੁਰੂ ਕਰ ਦਿੰਦੇ ਹਨ ਅਤੇ ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਵਧੀਆ ਬੀਜ ਪ੍ਰਾਪਤ ਕੀਤਾ ਜਾਵੇ ਅਤੇ ਸਮੇਂ ਸਿਰ ਬੀਜਾਈ ਕਰ ਦਿੱਤੀ ਜਾਵੇ। ਕਿਸਾਨ ਵੀਰੋ, ਤੁਹਾਡੀ ਇਸ ਕੋਸ਼ਿਸ਼ ਲਈ ਹੀ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਸਮੇਂ-ਸਮੇਂ ਸਿਰ ਵੱਖ ਵੱਖ ਕਿਸਮਾਂ ਦੀ ਜਾਣਕਾਰੀ ਮੁਹੱਈਆਂ ਕਰਵਾਈ ਜਾਂਦੀ ਹੈ। ਪੰਜਾਬ ਐਗਰੀਕਲਰਚਲ ਯੂਨੀਵਰਸਿਟੀ ਦੇ ਪਲਾਂਟ ਬਰੀਡਿੰਗ ਅਤੇ ਜੈਨੇਟਿਕਸ ਵਿਭਾਗ ਵਿਚ ਨਵੀਆਂ ਕਿਸਮਾਂ ਨੂੰ ਇਜ਼ਾਦ ਕਰਨ ਦੀ ਖੋਜ ਹੁੰਦੀ ਰਹਿੰਦੀ ਹੈ ਅਤੇ ਇਸ ਸਾਲ ਵੀ ਅਸੀਂ ਨਵੀਆਂ ਕਿਸਮਾਂ ਦੀ ਸਿਫ਼ਾਰਸ਼ ਕਰ ਰਹੇ ਹਾਂ। ਇੱਥੇ ਅਸੀਂ ਦੱਸਣ ਦੀ ਕੋਸ਼ਿਸ਼ ਕਰ ਰਹੇ ਹਾਂ ਕਿ ਸਾਨੂੰ ਕਿਹੜੀਆਂ ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਕਿਸਮਾਂ ਦੇ ਤਜਰਬੇ ਭਾਰਤ ਅਤੇ ਪੰਜਾਬ ਵਿਚ ਕੀਤੇ ਜਾਂਦੇ ਹਨ, ਇਹ ਕਿਸਮਾਂ ਝਾੜ ਪੱਖੋਂ ਤਾਂ ਮੋਹਰੀ ਹੁੰਦੀਆਂ ਹਨ ਅਤੇ ਇਹ ਬਿਮਾਰੀਆਂ ਤੋਂ ਵੀ ਰਹਿਤ ਹੁੰਦੀਆਂ ਹਨ। ਹੁਣ ਗੱਲ ਕਰਦੇ ਹਾਂ ਕਿ ਆਉਣ ਵਾਲੇ ਹਾੜੀ ਦੇ ਮੌਸਮ ਵਿਚ ਕਿਹੜੀਆਂ ਕਿਸਮਾਂ ਬੀਜੀਆਂ ਜਾਣ। ਇਸ ਸਾਲ ਜਿਹੜੀਆਂ ਤਿੰਨ ਨਵੀਆਂ ਕਿਸਮਾਂ ਦੀ ਸਿਫ਼ਾਰਸ਼ ਕੀਤੀ ਜਾ ਰਹੀ ਹੈ ਉਹ ਹਨ : ਉਨਤ ਪੀਬੀਡਬਲਿਊ 343, ਉਨਤ ਪੀਬੀਡਬਲਿਊ 550 ਅਤੇ ਪੀਬੀਡਬਲਊ 1 ਜ਼ਿੰਕ।

## ਉਨਤ ਪੀ ਬੀ ਡਬਲਿਊ 343

ਇਸ ਕਿਸਮ ਦੀ ਸਿਫ਼ਾਰਸ਼ ਸਾਰੇ ਪੰਜਾਬ ਵਾਸਤੇ ਸਮੇਂ ਸਿਰ ਅਤੇ ਸੇਂਜੂ ਹਾਲਤਾਂ ਵਿਚ ਕੀਤੀ ਗਈ ਹੈ। ਸਾਰੇ ਪੰਜਾਬ ਵਿਚ ਪਿਛਲੇ ਚਾਰ ਸਾਲਾਂ ਤੋਂ ਇਸ ਕਿਸਮ ਦੇ ਤਜਰਬੇ ਕੀਤੇ ਜਾ ਰਹੇ ਹਨ। ਇਹ ਉਨਤ ਪੀਬੀਡਬਲਿਊ 343 ਕਿਸਮ, ਪੁਰਾਣੀ ਪੀਬੀਡਬਲਿਊ 343 ਕਿਸਮ ਦਾ ਸੋਧਿਆ ਹੋਇਆ ਰੂਪ ਹੈ। ਪੁਰਾਣੀ ਕਿਸਮ ਨੂੰ ਪੀਲੀ ਅਤੇ ਭੂਰੀ ਕੁੰਗੀ ਲੱਗ ਜਾਂਦੀ ਸੀ ਜਿਸ ਕਾਰਨ ਉਸ ਦਾ ਝਾੜ ਕਾਫੀ ਘੱਟ ਜਾਂਦਾ ਸੀ। ਇਸ ਗੱਲ ਨੂੰ ਧਿਆਨ ਵਿਚ ਰੱਖਦੇ ਹੋਏ ਉਸ ਪੁਰਾਣੀ ਕਿਸਮ ਨੂੰ ਸੋਧਿਆ ਗਿਆ ਹੈ। ਉਸ ਵਿਚ ਕੁਝ ਜੀਨ ਪਾ ਕੇ ਉਸ ਨੂੰ ਬਿਮਾਰੀਆਂ ਦਾ ਟਾਕਰਾ ਕਰਨ ਦੇ ਸਮਰੱਥ ਬਣਾ ਦਿੱਤਾ ਗਿਆ ਹੈ। ਉਨਤ ਪੀਬੀਡਬਲਊ 343 ਦਾ ਝਾੜ ਬਾਕੀ ਦੀਆਂ ਕਿਸਮਾਂ ਨਾਲੋਂ ਵਧੀਆ ਰਿਹਾ ਹੈ। ਜਿਹੜੇ ਤਜਰਬੇ ਪਿਛਲੇ ਚਾਰ ਸਾਲਾਂ ਤੋਂ ਕੀਤੇ ਜਾ ਰਹੇ ਹਨ, ਉਨ੍ਹਾਂ ਮੁਤਾਬਿਕ ਇਸ ਨਵੀਂ ਕਿਸਮ ਨੇ ਪੀਬੀਡਬਲਿਊ 343, ਪੀਬੀਡਬਲਊ 621, ਐੱਚਡੀ 2967, ਡਬਲਊਐੱਚ 1105, ਐੱਚਡੀ 3086 ਅਤੇ ਪੀਬੀਡਬਲਿਊ 725 ਨਾਲੋਂ ਵੱਧ ਝਾੜ ਦਿੱਤਾ ਹੈ।

ਉਨਤ ਪੀਬੀਡਬਲਊ 343 ਦੇ ਤਜਰਬੇ 2013-14 ਤੋਂ 2016-17 ਤਕ ਕੀਤੇ ਗਏ ਹਨ। ਕੁਲ 13 ਤਜਰਬਿਆਂ ਵਿਚ ਉਨਤ ਪੀਬੀਡਬਲਿਊ 343 ਦਾ ਔਸਤ ਝਾੜ 24.0 ਕੁਇੰਟਲ ਪ੍ਰਤੀ ਏਕੜ ਰਿਹਾ ਹੈ। ਜਿਹੜਾ ਕਿ ਐੱਚਡੀ 2967 ਨਾਲੋਂ 24.8 ਅਤੇ ਡਬਲਿਊਐੱਚ 1105 ਨਾਲੋਂ 7.0 ਫ਼ੀਸਦੀ ਵਧ ਰਿਹਾ ਹੈ। ਸਾਲ 2016-17 ਵਿਚ ਇਸ ਨਵੀਂ ਕਿਸਮ ਦੇ ਕਿਸਾਨਾਂ ਦੇ ਖੇਤਾਂ ਵਿਚ 87 ਤਜਰਬੇ ਹੋਏ, ਜਿਨ੍ਹਾਂ ਵਿਚ ਇਸ ਨਵੀਂ ਕਿਸਮ ਨੇ 21.7 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ। ਇਸ ਕਿਸਮ ਨੇ ਇਨ੍ਹਾਂ ਤਜਰਬਿਆਂ ਵਿਚ ਐਚ ਡੀ 3086 ਅਤੇ ਪੀਬੀਡਬਲਿਊ 725 ਨਾਲੋਂ ਵੀ ਵੱਧ ਝਾੜ ਦਿੱਤਾ ਹੈ। ਫਸਲ ਵਿਗਿਆਨ ਤਜਰਬਿਆਂ ਵਿਚ ਵੀ ਇਸ ਨਵੀਂ ਕਿਸਮ ਨੇ 23.8 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਕੁਲ ਸਾਰੇ ਤਜਰਬਿਆਂ ਨੂੰ ਜੇਕਰ ਮਿਲਾਇਆ ਜਾਵੇ ਤਾਂ ਇਸ ਕਿਸਮ ਨੇ 23.2 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਇਹ ਇਕ ਦੋਹਰੀ ਬੌਣੀ ਕਿਸਮ ਹੈ, ਜਿਸ ਦਾ ਔਸਤਨ ਕੱਦ 100 ਸੈਂਟੀਮੀਟਰ ਹੈ। ਇਹ ਕਿਸਮ ਤਕਰੀਬਨ 155 ਦਿਨਾਂ ਵਿਚ ਪੱਕ ਜਾਂਦੀ ਹੈ ਅਤੇ ਇਸ ਦਾ ਔਸਤਨ ਝਾੜ 23.2 ਕੁਇੰਟਲ ਪ੍ਰਤੀ ਏਕੜ ਆਉਂਦਾ ਹੈ। ਇਹ ਕਿਸਮ ਪੀਲੀ ਅਤੇ ਭੂਰੀ ਕੁੰਗੀ ਦਾ ਟਾਕਰਾ ਕਰਨ ਦੀ ਸਮਰੱਥਾ ਰੱਖਦੀ ਹੈ। ਇਹ ਕਿਸਮ ਸਿਰਫ਼ ਪੰਜਾਬ ਵਿਚ ਹੀ ਨਹੀਂ ਬਲਕਿ



ਭਾਰਤ ਦੇ ਸਾਰੇ ਉਤਰ-ਪੱਛਮੀ ਮੈਦਾਨੀ ਇਲਾਕਿਆਂ ਲਈ ਮਨਜ਼ੂਰ ਕਰ ਦਿੱਤੀ ਗਈ ਹੈ। ਇਸ ਦਾ ਬੀਜ 40 ਕਿਲੋ ਪ੍ਰਤੀ ਏਕੜ ਦੇ ਹਿਸਾਬ ਨਾਲ ਹੀ ਪਾਉਣਾ ਹੈ ਅਤੇ ਇਸ ਦੀ ਬੀਜਾਈ ਅਕਤੂਬਰ ਦੇ ਚੌਥੇ ਹਫ਼ਤੇ ਤੋਂ ਕੀਤੀ ਜਾ ਸਕਦੀ ਹੈ।

## ਉਨਤ ਪੀਬੀਡਬਲਿਊ 550

*ਇਸ ਸਾਲ ਇਕ ਹੋਰ ਨਵੀਂ ਕਿਸਮ ਦੀ ਸਿਫ਼ਾਰਸ਼ ਕੀਤੀ ਗਈ ਹੈ : ਉਨਤ ਪੀ ਬੀ ਡਬਲਯੂ 550, ਇਹ ਕਿਸਮ ਵੀ ਪੁਰਾਣੀ ਪੀ ਬੀ ਡਬਲਯੂ 550 ਦਾ ਸੋਧਿਆ ਹੋਇਆ ਰੂਪ ਹੈ। ਇਸ ਕਿਸਮ ਨੂੰ ਨਵੇਂ ਜੀਨ ਪਾ ਕੇ ਤਿਆਰ ਕੀਤਾ ਗਿਆ ਹੈ ਤਾਂ ਕਿ ਇਹ ਕਿਸਮ ਪੂਰੀ ਤਰ੍ਹਾਂ ਨਾਲ ਪੀਲੀ ਕੁੰਗੀ ਦਾ ਟਾਕਰਾ ਕਰ ਸਕੇ। ਇਸ ਕਿਸਮ ਦੇ ਤਜਰਬੇ ਵੀ ਸਾਰੇ ਪੰਜਾਬ ਵਿਚ ਪਿਛਲੇ ਚਾਰ ਸਾਲਾਂ ਤੋਂ ਕੀਤੇ ਜਾ ਰਹੇ ਹਨ। ਉਨਤ ਪੀ ਬੀ ਡਬਲਯੂ 550 ਦੇ ਤਜਰਬੇ 2013-14 ਤੋਂ 2016-17 ਤਕ ਕੀਤੇ ਗਏ ਹਨ। ਕੁਲ 26 ਤਜਰਬਿਆਂ ਵਿਚ ਉਨਤ ਪੀ ਬੀ ਡਬਲਿਊ 550 ਨੇ 24.2 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਜਿਹੜਾ ਕਿ ਪੀ ਬੀ ਡਬਲਯੂ 550 ਨਾਲੋਂ 19.2 ਪ੍ਰਤੀਸ਼ਤ ਵਧ ਹੈ। ਇਸ ਕਿਸਮ ਨੇ ਇਨ੍ਹਾਂ ਤਜਰਬਿਆਂ ਵਿਚ ਐਚ ਡੀ 2967 ਨਾਲੋਂ 19.6 ਅਤੇ ਐਚ ਡੀ 3086 ਨਾਲੋਂ 2.5 ਅਤੇ ਡਬਲਯੂ ਐਚ 1105 ਨਾਲੋਂ 6.6 ਫ਼ੀਸਦੀ ਵਧ ਝਾੜ ਦਿੱਤਾ ਹੈ। ਸਾਲ 2016-17 ਕਿਸਾਨਾਂ ਦੇ ਖੇਤਾਂ ਵਿਚ 112 ਤਜਰਬੇ ਹੋਏ, ਜਿਨ੍ਹਾਂ ਵਿਚ ਨਵੀਂ ਕਿਸਮ ਨੇ 21.5 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਫਸਲ ਵਿਗਿਆਨ ਦੇ ਤਜਰਬੇ 2016-17 ਵਿਚ ਕੀਤੇ ਗਏ, ਉਨ੍ਹਾਂ ਵਿਚ ਇਸ ਕਿਸਮ ਨੇ 25.4 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਕੁਲ ਸਾਰੇ ਤਜਰਬਿਆਂ ਵਿਚ ਇਸ ਕਿਸਮ ਨੇ 23.0 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਇਸ ਕਿਸਮ ਦੀ ਸਿਫ਼ਾਰਸ਼ ਸਾਰੇ ਪੰਜਾਬ ਵਿਚ ਸੇਜ਼ੂ ਹਾਲਤਾਂ ਵਾਸਤੇ ਕੀਤੀ ਜਾ ਰਹੀ ਹੈ। ਇਸ ਦਾ ਬੀਜ 45 ਕਿਲੋ ਪ੍ਰਤੀ ਏਕੜ ਪਾਉਣਾ ਹੈ ਅਤੇ ਬੀਜਾਈ ਨਵੰਬਰ ਦੇ ਦੂਜੇ ਹਫ਼ਤੇ ਤੋਂ ਕੀਤੀ ਜਾਣੀ ਚਾਹੀਦੀ ਹੈ। ਇਹ ਇਕ ਦੋਹਰੀ ਬੌਣੀ ਕਿਸਮ ਹੈ ਜਿਸ ਦਾ ਔਸਤਨ ਕੱਦ 86 ਸੈਂਟੀਮੀਟਰ ਹੈ ਅਤੇ ਇਹ 145 ਦਿਨਾਂ ਵਿਚ ਪੱਕ ਜਾਂਦੀ ਹੈ।*

## ਪੀਬੀਡਬਲਊ 1 ਜ਼ਿੰਕ

ਜ਼ਿੰਕ ਵੀ ਇਕ ਜ਼ਰੂਰੀ ਤੱਤ ਅਤੇ ਇਸ ਨੂੰ ਧਿਆਨ ਵਿਚ ਰੱਖਦੇ ਹੋਏ ਇਕ ਹੋਰ ਨਵੀਂ ਕਿਸਮ ਪੀਬੀਡਬਲਿਊ 1 ਜ਼ਿੰਕ ਦੀ ਸਿਫ਼ਾਰਸ਼ ਕੀਤੀ ਜਾ ਰਹੀ ਹੈ। ਇਸ ਦੇ ਦਾਣਿਆਂ ਵਿਚ ਜ਼ਿੰਕ ਦੀ ਮਾਤਰਾ ਵਧੇਰੇ ਹੈ। ਜ਼ਿੰਕ ਦੀ ਮਾਤਰਾ ਨੂੰ ਸਰੀਰ ਵਿਚ ਹੋਣ ਵਾਲੀਆਂ ਕਈ ਗਤੀਵਿਧੀਆਂ ਨਾਲ ਜੋੜਿਆ ਜਾਂਦਾ ਹੈ। ਸਿਰਫ਼ ਥੋੜ੍ਹੀ ਮਾਤਰਾ ਵਿਚ ਹੀ ਜ਼ਿੰਕ ਲੈ ਕੇ ਅਸੀਂ ਉਸ ਦਾ ਭਰਪੂਰ ਫਾਇਦਾ ਉਠਾ ਸਕਦੇ ਹਾਂ, ਕਈ ਵਾਰ ਹੁੰਦਾ ਹੈ ਕਿ ਜੇਕਰ ਸਰੀਰ ਵਿਚ ਜ਼ਿੰਕ ਘੱਟ ਜਾਂਦਾ ਹੈ ਤਾਂ ਅਸੀਂ ਬੀਮਾਰੀਆਂ ਦੀ ਲਪੇਟ ਵਿਚ ਆ ਜਾਂਦੇ ਹਾਂ। ਬੱਚਿਆਂ ਲਈ ਵੀ ਜ਼ਿੰਕ ਜ਼ਰੂਰੀ ਹੁੰਦਾ ਹੈ। ਇਸ ਨਵੀਂ ਕਿਸਮ ਦੇ ਵਿਚ ਜ਼ਿੰਕ ਦੀ ਮਾਤਰਾ ਹੋਰਾਂ ਕਿਸਮਾਂ ਨਾਲੋਂ ਵਧ ਹੈ ਅਤੇ ਇਹ ਯੂਨੀਵਰਸਿਟੀ ਵੱਲੋਂ ਪ੍ਰਮਾਣਿਤ ਕੀਤੀ ਗਈ ਪਹਿਲੀ ਕਣਕ ਦੇ ਦਾਣਿਆਂ ਵਿਚ ਵਧੇਰੇ ਜ਼ਿੰਕ ਵਾਲੀ ਕਿਸਮ ਹੈ ਜੋ ਸਾਰੇ ਉਤਰ ਪੱਛਮੀ ਭਾਰਤ ਦੇ ਮੈਦਾਨੀ ਇਲਾਕਿਆਂ ਵਿਚ ਸਿਫ਼ਾਰਸ਼ ਕਰ ਦਿੱਤੀ ਗਈ ਹੈ। ਕਿਸਾਨਾਂ ਦੇ ਖੇਤਾਂ ਵਿਚ ਕੀਤੇ ਗਏ ਤਜ਼ਰਬਿਆਂ ਵਿਚ ਜੋ ਕੀ 2016-17 ਵਿਚ ਹੋਏ ਹਨ, ਪੀਬੀਡਬਲਿਊ 1 ਜ਼ਿੰਕ ਨੇ 21.0 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਫਸਲ ਵਿਗਿਆਨ ਦੇ ਤਜਰਬਿਆਂ ਵਿਚ ਇਸ ਕਿਸਮ ਨੇ 25.5 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਜੇਕਰ ਸਾਰੇ ਤਜਰਬਿਆਂ ਦੀ ਗੱਲ ਕੀਤੀ ਜਾਵੇ ਤਾਂ ਇਸ ਨਵੀਂ ਕਿਸਮ ਨੇ 22.5 ਕੁਇੰਟਲ ਪ੍ਰਤੀ ਏਕੜ ਝਾੜ ਦਿੱਤਾ ਹੈ। ਇਸ ਕਿਸਮ ਦਾ ਮੁੱਖ ਗੁਣ ਇਸ ਦੇ ਦਾਣਿਆਂ ਵਿਚ ਜ਼ਿੰਕ ਦੀ ਵਧੇਰੇ ਮਾਤਰਾ ਦਾ ਹੋਣਾ ਹੈ। ਇਸ ਦੀ ਰੋਟੀ ਵੀ ਵਧੀਆ ਬਣਦੀ ਹੈ। ਕਿਸਾਨ ਵੀਰੋ ਜ਼ਰੂਰਤ ਹੈ ਕਿ ਇਸ ਕਿਸਮ ਦੀ ਕਾਸ਼ਤ ਵਧੇਰੇ ਕੀਤੀ ਜਾਵੇ ਅਤੇ ਇਸ ਨੂੰ ਖਾਣੇ ਲਈ ਵਰਤਿਆ ਜਾਵੇ ਤਾਂ ਕਿ ਸਾਨੂੰ ਜ਼ਿੰਕ ਦੇ ਅਲੱਗ ਸਪਲੀਮੈਂਟ ਨਾ ਲੈਣੇ ਪੈਣ। ਇਹ ਤਕਰੀਬਨ 22.5 ਕੁਇੰਟਲ ਪ੍ਰਤੀ ਏਕੜ ਝਾੜ ਦਿੰਦੀ ਹੈ। ਇਸ ਦਾ ਔਸਤਨ ਕੱਦ 103 ਸੈਂਟੀਮੀਟਰ ਹੈ ਅਤੇ ਇਹ 151 ਦਿਨਾਂ ਵਿਚ ਪੱਕ ਜਾਂਦੀ ਹੈ।

ਕਿਸਾਨ ਵੀਰੋ ਕੋਸ਼ਿਸ਼ ਕਰੋ ਕਿ ਇਨ੍ਹਾਂ ਕਿਸਮਾਂ ਦੀ ਕਾਸ਼ਤ ਹੇਠਾਂ ਰਕਬਾ ਵਧਾਇਆ ਜਾਵੇ। ਇਹ ਬੀਮਾਰੀਆਂ ਦਾ ਟਾਕਰਾ ਵੀ ਕਰਦੀਆਂ ਹਨ ਤੇ ਝਾੜ ਵੀ ਵਧ ਦਿੰਦੀਆਂ ਹਨ। ਦੂਜਾ ਇਹ ਪੁਰਾਣੀਆਂ ਪ੍ਰਚੱਲਿਤ ਕਿਸਮਾਂ ਦਾ ਨਵਾਂ ਰੂਪ ਹਨ।

ਹੁਣ ਅਸੀਂ ਗੱਲ ਕਰਦੇ ਹਾਂ ਉਨ੍ਹਾਂ ਕਿਸਮਾਂ ਦੀ ਜਿਨ੍ਹਾਂ ਦੀ ਸਿਫ਼ਾਰਸ਼ ਅਸੀਂ ਪਹਿਲਾਂ ਕਰ ਚੁੱਕੇ ਹਾਂ। ਸਮੇਂ ਸਿਰ ਸੇਜੂ ਹਾਲਤਾਂ ਵਾਸਤੇ ਪੀ ਬੀ ਡਬਲਯੂ 725, ਪੀਬੀਡਬਲਿਊ 677, ਐੱਚਡੀ 3086, ਡਬਲਿਊਐੱਚ 1105, ਐਚ ਡੀ 2967 ਅਤੇ ਪੀਬੀਡਬਲਿਊ 621 ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ। ਸਮੇਂ ਦੇ ਨਾਲ ਪੁਰਾਣੀਆਂ ਕਿਸਮਾਂ ਬੀਮਾਰੀਆਂ ਦਾ ਟਾਕਰਾ ਘੱਟ ਕਰਨ ਲੱਗ ਜਾਂਦੀਆਂ ਹਨ। ਇਸ ਵਾਸਤੇ ਸਾਨੂੰ ਉਨ੍ਹਾਂ ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ ਜੋ ਝਾੜ ਦੇ ਨਾਲ-ਨਾਲ ਬੀਮਾਰੀਆਂ ਦਾ ਟਾਕਰਾ ਵੀ ਕਰ ਸਕਣ। ਪੀਬੀਡਬਲਿਊ 725, 154 ਦਿਨਾਂ ਵਿਚ ਪੱਕ ਜਾਂਦੀ ਹੈ ਅਤੇ ਔਸਤਨ ਝਾੜ 22.9 ਕੁਇੰਟਲ ਪ੍ਰਤੀ ਏਕੜ ਦਿੰਦੀ ਹੈ ਅਤੇ ਬੀਮਾਰੀਆਂ ਦਾ ਟਾਕਰਾ ਵੀ ਕਰਦੀ ਹੈ। ਪੀਬੀਡਬਲਿਊ 677 ਦਾ ਕੱਦ ਥੋੜ੍ਹਾ ਜ਼ਿਆਦਾ ਹੋਣ ਕਰਕੇ ਤੂੜੀ ਭਰਪੂਰ ਬਣ ਜਾਂਦੀ ਹੈ। ਇਹ ਕਿਸਮ 157 ਦਿਨਾਂ ਵਿਚ ਪੱਕ ਜਾਂਦੀ ਹੈ ਇਸ ਦਾ ਕੱਦ ਔਸਤਨ 107 ਸੈਂਟੀਮੀਟਰ ਹੈ ਅਤੇ ਇਹ ਤਕਰੀਬਨ 22.4 ਕੁਇੰਟਲ ਪ੍ਰਤੀ ਏਕੜ ਝਾੜ ਦਿੰਦੀ ਹੈ। ਐਚ ਡੀ 3086 ਦਾ ਕੱਦ 96 ਸੈਂਟੀਮੀਟਰ ਹੈ ਇਹ ਹੋਰਾਂ ਕਿਸਮਾਂ ਨਾਲੋਂ ਮਧਰੀ ਹੈ ਅਤੇ ਪੱਕ ਵੀ ਛੇਤੀ ਜਾਂਦੀ ਹੈ ਇਹ ਤਕਰੀਬਨ 145 ਦਿਨਾਂ ਵਿਚ ਪੱਕ ਜਾਂਦੀ ਹੈ ਅਤੇ ਇਸ ਦਾ ਔਸਤਨ ਝਾੜ 23.0 ਕੁਇਟਲ ਪ੍ਰਤੀ ਏਕੜ ਹੈ। **(ਜਾਰੀ...)**

**ਮੋਬਾਈਲ :98761-34373**

*ਮਨੁੱਖ ਨੂੰ ਕੁਦਰਤ ਨੇ ਨਿਆਮਤਾਂ ਨਾਲ ਨਿਵਾਜ਼ਿਆ ਹੈ ਪਰ ਮਨੁੱਖ ਕੁਦਰਤ ਦਾ ਧੰਨਵਾਦ ਕਰਨਾ ਭੁੱਲ ਗਿਆ ਹੈ। ਸੁੰਦਰੀਕਰਨ ਅਤੇ ਸ਼ਹਿਰੀਕਰਨ ਦੇ ਨਾਂ 'ਤੇ ਪੰਜਾਬ 'ਚੋਂ ਰੁੱਖਾਂ ਦਾ ਸਫ਼ਾਇਆ ਕੀਤਾ ਜਾ ਰਿਹਾ ਹੈ, ਜੋ ਖ਼ਤਰੇ ਦੀ ਘੰਟੀ ਹੈ...*

# ਪੱਛੜ ਰਹੀਆਂ 'ਰੁੱਖ ਲਗਾਓ' ਮੁਹਿੰਮਾਂ



ਬੂਟਾ ਸਿੰਘ ਵਾਕਫ਼
ਮੋਬਾਈਲ 98762-24461

ਪਦਾਰਥਵਾਦੀ ਯੁੱਗ ਨੇ ਮਨੁੱਖ ਦੇ ਹਿੱਤਾਂ ਨੂੰ ਸੌੜਾ ਕਰ ਦਿੱਤਾ ਹੈ। ਇਸ ਸੋਚ ਸਦਕਾ ਉਹ ਨਿੱਜ ਤਕ ਸੀਮਤ ਹੋ ਕੇ ਰਹਿ ਗਿਆ ਹੈ। ਉਸ ਦਾ ਇਹ ਵਿਹਾਰ ਭਵਿੱਖ ਲਈ ਖ਼ਤਰਨਾਕ ਸਿੱਧ ਹੋਵੇਗਾ। ਆਮ ਲੋਕਾਂ 'ਚ ਵਾਤਾਵਰਨ ਦੇ ਬਦਲਾਅ ਪ੍ਰਤੀ ਗੰਭੀਰਤਾ ਨਹੀਂ ਰਹੀ। ਗਰਮੀ ਦਾ ਮੌਸਮ ਲੰਬਾ ਹੋ ਰਿਹਾ ਹੈ, ਸੋਕਾ ਪੈ ਰਿਹਾ ਹੈ, ਗਲੋਬਲ ਵਾਰਮਿੰਗ ਦਿਨੋ ਦਿਨ ਵਧ ਰਹੀ ਹੈ, ਓਜ਼ੋਨ ਪਰਤ ਵਿਰਲੀ ਹੋ ਰਹੀ ਹੈ, ਗਲੇਸ਼ੀਅਰ ਪਿੰਘਲ ਰਹੇ ਹਨ, ਸਮੁੰਦਰੀ ਪਾਣੀ ਦਾ ਪੱਧਰ ਉੱਚਾ ਹੋ ਰਿਹਾ ਹੈ, ਵਾਤਾਵਰਨ ਅਸੰਤੁਲਨ ਦਾ ਅਨੁਪਾਤ ਵਧ ਰਿਹਾ ਹੈ, ਹਵਾ ਤੇ ਪਾਣੀ ਪ੍ਰਦੂਸ਼ਤ ਹੋ ਰਹੇ ਹਨ, ਧਰਤੀ ਹੇਠਲੇ ਪਾਣੀ ਦਾ ਪੱਧਰ ਘਟ ਰਿਹਾ ਹੈ, ਜਲ ਸੋਮੇ ਸੁੱਕਦੇ ਜਾ ਰਹੇ ਹਨ, ਉਪਜਾਊ ਧਰਤੀਆਂ ਬੰਜਰ ਹੋ ਰਹੀਆਂ ਹਨ, ਫ਼ਸਲੀ ਚੱਕਰ, ਮੌਸਮੀ ਹਾਲਤ ਕਾਰਨ ਪ੍ਰਭਾਵਿਤ ਹੋ ਰਿਹਾ ਹੈ। ਏਨਾ ਕੁਝ ਹੋਣ ਦੇ ਬਾਵਜੂਦ ਮਨੁੱਖ ਇਨ੍ਹਾਂ ਵੱਡੇ ਖ਼ਤਰਿਆਂ ਨੂੰ ਅਣਗੌਲਿਆਂ ਕਰ ਰਿਹਾ ਹੈ। ਉਸ ਨੂੰ ਭੁਲੇਖਾ ਹੈ ਕਿ ਸ਼ਾਇਦ ਉਸ ਨੇ ਇਸ ਦੇ ਬਦਲਵੇਂ ਪ੍ਰਬੰਧ ਕਰ ਲਏ ਹਨ। ਉਸ ਨੂੰ ਵਹਿਮ ਹੈ ਕਿ ਗਰਮੀ ਤੋਂ ਬਚਣ ਲਈ ਫਰਿੱਜਾਂ ਤੇ ਏਅਰ ਕੰਡੀਸ਼ਨਰਜ਼ ਕਾਫੀ ਹਨ। ਹੀਟਰਾਂ ਨਾਲ ਸਰਦੀ ਤੋਂ ਬਚਿਆ ਜਾ ਸਕੇਗਾ ਤੇ ਦੂਸ਼ਿਤ ਪਾਣੀ ਤੋਂ ਬਚਣ ਲਈ ਵਾਟਰ ਫਿਲਟਰ ਦਾ ਪ੍ਰਬੰਧ ਕਰ ਲਿਆ ਹੈ। ਇਨ੍ਹਾਂ ਪ੍ਰਬੰਧਾਂ ਸਹਾਰੇ ਮਨੁੱਖ ਬਹੁਤੀ ਦੇਰ ਧਰਤੀ 'ਤੇ ਜੀਵਤ ਨਹੀਂ ਰਹਿ ਸਕਦਾ। ਜਦ ਤਕ ਉਹ ਵਾਤਾਵਰਨ ਪ੍ਰਤੀ ਸੰਜੀਦਗੀ ਨਾਲ ਸੋਚਣਾ ਨਹੀਂ ਸ਼ੁਰੂ ਕਰ ਦਿੰਦਾ। ਵਾਤਾਵਰਨ ਦੇ ਬਦਲਦੇ ਰੁਖ਼ ਨੂੰ ਵੇਖ ਕੇ ਪਸ਼ੂ ਪੰਛੀ ਆਪਣੇ ਰੈਣ ਬਸੇਰ ਬਦਲ ਲੈਂਦੇ ਹਨ ਪਰ ਮਨੁੱਖ ਹੀ ਅਜਿਹਾ ਜੀਵ ਹੈ ਜੋ ਜਲਦੀ ਕੀਤਿਆਂ ਇਸ ਗੱਲ 'ਤੇ ਅਮਲ ਨਹੀਂ ਕਰਦਾ। ਇਸ ਦਾ ਕਾਰਨ ਇਹ ਕਿ ਉਸ ਨੂੰ ਭੁਲੇਖਾ ਹੈ ਕਿ ਉਸ ਕੋਲ ਬਦਲਵੇਂ ਪ੍ਰਬੰਧ ਹਨ ਪਰ ਇਹ ਸਾਰੇ ਪ੍ਰਬੰਧ ਆਰਜ਼ੀ ਸਿੱਧ ਹੋਣਗੇ। ਬਹੁਤ ਥੋੜ੍ਹੇ ਲੋਕ ਹਨ ਜੋ ਆਪਣੇ ਆਲੇ ਦੁਆਲੇ ਪ੍ਰਤੀ, ਗੰਧਲੇ ਹੋ ਰਹੇ ਕੁਦਰਤੀ ਵਾਤਾਵਰਨ 'ਤੇ ਪੈਦਾ ਹੋ ਰਹੀਆਂ ਵਾਤਾਵਰਨਕ ਗੁੰਝਲਾਂ ਪ੍ਰਤੀ ਸੁਚੇਤ ਤੇ ਫ਼ਿਕਰਮੰਦ ਹਨ। ਫਿਲਹਾਲ ਇਨ੍ਹਾਂ ਮਨੁੱਖੀ ਸਾਧਨਾਂ ਦੀ ਗਿਣਤੀ ਓਨੀ ਨਹੀਂ ਜਿੰਨੀ ਸਾਨੂੰ ਲੋੜੀਂਦੀ ਹੈ।

ਹਰ ਸਾਲ ਮਾਨਸੂਨ ਮੌਕੇ ਪੰਜਾਬ ਭਰ 'ਚ ਧਰਤੀ ਨੂੰ ਹਰਿਆ ਭਰਿਆ ਬਣਾਉਣ ਲਈ ਵੱਡੇ ਪੱਧਰ 'ਤੇ ਚਲਾਈਆਂ ਜਾਂਦੀਆਂ 'ਰੁੱਖ ਲਗਾਓ' ਮੁਹਿੰਮਾਂ, ਨਿੱਜੀ ਪੱਧਰਾਂ 'ਤੇ ਚੱਲ ਰਹੀਆਂ ਇੱਕਾ-ਦੁੱਕਾ ਮੁਹਿੰਮਾਂ ਨੂੰ ਛੱਡ ਕੇ, ਕਿੱਧਰੇ ਵੀ ਨਜ਼ਰ ਨਹੀਂ ਆ ਰਹੀਆਂ। ਇਸ ਸਾਲ ਅਖ਼ਬਾਰਾਂ ਦੇ ਪੰਨੇ ਵੀ ਇਸ ਗੱਲੋਂ ਸੱਖਣੇ ਹਨ। ਦੋ ਕਾਰਨ ਸਪੱਸ਼ਟ ਰੂਪ 'ਚ ਨਜ਼ਰ-ਅੰਦਾਜ਼ ਨਹੀਂ ਕੀਤੇ ਜਾ ਸਕਦੇ। ਪਹਿਲਾ ਇਹ ਕਿ ਇਨ੍ਹਾਂ ਮੁਹਿੰਮਾਂ ਨੂੰ ਜਿੰਨੇ ਜ਼ੋਰ-ਸ਼ੋਰ ਨਾਲ ਸ਼ੁਰੂ ਕੀਤਾ ਗਿਆ ਸੀ, ਨਤੀਜੇ ਆਸ ਮੁਤਾਬਕ ਸਾਹਮਣੇ ਨਹੀਂ ਆਏ। ਦੂਸਰਾ ਇਨ੍ਹਾਂ ਦਿਨਾਂ 'ਚ ਪੰਜਾਬ ਦਾ ਸਿਆਸੀ ਮਾਹੌਲ ਸਭ ਦਾ ਧਿਆਨ ਆਪਣੇ ਵੱਲ ਖਿੱਚ ਰਿਹਾ ਹੈ। ਇਸ ਤੋਂ ਇਲਾਵਾ ਲੋਕਾਂ 'ਚ ਵਾਤਾਵਰਨ ਪ੍ਰਤੀ ਚੇਤਨਾ ਦੀ ਘਾਟ, ਵਾਤਾਵਰਨ ਪ੍ਰੇਮੀਆਂ ਦੀ ਘੱਟ ਗਿਣਤੀ ਤੇ ਹੋਰ ਸਮਾਜਿਕ, ਭੌਤਿਕ, ਆਰਥਿਕ ਤੇ ਸਥਾਨਕ ਕਾਰਨ ਵੀ ਜ਼ਿੰਮੇਵਾਰ ਹਨ, ਜਿਸ ਕਾਰਨ ਇਹ ਮੁਹਿੰਮਾਂ ਪੱਛੜ ਗਈਆਂ ਹਨ।

ਪੰਜਾਬ ਅੰਦਰ ਬਰਸਾਤੀ ਮੌਸਮ ਦੇ ਸ਼ੁਰੂ ਹੁੰਦਿਆਂ ਹੀ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ, ਨੌਜਵਾਨ ਕੱਲਬਾਂ, ਵਿੱਦਿਅਕ ਸੰਸਥਾਵਾਂ ਤੇ ਹੋਰ ਅਦਾਰਿਆਂ ਵੱਲੋਂ ਰੁੱਖ ਲਗਾਓ ਮੁਹਿੰਮਾਂ ਚਲਾਈਆਂ ਜਾਂਦੀਆਂ ਰਹੀਆਂ ਹਨ। ਪੰਜਾਬ ਵਿਚ ਸਰਕਾਰੀ ਪੱਧਰ 'ਤੇ ਵੀ ਹਰਿਆਵਲ ਮੁਹਿੰਮਾਂ ਦੇ ਐਲਾਨ ਕੀਤੇ ਗਏ। ਇਨ੍ਹਾਂ ਮੁਹਿੰਮਾਂ ਤੋਂ ਲੱਗਦਾ ਸੀ ਪੰਜਾਬ ਦੀ ਧਰਤੀ ਹਰਿਆਵਲ ਨਾਲ ਕੱਜੀ ਜਾਵੇਗੀ ਪਰ ਇਸ ਸੁਪਨੇ ਨੂੰ ਵੀ ਬੂਰ ਨਹੀਂ ਪਿਆ।

'ਰੁੱਖ ਬਚਾਓ, ਰੁੱਖ ਲਗਾਓ' ਦੇ ਸੰਕਲਪ ਨਾਲ ਅਗਸਤ 2008 'ਚ ਸ਼ੁਰੂ ਕੀਤੀ ਗਈ 'ਨੰਨ੍ਹੀ ਛਾਂ' ਮੁਹਿੰਮ ਤਹਿਤ ਲੱਖਾਂ ਬੂਟੇ ਵੰਡੇ ਗਏ। ਪੰਜਾਬ ਹਰਿਆਵਲ ਲਹਿਰ ਤਹਿਤ ਵੀ 40 ਤੋਂ 50 ਲੱਖ ਰੁੱਖ ਲਗਾਏ ਗਏ। ਪਿਛਲੇ ਕੁਝ ਸਾਲ ਇਹ ਮੁਹਿੰਮਾਂ ਜਾਰੀ ਰਹੀਆਂ ਪਰ ਇਸ ਸਾਲ ਇਨ੍ਹਾਂ ਦੀਆਂ ਗਤੀਵਿਧੀ ਸਾਹਮਣੇ ਨਹੀਂ ਆਈਆਂ। ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਰੁੱਖ ਲਗਾਏ ਜਾਂਦੇ ਰਹੇ ਪਰ ਇਸ ਦੇ ਬਾਵਜੂਦ ਧਰਤੀ ਦੀ ਗੋਦ ਹਰੀ-ਭਰੀ ਕਰਨ 'ਚ ਸਫ਼ਲਤਾ ਹਾਸਲ ਨਹੀਂ ਹੋਈ।

ਇਨ੍ਹਾਂ ਮੁਹਿੰਮਾਂ ਦੇ ਸਾਰਥਕ ਨਤੀਜੇ ਸਾਹਮਣੇ ਨਾ ਆਉਣ ਦਾ ਕਾਰਨ ਹੈ ਕਿ ਇਹ ਮੁਹਿੰਮਾਂ ਸਿਰਫ਼ ਰੁੱਖ ਲਗਾਉਣ ਤੇ ਫੋਟੋ ਖਿਚਵਾਉਣ ਤਕ ਸੀਮਤ ਹੋ ਗਈਆਂ। ਰੁੱਖ ਲਗਾਏ ਗਏ ਪਰ ਉਨ੍ਹਾਂ ਨੂੰ ਪਾਲਣ ਵੱਲ ਧਿਆਨ ਨਹੀਂ



ਦਿੱਤਾ ਗਿਆ। ਹਰ ਬੂਟਾ ਆਪਣੀ ਕਿਸਮ ਮੁਤਾਬਕ 6 ਮਹੀਨੇ ਤੋਂ ਤਿੰਨ ਸਾਲ ਤਕ ਦੇਖਭਾਲ ਮੰਗਦਾ ਹੈ। ਪਾਣੀ ਤੇ ਖ਼ੁਰਾਕ ਲਗਾਤਾਰ ਦੇਣੀ ਪੈਂਦੀ ਹੈ। ਇਸ ਪੱਖੋਂ ਸਾਡੀ ਨਕਾਰਾਤਮਿਕ ਪਹੁੰਚ ਵੀ ਇਸ ਮੁਹਿੰਮ ਦੀ ਅਸਫ਼ਲਤਾ ਦਾ ਕਾਰਨ ਬਣੀ। ਇਸ ਦੇ ਉਲਟ ਜਿਹੜੇ ਬੂਟੇ ਨਿੱਜੀ ਥਾਵਾਂ ਘਰਾਂ, ਸੰਸਥਾਵਾਂ, ਖੇਤਾਂ ਤੇ ਬਾਗ਼ ਬਗ਼ੀਚਿਆਂ 'ਚ ਲਗਾਏ ਗਏ ਸਨ, ਉਨ੍ਹਾਂ 'ਚੋਂ 90 ਫ਼ੀਸਦੀ ਸਹੀ ਪਾਲਣ ਪੋਸ਼ਣ ਕਾਰਨ ਕਾਮਯਾਬ ਹੋਏ। ਸਪਸ਼ਟ ਹੈ ਕਿ ਜਨਤਕ ਸਥਾਨਾਂ 'ਤੇ ਬੂਟੇ ਲਗਾ ਦਿੱਤੇ ਜਾਂਦੇ ਹਨ ਪਰ ਉਨ੍ਹਾਂ ਦਾ ਪਾਲਣ ਪੋਸ਼ਣ ਕੋਈ ਵੀ ਚੁੱਕਣ ਲਈ ਤਿਆਰ ਨਹੀਂ। ਜਨਤਕ ਥਾਵਾਂ 'ਤੇ ਲਗਾਏ ਬੂਟਿਆਂ ਦੁਆਲੇ ਵਾੜ ਦਾ ਪ੍ਰਬੰਧ ਨਾ ਹੋਣ ਕਾਰਨ ਅਵਾਰਾ ਜਾਨਵਰ ਇਨ੍ਹਾਂ ਨੂੰ ਨਸ਼ਟ ਕਰ ਦਿੰਦੇ ਹਨ। ਕੁਝ ਬੂਟੇ ਇੰਨੇ ਨਾਜ਼ੁਕ ਹੁੰਦੇ ਹਨ ਕਿ ਜੇ ਉਨ੍ਹਾਂ ਨੂੰ ਇਕ ਦੋ ਦਿਨ ਪਾਣੀ ਤੇ ਖ਼ੁਰਾਕ ਨਾ ਮਿਲੇ ਤਾਂ ਉਹ ਸੁੱਕ ਜਾਂਦੇ ਹਨ। ਕਿਸੇ ਥਾਂ ਦਾ ਜਲਵਾਯੂ ਤੇ ਮਿੱਟੀ ਦੀ ਕਿਸਮ ਦਾ ਵੀ ਪੌਦਿਆਂ ਦੇ ਵਿਕਾਸ 'ਚ ਅਹਿਮ ਯੋਗਦਾਨ ਹੁੰਦਾ ਹੈ।

ਮਨੁੱਖ ਨੂੰ ਕੁਦਰਤ ਨੇ ਹਮੇਸ਼ਾਂ ਹੀ ਨਿਆਮਤਾਂ ਨਾਲ ਨਿਵਾਜ਼ਿਆ ਹੈ ਪਰ ਮਨੁੱਖ ਕੁਦਰਤ ਦਾ ਧੰਨਵਾਦ ਕਰਨਾ ਭੁੱਲ ਗਿਆ ਹੈ। ਅਸੀਂ ਰੁੱਖ ਤਾਂ ਲਗਾਏ ਪਰ ਸੰਭਾਲ਼ੇ ਨਹੀਂ। ਸੜਕਾਂ ਚੌੜੀਆਂ ਕਰਨ ਤੇ ਆਧੁਨਿਕਤਾ ਦੀ ਹਨੇਰੀ 'ਚ ਸ਼ਰੇਆਮ ਰੁੱਖਾਂ ਦੀ ਕਟਾਈ ਕੀਤੀ ਹੈ। ਸੁੰਦਰੀਕਰਨ ਦੇ ਨਾਂ 'ਤੇ ਪੰਜਾਬ 'ਚੋਂ ਰੁੱਖਾਂ ਦਾ ਸਫ਼ਾਇਆ ਕੀਤਾ ਜਾ ਚੁੱਕਾ ਹੈ। ਸੂਬੇ 'ਚ ਜੰਗਲਾਂ ਦਾ ਵੱਡਾ ਹਿੱਸਾ ਨਸ਼ਟ ਕਰ ਦਿੱਤਾ ਗਿਆ ਹੈ। ਬਚਦੇ ਰੁੱਖਾਂ ਦਾ ਖ਼ਾਤਮਾ ਅਸੀਂ ਅਜੇ ਵੀ ਬੇਫ਼ਿਕਰ ਹੋ ਕੇ ਕਰ ਰਹੇ ਹਾਂ। ਜੇ ਅਸੀਂ ਹੁਣ ਵੀ ਨਾ ਸੰਭਲ਼ੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਵਾਬ ਦੇਣ ਜੋਗੇ ਨਹੀਂ ਰਹਾਂਗੇ। •



• ਡਾ ਅਮਰੀਕ ਸਿੰਘ

*ਛੋਟੇ ਅਤੇ ਜਵਾਨ ਕੀੜੇ ਜੁਲਾਈ ਤੋਂ ਅਕਤੂਬਰ ਵਿਚ ਬੂਟਿਆਂ ਦੇ ਹੇਠਲੇ ਪਾਸੇ ਤੋਂ ਝੁੰਡ ਬਣਾ ਕੇ ਰਸ ਚੂਸਦੇ ਹਨ, ਜਿਸ ਨਾਲ ਫ਼ਸਲ ਧੌੜੀਆਂ ਵਿਚ ਸੁੱਕਣੀ ਸ਼ੁਰੂ ਹੋ ਜਾਂਦੀ ਹੈ। ਆਮ ਕਿਸਾਨ ਇਸ ਨੂੰ ਝੁਲਸ ਰੋਗ ਸਮਝ ਕੇ ਉੱਲੀ ਨਾਸ਼ਕ ਦਵਾਈਆਂ ਜਾਂ ਦਾਣੇਦਾਰ ਕੀਟਨਾਸ਼ਕਾਂ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੰਦੇ ਹਨ...*

# ਝੋਨੇ ਤੇ ਬਾਸਮਤੀ ਉੱਪਰ ਕਾਲੇ ਤੇਲੇ ਦੀ ਰੋਕਥਾਮ



ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਿਖਲਾਈ ਕੈਂਪਾਂ, ਅਖਬਾਰਾਂ, ਰਸਾਲਿਆਂ, ਬਿਜਲੀ ਮਾਧਿਅਮ ਅਤੇ ਸ਼ੋਸ਼ਲ ਮੀਡੀਆ ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਫਸਲਾਂ ਦੀਆਂ ਸਮੱਸਿਆਵਾਂ ਦੀ ਸੰਭਾਵਨਾਵਾਂ ਪ੍ਰਤੀ ਜਾਗਰੂਕ ਕਰਨ ਅਤੇ ਕੀੜਿਆਂ ਦੀ ਸੁਚੱਜੀ ਰੋਕਥਾਮ ਲਈ ਸਮੇਂ-ਸਮੇਂ 'ਤੇ ਸੁਚੇਤ ਕੀਤਾ ਜਾਂਦਾ ਹੈ, ਜਿਸ ਦੇ ਸਾਰਥਕ ਨਤੀਜੇ ਇਸ ਵਾਰ ਕਪਾਹ ਪੱਟੀ ਵਿਚ ਪਰਤੱਖ ਰੂਪ ਵਿਚ ਵੇਖਣ ਨੂੰ ਮਿਲੇ ਹਨ। ਪਰ ਝੋਨੇ ਵਿਚ ਇਸ ਵਾਰ ਕਾਲਾ ਤੇਲਾ ਕਿਸਾਨਾਂ ਲਈ ਸਿਰ ਦਰਦੀ ਬਣਿਆ ਰਿਹਾ। ਸੁਚੇਤ ਕਰਨ ਦੇ ਬਾਵਜੂਦ ਕੁਝ ਕਿਸਾਨ, ਸਿਫਾਰਸ਼ਾਂ ਅਨੁਸਾਰ ਕੀਟਨਾਸ਼ਕਾਂ ਦੀ ਵਰਤੋਂ ਕਰਨ ਦੀ ਬਿਜਾਏ ਆਂਢੀ ਗੁਆਂਢੀਆਂ ਜਾਂ ਹੋਰ ਵਸੀਲਿਆਂ ਦੇ ਕਹਿਣ ਤੇ ਕਾਲੇ ਤੇਲੇ ਦੀ ਰੋਕਥਾਮ ਲਈ ਗ਼ੈਰ ਸਿਫਾਰਸ਼ਸ਼ੁਦਾ ਕੀਟਨਾਸ਼ਕਾਂ ਦੀ ਵਰਤੋਂ ਕਰਕੇ ਸਮੱਸਿਆ ਨੂੰ ਘਟਾਉਣ ਦੀ ਬਿਜਾਏ ਵਧਾ ਲੈਂਦੇ ਹਨ।

ਕਿਸਾਨਾਂ ਨਾਲ ਕੀਤੀ ਗੱਲਬਾਤ ਤੋਂ ਮਿਲੀ ਜਾਣਕਾਰੀ ਅਨੁਸਾਰ ਕਿਸਾਨਾਂ ਵੱਲੋਂ ਬੂਫਰਾਫਾਈਜ਼ਨ, ਡੈਂਟਾਫ, ਥਿਮਟ, ਡਾਈਕਲੋਰੋਵਾਸ, ਨੁਵਾਨ, ਸਾਈਪਰ ਮੈਥਾਰਿਨ, ਲੈਂਬਡਾਸਾਈਹੈਲੋਥਰਿਨ, ਡੈਲਟਾਮੈਥਰਿਨ ਅਤੇ ਕੀਟਨਾਸ਼ਕਾਂ ਦੇ ਮਿਸ਼ਰਣ ਆਦਿ ਦੀ ਵਰਤੋਂ, ਛਿੜਕਾਅ ਦਾ ਗਲਤ ਤਰੀਕਾ, ਜ਼ਿਆਦਾ ਮਾਤਰਾ, ਕੀਟਨਾਸ਼ਕਾਂ ਦੀ ਵਰਤੋਂ ਆਂਢੀਆਂ-ਗੁਆਂਢੀਆਂ ਦੀ ਦੇਖਾ ਦੇਖੀ, ਯੂਰੀਆ ਖਾਦ ਦੀ ਵਧੇਰੇ ਵਰਤੋਂ (ਢਾਈ ਤੋਂ ਚਾਰ ਬੈਗ ਯੂਰੀਆ ਪ੍ਰਤੀ ਏਕੜ), ਸਿੰਥੈਟਿਕ ਪੈਰਾਥਾਇਡ ਜਾਂ ਦੋ ਜਾਂ ਵਧੇਰੇ ਕੀਟਨਾਸ਼ਕਾਂ ਦਾ ਮਿਸ਼ਰਣ ਬਣਾ ਕੇ ਛਿੜਕਾਅ ਕਰਨਾ ਆਦਿ ਕੁਝ ਅਜਿਹੇ ਕਾਰਨ ਹਨ, ਜਿਸ ਨਾਲ ਸਮੱਸਿਆ ਘਟਣ ਦੀ ਬਿਜਾਏ ਵਧੀ ਹੈ। ਸਿੰਥੈਟਿਕ ਪੈਰਾਥਰਾਇਡ ਦੀ ਵਰਤੋਂ ਕਰਨ ਨਾਲ ਖੇਤ ਵਿਚ ਕਾਲੇ ਤੇਲੇ ਦੇ ਵਾਧੇ ਲਈ ਮਹੌਲ ਅਨਕੂਲ ਬਣ ਜਾਂਦਾ ਹੈ ਜਿਸ ਨਾਲ ਤੇਲੇ ਦੀ ਜਨਸੰਖਿਆ ਵਿਚ ਬੜੀ ਤੇਜ਼ੀ ਨਾਲ ਵਾਧਾ ਹੁੰਦਾ ਹੈ। ਇਸ ਤਰ੍ਹਾਂ ਦੀ ਸਮੱਸਿਆ ਪਿਛਲੇ ਸਮੇਂ ਦੌਰਾਨ ਆਧਰਾ ਪ੍ਰਦੇਸ਼ ਵਿਚ ਵੀ ਆਈ ਜਿੱਥੇ ਕਾਲੇ ਤੇਲੇ ਨੇ ਝੋਨੇ ਦੀ ਫਸਲ ਦਾ ਵੱਡੀ ਪੱਧਰ ਤੇ ਨੁਕਸਾਨ ਕੀਤਾ ਸੀ।

ਉਪਰੋਕਤ ਕਾਰਨਾਂ ਤੋਂ ਸਪਸ਼ਟ ਹੈ, ਕਿਸਾਨਾਂ ਨੇ ਕਾਲੇ ਤੇਲੇ ਦੀ ਰੋਕਥਾਮ ਲਈ ਜੋ ਵੀ ਕੀਟਨਾਸ਼ਕ ਅਤੇ ਤਰੀਕੇ ਗਲਤ ਵਰਤੇ ਹਨ, ਉਹ ਪੀਏਯੂ ਅਤੇ ਖੇਤੀਬਾੜੀ ਵਿਭਾਗ ਦੀਆਂ ਸਿਫਾਰਸ਼ਾਂ ਦੇ ਉਲਟ ਹਨ। ਕਾਲੇ ਤੇਲੇ ਦਾ ਵਧੇਰੇ ਜ਼ੋਰ ਮਾਲਵਾ ਨਾਲ ਸਬੰਧਤ ਜ਼ਿਲ੍ਹਿਆਂ ਵਿਚ ਅਤੇ ਵਧੇਰੇ ਸਮੇਂ ਵਾਲੀਆਂ ਕਿਸਮਾਂ ਜਿਵੇਂ ਪੂਸਾ 44, ਮੁੱਛਲ, ਬਾਸਮਤੀ 1121 ਤੇ ਵਧੇਰੇ ਰਿਹਾ ਹੈ ਜਦ ਕਿ ਘੱਟ ਸਮਾਂ ਲੈਣ ਵਾਲੀਆ ਕਿਸਮਾਂ ਤੇ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਆਈ ਕਿਉਂਕਿ ਕਾਲਾ ਤੇਲਾ ਸਤੰਬਰ ਦੇ ਅਖੀਰ ਅਤੇ ਅਕਤੂਬਰ ਦੇ ਪਹਿਲੇ ਹਫ਼ਤੇ ਦੌਰਾਨ ਹਮਲਾ ਕਰਦਾ ਹੈ ਜਿਸ ਕਾਰਨ ਲੰਬੇ ਸਮੇਂ ਵਾਲੀਆ ਕਿਸਮਾਂ ਦਾ ਵਧੇਰੇ ਨੁਕਸਾਨ ਹੋਇਆ ਹੈ। ਜਦ ਕਿ ਥੋੜ੍ਹੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਸਤੰਬਰ ਦੇ ਅਖੀਰ ਜਾਂ ਅਕਤੂਬਰ ਦੇ ਪਹਿਲੇ ਹਫ਼ਤੇ ਦੌਰਾਨ ਪੱਕ ਜਾਂਦੀਆਂ ਹਨ। ਮਾਝੇ ਵਿਚ ਕਾਲੇ ਤੇਲੇ ਦੀ ਸਮੱਸਿਆ ਗੰਭੀਰ ਨਾ ਹੋਣ ਦੇ ਕਾਰਨਾਂ ਵਿਚ ਕਿਸਾਨਾਂ ਵੱਲੋਂ ਘੱਟ ਸਮੇਂ ਵਾਲੀਆਂ ਸਿਫਾਰਸ਼ਸ਼ੁਦਾ ਕਿਸਮਾਂ ਦੀ ਕਾਸ਼ਤ, ਯੂਰੀਆ ਖਾਦ ਦੀ ਸਿਫ਼ਾਰਸ਼ਾਂ ਅਨੁਸਾਰ ਵਰਤੋਂ ਅਤੇ ਕੀਟਨਾਸ਼ਕਾਂ ਦਾ ਮਿਸ਼ਰਣ ਬਣਾ ਕੇ ਛਿੜਕਾਅ ਨਾ ਕਰਨਾ ਹੋ ਸਕਦਾ ਹੈ। ਮਾਲਵੇ ਵਿਚ ਕਪਾਹ ਦੀ ਫਸਲ ਤੇ ਕੀਟਨਾਸ਼ਕਾਂ ਦੇ ਮਿਸ਼ਰਣ ਦਾ ਛਿੜਕਾਅ ਕਰਨਾ ਆਮ ਗੱਲ ਸੀ, ਜਿਸ ਦੇ ਚੱਲਦਿਆਂ ਕਿਸਾਨਾਂ ਨੇ ਮਿਸ਼ਰਣ ਜਾਂ ਦੇਖਾ-ਦੇਖੀ ਕੀਟਨਾਸ਼ਕਾਂ ਦੀ ਵਰਤੋਂ ਕੀਤੀ ਹੈ, ਜਿਸ ਨਾਲ ਕਾਲੇ ਤੇਲੇ ਦੀ ਸਮੱਸਿਆ ਘੱਟ ਹੋਣ ਦੀ ਬਿਜਾਏ ਵਧੇਰੇ ਗੰਭੀਰ ਹੋਈ ਹੈ।

### ਰੋਕਥਾਮ ਦੇ ਉਪਾਅ

*ਪਨੀਰੀ ਪੁੱਟ ਕੇ ਖੇਤ ਵਿਚ ਲਾਉਣ ਤੋਂ ਇਕ ਮਹੀਨਾ ਬਾਅਦ ਬੂਟਿਆਂ ਨੂੰ ਟੇਡੇ ਕਰ ਕੇ ਨਿਰੰਤਰ ਨਿਰੀਖਣ ਕਰਦੇ ਰਹਿਣਾ ਚਾਹੀਦਾ ਹੈ। ਜੇਕਰ ਮੁੱਢਾਂ ਵਾਲੇ ਪਾਸੇ ਪ੍ਰਤੀ ਪੌਦਾ 5 ਜਾਂ ਵਧ ਟਿੱਡੇ ਮੌਜੂਦ ਹੋਣ ਤਾਂ 170 ਗ੍ਰਾਮ ਚੈਸ 50 ਡਬਲਿਊਜੀ ਜਾਂ 40 ਮਿਲੀ ਲਿਟਰ ਇਮੀਡਾਕਲੋਪਰਿਡ 17.8 ਐੱਸਐੱਲ ਜਾਂ 800 ਮਿਲੀਲਿਟਰ ਏਕਾਲਕਸ 25 ਈਸੀ ਪ੍ਰਤੀ ਏਕੜ ਨੂੰ 100 ਲਿਟਰ ਪਾਣੀ ਦੇ ਘੋਲ ਵਿਚ ਛਿੜਕਾਅ ਕਰੋ ਜੇਕਰ ਜ਼ਰੂਰਤ ਪਵੇ ਤਾਂ ਦੁਬਾਰਾ ਛਿੜਕਾਅ ਕਰੋ। ਚੰਗੇ ਨਤੀਜਿਆਂ ਲਈ ਫ਼ਸਲ ਦੇ ਮੁੱਢਾਂ ਵਾਲੇ ਪਾਸੇ ਦਵਾਈ ਦਾ ਛਿੜਕਾਅ ਕਰਨਾ ਚਾਹੀਦਾ ਹੈ। ਟਿੱਡੇ ਦੇ ਹਮਲੇ ਵਾਲੀਆਂ ਧੌੜੀਆਂ ਉੱਪਰ ਅਤੇ ਧੌੜੀ ਦੇ 3-4 ਮੀਟਰ ਆਲੇ-ਦੁਆਲੇ ਵੀ ਵਰਤੋਂ ਕਰੋ ਕਿਉਂਕਿ ਟਿਡਿਆਂ ਦੀ ਵਧੇਰੇ ਗਿਣਤੀ ਮੁੱਢਾਂ ਵਾਲੇ ਪਾਸੇ ਹੀ ਹੁੰਦੀ ਹੈ।*

ਕਿਸਾਨਾਂ ਨੂੰ ਝੋਨੇ ਅਤੇ ਹੋਰਨਾਂ ਫਸਲਾਂ ਦੇ ਕੀੜਿਆਂ ਦੀ ਪਛਾਣ ਕੀਤੇ ਜਾਣ ਵਾਲੇ ਨੁਕਸਾਨ ਅਤੇ ਸਹੀ ਰੋਕਥਾਮ ਬਾਰੇ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ ਪਰ ਕੁਝ ਕਿਸਾਨ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਆਂਢੀਆ ਗੁਆਂਢੀਆਂ ਜਾਂ ਦੁਕਾਨਦਾਰਾਂ ਤੇ ਨਿਰਭਰ ਕਰਦੇ ਹਨ, ਜਿਸ ਨਾਲ ਕਈ ਵਾਰੀ ਫਾਇਦੇ ਦੀ ਬਿਜਾਏ ਨੁਕਸਾਨ ਹੋ ਜਾਂਦਾ ਹੈ। ਦੁਕਾਨਦਾਰ ਆਮ ਕਰਕੇ ਕਿਸਾਨ ਵੀਰਾਂ ਨੂੰ ਸਿਫ਼ਾਰਸ਼ਾਂ ਦੇ ਉਲਟ ਘੱਟੋ ਘੱਟ ਦੋ ਕੀਟ ਨਾਸ਼ਕ ਦਵਾਈਆਂ ਦੇ ਦਿੰਦੇ ਹਨ ਅਤੇ ਕਈ ਵਾਰ ਦਵਾਈ ਦੀ ਸਿਫਾਰਸ਼ਾਂ ਦੇ ਉਲਟ ਮਾਤਰਾ ਵੀ ਵਧਾ ਕੇ ਦਿੰਦੇ ਹਨ ਤਾਂ ਜੋ ਉਨ੍ਹਾਂ ਦੀ ਵਿਕਰੀ ਵੱਧ ਹੋਣ ਕਾਰਨ ਫਾਇਦਾ ਜ਼ਿਆਦਾ ਹੋ ਸਕੇ ਪਰ ਇਸ ਨਾਲ ਜਿੱਥੇ ਕਿਸਾਨ ਦਾ ਆਰਥਿਕ ਸ਼ੋਸ਼ਣ ਹੁੰਦਾ ਹੈ, ਉੱਥੇ ਫਸਲ ਉੱਪਰ ਕੀੜਿਆਂ ਦੀ ਰੋਕਥਾਮ ਵੀ ਨਹੀਂ ਹੁੰਦੀ। ਕਾਲੇ ਤੇਲੇ ਦੀ ਰੋਕਥਾਮ ਲਈ ਇਕੱਲੇ ਕੀਟਨਾਸ਼ਕਾਂ 'ਤੇ ਨਿਰਭਰ ਰਹਿਣ ਦੀ ਬਿਜਾਏ ਸਰਬਪੱਖੀ ਕੀਟ ਪ੍ਰਬੰਧ ਵਿਧੀ ਵਰਤਣ ਦੀ ਜ਼ਰੂਰਤ ਹੁੰਦੀ ਹੈ ਤਾਂ ਜੋ ਵਾਤਾਵਰਣ ਦੇ ਦੂਸ਼ਤ ਹੋਣ ਤੋਂ ਬਚਾਉਣ ਦੇ ਨਾਲ ਨਾਲ ਖੇਤੀ ਲਾਗਤ ਖਰਚੇ ਵੀ ਘਟਾਏ ਜਾ ਸਕਣ।

ਸੋ ਕਿਸਾਨ ਵੀਰਾਂ ਨੂੰ ਚਾਹੀਦਾ ਹੈ ਕਿ ਜਦ ਕਦੇ ਕਿਸੇ ਵੀ ਫਸਲ ਉੱਪਰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਪਹਿਲਾਂ ਖੇਤੀ ਮਾਹਿਰਾਂ ਨਾਲ ਸੰਪਰਕ ਕਰ ਕੇ ਸਿਫ਼ਾਰਸ਼ ਕੀਤੀਆਂ ਕੀਟਨਾਸ਼ਕ ਰਸਾਇਣਾਂ ਦਾ ਹੀ ਛਿੜਕਾਅ ਕਰਨ ਤਾਂ ਜੋ ਕੀੜਿਆਂ ਦੀ ਸੁਚੱਜੀ ਰੋਕਥਾਮ ਜਾ ਸਕੇ। ਪੀਏਯੂ ਅਤੇ ਖੇਤੀਬਾੜੀ ਵਿਭਾਗ ਵੱਲੋਂ ਕੀਤੀਆਂ ਸਿਫਾਰਸ਼ਾਂ ਅਨੁਸਾਰ ਕਾਲੇ ਤੇਲੇ ਦੀ ਸਹੀ ਰੋਕਥਾਮ ਲਈ ਜਿੱਥੇ ਸਿਫਾਰਸ਼ਸ਼ੁਦਾ ਕੀਟਨਾਸ਼ਕ ਦਾ ਛਿੜਕਾਅ ਕਰਨਾ ਜ਼ਰੂਰੀ ਹੈ ਉੱਥੇ ਛਿੜਕਾਅ ਕਾਰਨ ਦਾ ਸਮਾਂ ਅਤੇ ਤਰੀਕਾ ਬਹੁਤ ਜ਼ਰੂਰੀ ਹੈ ਅਤੇ ਕੁਝ ਸਾਵਧਾਨੀਆਂ ਵਰਤਣੀਆਂ ਵੀ ਬਹੁਤ ਜ਼ਰੂਰੀ ਹਨ। ਹੁਣ ਝੋਨੇ ਦਾ ਜੋ ਨੁਕਸਾਨ ਹੋਣਾ ਸੀ, ਉਹ ਹੋ ਚੁੱਕਾ ਹੈ, ਪਰ ਕੁਝ ਸਾਵਧਾਨੀਆਂ ਵਰਤ ਕੇ ਬਾਸਮਤੀ ਦੇ ਹੋਣ ਵਾਲੇ ਨੁਕਸਾਨ ਨੂੰ ਘਟਾਇਆ ਜਾ ਸਕਦਾ ਹੈ। ਭਵਿੱਖ ਵਿਚ ਅਜਿਹੀ ਸਮੱਸਿਆ ਤੋਂ ਬਚਣ ਲਈ ਹੁਣ ਤੋਂ ਹੀ ਵਿਉਂਤਬੰਦੀ ਕਰ ਲੈਣੀ ਚਾਹੀਦੀ ਹੈ। ਕਾਲੇ ਤੇਲੇ ਦੀ ਸਰਬਪੱਖੀ ਰੋਕਥਾਮ ਲਈ ਘੱਟ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਦੀ ਕਾਸ਼ਤ ਕਰਨੀ ਲਾਹੇਬੰਦ ਹੈ।

*ਮੋਬਾਈਲ : 94630-71919*

# ਬ੍ਰਹਮ ਸਰੋਵਰ ਸਮੇਤ ਕੁਰੂਕਸ਼ੇਤਰ ਦੇ ਸਰਵਪੱਖੀ ਸੁੰਦਰੀਕਰਨ ਲਈ ਸਰਕਾਰ ਨੇ ਉਲੀਕੀ ਵਿਆਪਕ ਯੋਜਨਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕੌਮਾਂਤਰੀ ਪੱਧਰ 'ਤੇ ਪਛਾਣ ਰੱਖਣ ਵਾਲੇ ਧਾਰਮਿਕ ਸਥਾਨ ਕੁਰੂਕਸ਼ੇਤਰ ਵਿੱਚ ਬ੍ਰਹਮ ਸਰੋਵਰ ਸਮੇਤ ਸ਼ਹਿਰ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਸੁੰਦਰੀਕਰਨ ਅਤੇ ਸ਼ਰਧਾਲੂਆਂ ਲਈ ਸਹੂਲਤਾਂ ਦੇ ਵਿਸਤਾਰ ਦੀ ਵਿਆਪਕ ਯੋਜਨਾ ਸੂਬਾ ਸਰਕਾਰ ਨੇ ਤਿਆਰ ਕੀਤੀ ਹੈ। ਯੋਜਨਾ ਤਹਿਤ ਵੱਖ-ਵੱਖ ਵਿਕਾਸ ਅਤੇ ਸੁੰਦਰੀਕਰਨ ਕਾਰਜਾਂ ਨੂੰ ਪੜਾਅਵਾਰ ਤਰੀਕੇ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਕਈ ਕੰਮਾਂ ਦੇ ਟੈਂਡਰ ਲਗਾਏ ਜਾ ਰਹੇ ਹਨ, ਜਦੋਂ ਕਿ ਰੈਸਟ ਹਾਊਸ ਸਮੇਤ ਹੋਰ ਕੰਮ ਟੈਂਡਰ ਪ੍ਰਕਿਰਿਆ ਵਿੱਚ ਹਨ। ਮੁੱਖ ਮੰਤਰੀ ਹਰਿਆਣਾ ਵਿਧਾਨ ਸਭਾ ਦੇ ਪ੍ਰਸ਼ਨ ਕਾਲ ਦੌਰਾਨ ਵਿਧਾਇਕ ਸ੍ਰੀ ਅਸ਼ੋਕ ਅਰੋੜਾ ਦੁਆਰਾ ਬ੍ਰਹਮ ਸਰੋਵਰ, ਕੁਰੂਕਸ਼ੇਤਰ ਦੇ ਸੰਬੰਧ ਵਿੱਚ ਪੁੱਛੇ ਗਏ ਪ੍ਰਸ਼ਨ ਦਾ ਉੱਤਰ ਦੇ ਰਹੇ ਸਨ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਧਾਇਕ ਸ੍ਰੀ ਅਸ਼ੋਕ ਅਰੋੜਾ ਨੇ ਬ੍ਰਹਮ ਸਰੋਵਰ ਨੂੰ ਲੈ ਕੇ ਆਪਣੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਪਹਿਲਾਂ ਵੀ ਇਸ ਵਿਸ਼ੇ ਨੂੰ ਉਠਾਇਆ ਸੀ। ਸੰਬੰਧਿਤ ਮੰਤਰੀ ਵੱਲੋਂ ਇਸ ਸੰਬੰਧ ਵਿੱਚ ਸਦਨ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਬ੍ਰਹਮ ਸਰੋਵਰ ਅਤੇ ਆਸਪਾਸ ਦੇ ਖੇਤਰ ਦੇ



ਸੁੰਦਰੀਕਰਨ ਦੀ ਪੂਰੀ ਯੋਜਨਾ ਬਣਾਈ ਹੈ। ਰੈਸਟ ਹਾਊਸ ਸਮੇਤ ਵੱਖ-ਵੱਖ ਕੰਮ ਟੈਂਡਰ ਪ੍ਰਕਿਰਿਆ ਵਿੱਚ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਯੋਜਨਾਬੱਧ ਢੰਗ ਨਾਲ ਇਨ੍ਹਾਂ ਕੰਮਾਂ ਨੂੰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਕੁਰੂਕਸ਼ੇਤਰ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ ਸੀ, ਜਿਸ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੀ ਸ਼ਾਮਲ ਹੋਏ ਸਨ। ਕੁਰੂਕਸ਼ੇਤਰ ਦੇ ਧਾਰਮਿਕ ਅਤੇ ਇਤਿਹਾਸਕ ਮਹੱਤਵ ਨੂੰ ਦੇਖਦੇ ਹੋਏ ਸਰਕਾਰ ਨੇ ਇਸ ਦੇ ਸਰਵਪੱਖੀ ਵਿਕਾਸ ਅਤੇ ਸੁੰਦਰੀਕਰਨ ਲਈ ਪੂਰੀ ਕਾਰਜਯੋਜਨਾ ਤਿਆਰ ਕੀਤੀ ਹੈ ਅਤੇ ਉਸ ਦੇ ਅਨੁਰੂਪ ਕਾਰਜ ਅੱਗੇ ਵਧਾਏ ਜਾ ਰਹੇ ਹਨ। ਮੁੱਖ ਮੰਤਰੀ ਨੇ ਕੁਰੂਕਸ਼ੇਤਰ ਦੇ ਰੇਲਵੇ ਐਲੀਵੇਟਡ ਟਰੈਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਹਾਲ ਹੀ ਵਿੱਚ ਇਸ ਦਾ ਉਦਘਾਟਨ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਸ੍ਰੀ ਮਨੋਹਰ ਲਾਲ ਮੁੱਖ ਮੰਤਰੀ ਸਨ ਅਤੇ ਉਹ ਖੁਦ ਸੰਸਦ ਮੈਂਬਰ ਸਨ, ਉਸ ਸਮੇਂ ਇਸ ਪ੍ਰੋਜੈਕਟ ਨੂੰ ਲੈ ਕੇ ਗੱਲ ਰੱਖੀ ਗਈ ਸੀ। ਅੱਜ ਰੇਲਵੇ ਐਲੀਵੇਟਡ ਟਰੈਕ ਬਣ ਕੇ ਤਿਆਰ ਹੋ ਚੁੱਕਾ ਹੈ। ਇਸ ਪ੍ਰੋਜੈਕਟ ਨਾਲ ਸ਼ਹਿਰ ਨੂੰ ਰੇਲਵੇ ਫਾਟਕਾਂ ਦੀ ਸਮੱਸਿਆ ਤੋਂ ਮੁਕਤੀ ਮਿਲੀ ਹੈ ਅਤੇ ਸ਼ਹਿਰ ਦੀ ਕਨੈਕਟੀਵਿਟੀ ਵੀ ਬਿਹਤਰ ਹੋਈ ਹੈ। ਉਨ੍ਹਾਂ ਕਿਹਾ ਕਿ ਇਨੇ ਵੱਡੇ ਰੇਲਵੇ ਐਲੀਵੇਟਡ ਟਰੈਕ ਦੀ ਤਰ੍ਹਾਂ ਹੀ ਹੋਰ ਕੰਮਾਂ ਨੂੰ ਵੀ ਤੇਜ਼ੀ ਨਾਲ ਨਿਰਮਾਣ ਕਰਵਾਇਆ ਜਾਵੇਗਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਕੁਰੂਕਸ਼ੇਤਰ ਦੀ ਧਾਰਮਿਕ ਅਤੇ ਇਤਿਹਾਸਕ ਗਰਿਮਾ ਦੇ ਅਨੁਰੂਪ ਇਸ ਦੇ ਵਿਕਾਸ, ਸ਼ੁੰਦਰੀਕਰਨ ਅਤੇ ਸ਼ਰਧਾਲੂਆਂ ਲਈ ਸਹੂਲਤਾਂ ਦੇ ਵਿਸਤਾਰ ਲਈ ਨਿਰੰਤਰ ਕਾਰਜ ਕਰ ਰਹੀ ਹੈ।

# ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ : ਕ੍ਰਿਸ਼ਨ ਬੇਦੀ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਮਾਨਸੂਨ ਸੈਸ਼ਨ ਦੇ ਤੀਜੇ ਦਿਨ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੀ ਭਲਾਈ ਲਈ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦਾ ਲਾਭ ਵੀ



ਯਕੀਨੀ ਬਣਾਇਆ ਜਾ ਰਿਹਾ ਹੈ। ਸ੍ਰੀ ਬੇਦੀ ਨੇ ਕਿਹਾ ਕਿ ਸਾਲ 2023-24 ਦੌਰਾਨ ਅਨੁਸੂਚਿਤ ਜਾਤੀ ਲਈ ਅਲਾਟ ਕੀਤੇ ਬਜਟ ਦਾ 79 ਫ਼ੀਸਦੀ, 2024-25 ਵਿੱਚ 78 ਫ਼ੀਸਦੀ ਅਤੇ 2025-26 ਵਿੱਚ 71 ਫ਼ੀਸਦੀ ਖ਼ਰਚ ਕੀਤਾ ਗਿਆ ਹੈ। ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਨੂੰ 100 ਵਰਗ ਗਜ਼ ਦੇ ਪਲਾਟ ਦਿੱਤੇ ਹਨ, ਜਦੋਂ ਕਿ ਵਿਰੋਧ ਧਿਰ ਵੱਲੋਂ ਸਿਰਫ਼ ਘੋਸ਼ਣਾ ਕੀਤੀ ਗਈ ਸੀ। ਮੌਜੂਦਾ ਸਰਕਾਰ ਨੇ ਇਸ ਯੋਜਨਾ ਨੂੰ ਅਮਲੀ ਜਾਮਾ ਪਹਿਨਾਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਅਨੁਸੂਚਿਤ ਜਾਤੀ ਦੇ ਹਿੱਤ ਸੁਰੱਖਿਅਤ ਹਨ। ਸਰਕਾਰ ਅਨੁਸੂਚਿਤ ਵਰਗ ਦੀ ਭਲਾਈ ਲਈ ਕਾਰਜ ਕਰ ਰਹੀ ਹੈ।

# ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਗਈ : ਬੇਦੀ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਸ੍ਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਦੱਸਿਆ ਕਿ ਬਰੌਦਾ ਵਿਧਾਨ ਸਭਾ ਖੇਤਰ ਵਿੱਚ ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਖੇਤਰ ਵਿੱਚ 24 ਮਾਇਨਰ/ਰਜਵਾਹੇ ਅਤੇ 37 ਡ੍ਰੇਨਾਂ ਹਨ।

ਇਨ੍ਹਾਂ ਮਾਇਨਰਾਂ ਅਤੇ ਰਜਵਾਹਿਆਂ ਵਿੱਚ ਸਿੰਚਾਈ ਦੇ ਪਾਣੀ ਦੀ ਸਪਲਾਈ ਆਂਟਾ ਹੈਡ/ਬੁਟਾਨਾ ਬ੍ਰਾਂਚ ਅਤੇ ਖੁਬੜੂ ਹੈਡ/ਭਾਲੌਟ ਸਬ-ਬ੍ਰਾਂਚ ਰਾਹੀਂ ਕੀਤੀ ਜਾਂਦੀ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਨੇ ਇਹ ਜਾਣਕਾਰੀ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਵਿਧਾਇਕ ਇੰਦੁਰਾਜ ਸਿੰਘ ਨਰਵਾਲ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਦਿੱਤੀ।

ਸ੍ਰੀ ਬੇਦੀ ਨੇ ਦੱਸਿਆ ਕਿ ਖ਼ਰੀਫ਼ ਸੀਜ਼ਨ 2025-26 ਤੋਂ ਪਹਿਲਾਂ 204.60 ਲੱਖ ਰੁਪਏ ਦੀ ਲਾਗਤ ਨਾਲ 22 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕਰਵਾਈ ਗਈ। ਇਸੇ ਤਰ੍ਹਾਂ, ਰੱਬੀ ਸੀਜ਼ਨ 2025-26 ਤੋਂ ਪਹਿਲਾਂ 41.45 ਲੱਖ ਰੁਪਏ ਦੀ ਲਾਗਤ ਨਾਲ 20 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕੀਤੀ ਗਈ। ਸਾਲ 2026-27 ਵਿੱਚ ਖ਼ਰੀਫ਼ ਸੀਜ਼ਨ ਤੋਂ ਪਹਿਲਾਂ 47.25 ਲੱਖ ਰੁਪਏ ਦੀ ਲਾਗਤ ਨਾਲ 17 ਮਾਇਨਰਾਂ/ਰਜਵਾਹਿਆਂ ਦੀ ਸਫ਼ਾਈ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਸਾਲ 2025-26 ਵਿੱਚ 69.35 ਲੱਖ ਰੁਪਏ ਦੀ ਲਾਗਤ ਨਾਲ 32 ਡ੍ਰੇਨਾਂ ਅਤੇ ਸਾਲ 2026-27 ਵਿੱਚ 90.03 ਲੱਖ ਰੁਪਏ ਦੀ ਲਾਗਤ ਨਾਲ 34 ਡ੍ਰੇਨਾਂ ਦੀ ਸਫ਼ਾਈ ਕਰਵਾਈ ਗਈ।

ਸ੍ਰੀ ਬੇਦੀ ਨੇ ਸਪੱਸ਼ਟ ਕੀਤਾ ਕਿ ਮਾਇਨਰਾਂ, ਰਜਵਾਹਿਆਂ ਅਤੇ ਡ੍ਰੇਨਾਂ ਦੀ ਸਫ਼ਾਈ ਲੋੜ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਜਿਨ੍ਹਾਂ ਨਹਿਰਾਂ ਅਤੇ ਡ੍ਰੇਨਾਂ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਹੀਂ ਪਾਈ ਗਈ, ਉਨ੍ਹਾਂ ਨੂੰ ਸਫ਼ਾਈ ਕਾਰਜ ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਸਿੰਚਾਈ ਲਈ ਲੋੜੀਂਦਾ ਪਾਣੀ ਉਪਲਬਧ ਕਰਵਾਉਣਾ ਅਤੇ ਨਹਿਰ ਅਤੇ ਡ੍ਰੇਨੇਜ ਪ੍ਰਣਾਲੀ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਈ ਰੱਖਣਾ ਹੈ।

# ਕਮੇਟੀ ਦਫ਼ਤਰ ਕੰਪਲੈਕਸ, ਪੁੰਡਰੀ ਵਿੱਚ ਹੇਠਲੀ ਪਹਿਲੀ ਮੰਜ਼ਿਲ 'ਤੇ ਬਾਗਬਾਨੀ ਵਿਕਾਸ ਦਫ਼ਤਰ ਭਵਨ ਦਾ ਨਿਰਮਾਣ ਕੀਤਾ ਜਾਵੇਗਾ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਮਾਰਕੀਟ ਕਮੇਟੀ ਦਫ਼ਤਰ ਕੰਪਲੈਕਸ, ਪੁੰਡਰੀ ਵਿੱਚ ਹੇਠਲੀ ਮੰਜ਼ਿਲ 'ਤੇ ਖੇਤੀਬਾੜੀ ਬਲਾਕ ਦਫ਼ਤਰ ਭਵਨ ਅਤੇ ਇਸ ਦੀ ਪਹਿਲੀ ਮੰਜ਼ਿਲ 'ਤੇ ਬਾਗਬਾਨੀ ਵਿਕਾਸ ਦਫ਼ਤਰ ਭਵਨ ਦਾ ਨਿਰਮਾਣ ਕੀਤਾ ਜਾਵੇਗਾ ਅਤੇ ਇਹ ਨਿਰਮਾਣ ਕਾਰਜ ਵਿੱਤੀ ਸਾਲ 2027-28 ਦੌਰਾਨ ਪੂਰੇ ਹੋਣ ਦੀ ਸੰਭਾਵਨਾ ਹੈ।

ਸ੍ਰੀ ਰਾਣਾ ਅੱਜ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੇ ਸਨ।

ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਪੁੰਡਰੀ ਵਿੱਚ ਖੇਤੀਬਾੜੀ ਬਲਾਕ ਦਫ਼ਤਰ ਭਵਨ ਦੇ ਨਿਰਮਾਣ ਲਈ 23 ਮਾਰਚ 2023 ਨੂੰ ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਨੂੰ 54.50 ਲੱਖ ਰੁਪਏ ਜਮ੍ਹਾਂ ਕਰਵਾਏ ਸਨ, ਪਰ ਬਾਗਬਾਨੀ ਵਿਭਾਗ ਵੱਲੋਂ ਬਾਗਬਾਨੀ ਵਿਕਾਸ ਦਫ਼ਤਰ ਭਵਨ ਦੇ ਨਿਰਮਾਣ ਲਈ ਹੁਣ ਤੱਕ ਕੋਈ ਧਨਰਾਸ਼ੀ ਜਾਰੀ ਨਹੀਂ ਕੀਤੀ ਗਈ ਹੈ।

ਖੇਤੀਬਾੜੀ ਮੰਤਰੀ ਨੇ ਅੱਗੇ ਜਾਣਕਾਰੀ ਦਿੱਤੀ ਕਿ ਪ੍ਰਦੇਸ਼ ਸਰਕਾਰ ਵੱਲੋਂ 1 ਜੂਨ 2026 ਨੂੰ ਬਾਗਬਾਨੀ ਵਿਭਾਗ ਨੂੰ ਰਾਜ ਵਿੱਚ ਫਤਿਹਪੁਰ ਪੁੰਡਰੀ ਦੀ ਇਮਾਰਤ ਸਮੇਤ ਬਾਗਬਾਨੀ ਵਿਕਾਸ ਦਫ਼ਤਰ ਭਵਨਾਂ ਦੇ ਨਿਰਮਾਣ ਬਾਰੇ ਪ੍ਰਵਾਨਗੀ ਪ੍ਰਦਾਨ ਕੀਤੀ ਗਈ ਹੈ,

ਪਰ ਟ੍ਰੇਜ਼ਰੀ ਦੇ ਨਾਲ ਬੈਂਕ ਖਾਤੇ ਦੇ ਅਪਡੇਸ਼ਨ ਕਾਰਨ ਇਹ ਧਨਰਾਸ਼ੀ ਹਰਿਆਣਾ ਰਾਜ ਖੇਤੀਬਾੜੀ ਮਾਰਕੀਟਿੰਗ ਬੋਰਡ ਵਿੱਚ ਜਮ੍ਹਾਂ ਨਹੀਂ ਕੀਤੀ ਜਾ ਸਕੀ ਅਤੇ ਹੁਣ ਇਸ ਸਤੰਬਰ, 2026 ਦੇ ਪਹਿਲੇ ਹਫ਼ਤੇ ਦੌਰਾਨ ਜਮ੍ਹਾਂ ਹੋਣ ਦੀ ਸੰਭਾਵਨਾ ਹੈ।

ਉਨ੍ਹਾਂ ਦੱਸਿਆ ਕਿ ਪੂਰੀ ਪ੍ਰਕਿਰਿਆ ਹੋਣ ਤੋਂ ਬਾਅਦ ਅਗਲੇ ਸਾਲ 2027-28 ਤੱਕ ਦੋਵਾਂ ਦਫ਼ਤਰਾਂ ਦੀਆਂ ਇਮਾਰਤਾਂ ਮੁਕੰਮਲ ਹੋ ਜਾਣਗੀਆਂ।

# ਕਰਨਾਲ ਦੇ ਸੈਕਟਰ-13 ਵਿੱਚ ਮਾਰਕੀਟ ਨਾਲ ਲੱਗਦੀ ਖਾਲੀ ਜ਼ਮੀਨ 'ਤੇ ਕਮਰਸ਼ੀਅਲ ਕੰਪਲੈਕਸ ਬਣਾਉਣ ਦੀ ਯੋਜਨਾ ਤਿਆਰ - ਕ੍ਰਿਸ਼ਨ ਕੁਮਾਰ ਬੇਦੀ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਕਰਨਾਲ ਦੇ ਸੈਕਟਰ-13 ਵਿੱਚ ਮਾਰਕੀਟ ਨਾਲ ਲੱਗਦੀ ਖਾਲੀ ਜ਼ਮੀਨ 'ਤੇ ਕਮਰਸ਼ੀਅਲ ਕੰਪਲੈਕਸ ਦਾ ਨਿਰਮਾਣ ਕਰਨ ਦੀ ਯੋਜਨਾ ਤਿਆਰ ਕੀਤੀ ਜਾ ਚੁੱਕੀ ਹੈ। ਮਾਰਚ 2027 ਤੱਕ ਇਸ ਯੋਜਨਾ 'ਤੇ ਕੰਮ ਸ਼ੁਰੂ ਕੀਤਾ ਜਾਵੇਗਾ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਮਾਨਸੂਨ ਸੈਸ਼ਨ ਦੇ ਤੀਜੇ ਦਿਨ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਪ੍ਰਵਾਨਿਤ ਯੋਜਨਾ ਅਨੁਸਾਰ ਇਸ ਨੂੰ ਵਿਕਸਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੈਕਟਰ-13, ਕਰਨਾਲ ਦੇ ਸ਼ਾਪਿੰਗ ਸੈਂਟਰ ਵਿੱਚ 2,560 ਵਰਗ ਮੀਟਰ ਜ਼ਮੀਨ ਇਸ ਸਮੇਂ ਖਾਲੀ ਹੈ। ਇਹ ਸਥਾਨ ਮੂਲ ਰੂਪ ਵਿੱਚ ਸਿਨੇਮਾ ਸਾਈਟ ਲਈ ਰਾਖਵਾਂ ਸੀ, ਜਿਸ ਨੂੰ ਸਾਲ 2008 ਵਿੱਚ ਮੁੜ-ਨਿਯੋਜਿਤ ਕਰਕੇ 1,800 ਵਰਗ ਮੀਟਰ ਖੇਤਰ ਵਪਾਰਕ ਕੰਪਲੈਕਸ ਅਤੇ 760 ਵਰਗ ਮੀਟਰ ਖੇਤਰ ਪਾਰਕਿੰਗ, ਫੁੱਟਪਾਥ ਅਤੇ ਹੋਰ ਸਬੰਧਤ ਸਹੂਲਤਾਂ ਲਈ ਨਿਰਧਾਰਤ ਕੀਤਾ ਗਿਆ। ਸ਼ਾਪਿੰਗ ਸੈਂਟਰ ਦੇ ਆਸ-ਪਾਸ ਦੇ ਵਿਕਾਸ ਕਾਰਜ, ਪਾਣੀ ਦੀ ਸਪਲਾਈ ਅਤੇ ਸੀਵਰੇਜ ਦੇ ਕਾਰਜ ਪਹਿਲਾਂ ਹੀ ਕੀਤੇ ਜਾ ਚੁੱਕੇ ਸਨ।

ਐਚ.ਐਸ.ਵੀ.ਪੀ. ਵੱਲੋਂ ਸ਼ਾਪਿੰਗ ਸੈਂਟਰ ਵਿੱਚ ਸੜਕਾਂ, ਪਾਰਕਿੰਗ ਅਤੇ ਫੁੱਟਪਾਥ ਦਾ ਨਿਰਮਾਣ ਸਾਲ 1983 ਵਿੱਚ ਲਗਭਗ 4.75 ਲੱਖ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਕੀਤਾ ਗਿਆ ਸੀ। ਨਾਲ ਹੀ, ਬਿਜਲੀਕਰਨ ਅਤੇ ਸਟ੍ਰੀਟ ਲਾਈਟਿੰਗ ਦਾ ਕਾਰਜ ਕੀਤਾ ਗਿਆ ਸੀ।

ਸ੍ਰੀ ਬੇਦੀ ਨੇ ਕਿਹਾ ਕਿ ਇਸ ਸਥਾਨ 'ਤੇ ਪਾਰਕਿੰਗ, ਫੁੱਟਪਾਥ ਅਤੇ ਹੋਰ ਸਬੰਧਤ ਸਹੂਲਤਾਂ ਦੇ ਵਿਕਾਸ ਲਈ ਅਨੁਮਾਨ ਤਿਆਰ ਕੀਤਾ ਜਾ ਰਿਹਾ ਹੈ।

ਇਨ੍ਹਾਂ ਕਾਰਜਾਂ ਦੇ ਪੂਰੇ ਹੋਣ ਤੋਂ ਬਾਅਦ ਵਪਾਰਕ ਕੰਪਲੈਕਸ ਲਈ ਨਿਰਧਾਰਤ ਸਥਾਨ ਨੂੰ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਵੱਲੋਂ ਈ-ਨਿਲਾਮੀ ਰਾਹੀਂ ਨਿਪਟਾਏ ਜਾਣ ਦਾ ਪ੍ਰਸਤਾਵ ਹੈ।

# ਹਾਂਸੀ ਵਿੱਚ ਨਵੀਂ ਸੀਵਰੇਜ ਪਾਈਪਲਾਈਨ ਵਿਛਾਉਣ ਦਾ ਕੰਮ ਜਲਦੀ ਕੀਤਾ ਜਾਵੇਗਾ : ਰਣਬੀਰ ਗੰਗਵਾ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਾਂਸੀ ਸ਼ਹਿਰ ਵਿੱਚ ਪੁਰਾਣੀ ਸੀਵਰ ਲਾਈਨ ਦਾ ਜਲਦੀ ਸਰਵੇ ਕਰਵਾਇਆ ਜਾਵੇਗਾ ਅਤੇ ਨਵੀਂ ਪਾਈਪਲਾਈਨ ਵਿਛਾਉਣ ਦਾ ਕੰਮ ਕੀਤਾ ਜਾਵੇਗਾ।



ਵਿਧਾਨ ਸਭਾ ਸੈਸ਼ਨ ਦੌਰਾਨ ਹਾਂਸੀ ਦੇ ਵਿਧਾਇਕ ਸ੍ਰੀ ਵਿਨੋਦ ਭਯਾਨਾ ਵੱਲੋਂ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਹਾਂਸੀ ਵਿੱਚ ਪਹਿਲਾਂ ਬਣੀ ਸੀਵਰ ਲਾਈਨ ਦਾ ਕੁਝ ਹਿੱਸਾ ਸਾਲ 1980 ਵਿੱਚ ਮੁੱਖ ਤੌਰ 'ਤੇ ਤੋਸ਼ਾਮ ਚੁੰਗੀ ਤੋਂ ਸਮਾਧਾ ਰੋਡ ਅਤੇ ਜੀਂਦ ਚੌਂਕ ਤੋਂ ਸਮਾਧਾ ਰੋਡ ਵਾਇਆ ਤ੍ਰਿਕੋਣਾ ਪਾਰਕ ਅਤੇ ਚਾਰ ਕੁਤੁਬ ਖੇਤਰਾਂ ਵਿੱਚ ਵਿਛਾਇਆ ਗਿਆ ਸੀ।

ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਨਿਕਾਸੀ ਪਾਣੀ ਦੀ ਮਾਤਰਾ ਵਧਣ ਕਾਰਨ ਇਸ ਵਿੱਚ ਦਿੱਕਤ ਆ ਰਹੀ ਹੈ। ਇਸ ਨੂੰ ਦੇਖਦੇ ਹੋਏ ਜਲਦੀ ਇਸ ਦਾ ਸਰਵੇ ਕਰਵਾ ਕੇ ਨਵੀਂ ਪਾਈਪਲਾਈਨ ਵਿਛਾਉਣ ਦਾ ਕੰਮ ਕੀਤਾ ਜਾਵੇਗਾ।

ਜਨ ਸਿਹਤ ਇੰਜੀਨੀਅਰਿੰਗ ਮੰਤਰੀ ਨੇ ਵਿਧਾਇਕ ਸ੍ਰੀ ਵਿਨੋਦ ਭਯਾਨਾ ਨੂੰ ਭਰੋਸਾ ਦਿਵਾਇਆ ਕਿ ਇਸ ਸੰਬੰਧ ਵਿੱਚ ਜਲਦੀ ਜ਼ਰੂਰੀ ਕਾਰਵਾਈ ਕੀਤੀ ਜਾਵੇਗੀ।

# ਸੀਵਨ ਪਿੰਡ ਵਿੱਚ ਕਮਿਊਨਿਟੀ ਹੈਲਥ ਸੈਂਟਰ ਦੀ ਨਵੀਂ ਇਮਾਰਤ ਦਾ ਨਿਰਮਾਣ ਕੀਤਾ ਜਾਵੇਗਾ: ਆਰਤੀ ਸਿੰਘ ਰਾਓ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਗੁਹਲਾ ਵਿਧਾਨ ਸਭਾ ਖੇਤਰ ਦੇ ਅੰਤਰਗਤ ਆਉਣ ਵਾਲੇ ਸੀਵਨ ਪਿੰਡ ਵਿੱਚ ਕਮਿਊਨਿਟੀ ਹੈਲਥ ਸੈਂਟਰ ਦੀ ਨਵੀਂ ਇਮਾਰਤ ਦਾ ਨਿਰਮਾਣ ਕੀਤਾ ਜਾਵੇਗਾ, ਇਹ ਨਿਰਮਾਣ ਕਾਰਜ ਆਉਂਦੇ ਤਿੰਨ ਮਹੀਨਿਆਂ ਵਿੱਚ ਸ਼ੁਰੂ ਹੋਣ ਅਤੇ ਦਸੰਬਰ 2028 ਵਿੱਚ ਪੂਰੇ ਹੋਣ ਦੀ ਸੰਭਾਵਨਾ ਹੈ।



ਸਿਹਤ ਮੰਤਰੀ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦੇ ਰਹੀ ਸੀ।ਉਨ੍ਹਾਂ ਦੱਸਿਆ ਕਿ ਕਮਿਊਨਿਟੀ ਹੈਲਥ ਸੈਂਟਰ, ਸੀਵਨ ਦੀ ਇਮਾਰਤ ਨੂੰ ਲੋਕ ਨਿਰਮਾਣ ਵਿਭਾਗ ਵੱਲੋਂ ਕੰਡਮ ਐਲਾਨ ਕਰ ਦਿੱਤਾ ਗਿਆ ਹੈ ਅਤੇ ਇਸ ਕੇਂਦਰ ਨੂੰ ਨੇੜਲੇ ਕਿਰਾਏ ਦੀ ਇਮਾਰਤ ਵਿੱਚ ਤਬਦੀਲ ਕਰਦਿਆਂ ਆਮ ਲੋਕਾਂ ਨੂੰ ਸਾਰੀਆਂ ਸਿਹਤ ਸਹੂਲਤਾਂ ਸੁਚਾਰੂ ਰੂਪ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਸਿਹਤ ਮੰਤਰੀ ਨੇ ਦੱਸਿਆ ਕਿ ਵਰਤਮਾਨ ਵਿੱਚ ਅੱਗ ਬੁਝਾਊ ਅਨਾਪਤੀ ਪ੍ਰਮਾਣ-ਪੱਤਰ ਅਤੇ ਊਰਜਾ ਸੰਰੱਖਣ ਭਵਨ ਕੋਡ ਦੀ ਪਾਲਣਾ ਪੂਰੀ ਕਰ ਲਈ ਗਈ ਹੈ। ਕਮਿਊਨਿਟੀ ਹੈਲਥ ਸੈਂਟਰ ਦੇ ਨਿਰਮਾਣ ਲਈ ਵਰਕਿੰਗ ਡਰਾਇੰਗਜ਼ 5 ਸਤੰਬਰ 2026 ਤੱਕ ਜਾਰੀ ਹੋਣ ਦੀ ਸੰਭਾਵਨਾ ਹੈ। ਇਸ ਕੰਮ ਦਾ ਟੈਂਡਰ 30 ਅਕਤੂਬਰ 2026 ਤੱਕ ਮੰਗਿਆ ਜਾਵੇਗਾ।

ਉਨ੍ਹਾਂ ਨਿਰਮਾਣ ਕਾਰਜ ਵਿੱਚ ਦੇਰੀ ਦਾ ਜਵਾਬ ਦਿੰਦਿਆਂ ਦੱਸਿਆ ਕਿ ਅੱਗ ਸੁਰੱਖਿਆ ਮਾਪਦੰਡਾਂ ਅਤੇ ਬਾਇਓ-ਮੈਡੀਕਲ ਕੂੜਾ ਪ੍ਰਬੰਧਨ ਨਿਯਮਾਂ ਦੇ ਮੱਦੇਨਜ਼ਰ ਡਰਾਇੰਗਾਂ ਵਿੱਚ ਸੋਧ ਕੀਤੀ ਗਈ ਹੈ, ਜਿਸ ਕਾਰਨ ਨਿਰਮਾਣ ਕਾਰਜ ਸ਼ੁਰੂ ਹੋਣ ਵਿੱਚ ਦੇਰੀ ਹੋਈ ਹੈ। ਉਨ੍ਹਾਂ ਦੱਸਿਆ ਕਿ ਹੁਣ ਅਗਲੇ ਤਿੰਨ ਮਹੀਨਿਆਂ ਵਿੱਚ ਉਕਤ ਸੰਸਥਾ ਦੀ ਇਮਾਰਤ ਦਾ ਨਿਰਮਾਣ ਕਾਰਜ ਸ਼ੁਰੂ ਹੋਣ ਅਤੇ ਦਸੰਬਰ 2028 ਵਿੱਚ ਕੰਮ ਪੂਰਾ ਕਰਨ ਦਾ ਯਤਨ ਕੀਤਾ ਜਾਵੇਗਾ।

# ਰਾਜ ਦੇ ਤੇਜ਼ ਆਰਥਿਕ, ਸਮਾਜਿਕ ਅਤੇ ਉਦਯੋਗਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਲੈਂਡ ਰੈਵੇਨਿਊ ਐਕਟ, 1887 ਦੀ ਧਾਰਾ 5ਲਾਗੂ : ਵਿਪੁਲ ਗੋਇਲ

**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਦੱਸਿਆ ਕਿ ਰਾਜ ਦੇ ਤੇਜ਼ ਆਰਥਿਕ, ਸਮਾਜਿਕ ਅਤੇ ਉਦਯੋਗਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਲੈਂਡ ਰੈਵੇਨਿਊ ਐਕਟ, 1887 ਦੀ ਧਾਰਾ 5 (ਜੋ ਹਰਿਆਣਾ ਰਾਜ 'ਤੇ ਲਾਗੂ ਹੈ) ਵਿੱਚ ਦਰਜ ਉਪਬੰਧਾਂ ਦੇ ਅਨੁਸਾਰ ਉਸ ਖੇਤਰ ਦਾ, ਪ੍ਰਸ਼ਾਸਕੀ ਕੁਸ਼ਲਤਾ ਅਤੇ ਨਿਵਾਸੀਆਂ ਵੱਲੋਂ ਜਨਤਕ ਸੇਵਾਵਾਂ ਤੱਕ ਪਹੁੰਚ ਦੀ ਸਹੂਲਤ ਲਈ ਨਵੀਆਂ ਪ੍ਰਸ਼ਾਸਕੀ ਇਕਾਈਆਂ ਜਿਵੇਂ ਕਿ ਜ਼ਿਲ੍ਹੇ, ਉਪ-ਮੰਡਲ, ਤਹਿਸੀਲਾਂ ਅਤੇ ਉਪ-ਤਹਿਸੀਲਾਂ ਸਮੇਂ-ਸਮੇਂ 'ਤੇ ਗਠਿਤ ਕੀਤੀਆਂ ਜਾਂਦੀਆਂ ਹਨ।ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਆਦਮਪੁਰ ਦੇ ਵਿਧਾਇਕ ਸ੍ਰੀ ਚੰਦਰ ਪ੍ਰਕਾਸ਼ ਦੁਆਰਾ ਪੁੱਛੇ ਗਏ ਪ੍ਰਸ਼ਨ ਦੇ ਉੱਤਰ ਵਿੱਚ ਇਹ ਜਾਣਕਾਰੀ ਦਿੱਤੀ।



ਸ੍ਰੀ ਵਿਪੁਲ ਗੋਇਲ ਨੇ ਸਦਨ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਕਿ ਜਨਗਣਨਾ 2027 ਦਾ ਕੰਮ ਸ਼ੁਰੂ ਹੋਣ ਕਾਰਨ, ਗ੍ਰਹਿ ਮੰਤਰਾਲੇ ਦੇ ਪੱਤਰ ਦੁਆਰਾ ਰਾਜ ਸਰਕਾਰ ਨੂੰ 01.01.2026 ਤੋਂ ਜਨਗਣਨਾ ਦੇ ਕੰਮ ਨੂੰ ਅੰਤਮ ਰੂਪ ਦਿੱਤੇ ਜਾਣ ਤੱਕ ਪ੍ਰਸ਼ਾਸਕੀ ਸੀਮਾਵਾਂ ਵਿੱਚ ਬਦਲਾਅ ਨਾ ਕਰਨ ਬਾਰੇ ਬੇਨਤੀ ਕੀਤੀ ਗਈ ਹੈ। ਤਦਾਨੁਸਾਰ 01 ਜਨਵਰੀ, 2026 ਤੋਂ ਜਨਗਣਨਾ ਦੇ ਕੰਮ ਨੂੰ ਅੰਤਿਮ ਰੂਪ ਦਿੱਤੇ ਜਾਣ ਤੱਕ ਸਾਰੇ ਜ਼ਿਲ੍ਹਿਆਂ, ਉਪ-ਮੰਡਲਾਂ, ਤਹਿਸੀਲਾਂ ਅਤੇ ਮਾਲ ਇਕਾਈਆਂ ਆਦਿ ਦੀਆਂ ਪ੍ਰਸ਼ਾਸਕੀ ਸੀਮਾਵਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਬਦਲਾਅ ਨਾ ਕਰਨ ਬਾਰੇ 04.08.2025 ਨੂੰ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਦੁਆਰਾ ਨੋਟੀਫਿਕੇਸ਼ਨ ਜਾਰੀ ਕੀਤੀ ਗਈ ਹੈ।

# ਪੱਛੜੀਆਂ ਸ਼੍ਰੇਣੀਆਂ ਦੇ ਹਰ ਯੋਗ ਵਿਅਕਤੀ ਤੱਕ ਪਹੁੰਚੇ ਸਰਕਾਰੀ ਯੋਜਨਾਵਾਂ ਦਾ ਲਾਭ : ਮਲਕੀਤ ਥਿੰਦ




**ਹੁਸ਼ਿਆਰਪੁਰ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਮਲਕੀਤ ਥਿੰਦ ਨੇ ਮੰਗਲਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਵਿੱਚ ਪੱਛੜੀਆਂ ਸ਼੍ਰੇਣੀਆਂ (ਬੀਸੀ) ਨਾਲ ਸਬੰਧਤ ਲੋਕਾਂ ਦੇ ਸਮਾਜਿਕ ਅਤੇ ਆਰਥਿਕ ਉਤਥਾਨ ਲਈ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦੀ ਸਮੀਖਿਆ ਕੀਤੀ ਗਈ।

ਚੇਅਰਮੈਨ ਮਲਕੀਤ ਥਿੰਦ ਨੇ ਕਿਹਾ ਕਿ ਸਰਕਾਰੀ ਯੋਜਨਾਵਾਂ ਦਾ ਅਸਲ ਉਦੇਸ਼ ਤਾਂ ਹੀ ਪੂਰਾ ਹੁੰਦਾ ਹੈ, ਜਦੋਂ ਉਨ੍ਹਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪਹੁੰਚੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬੀਸੀ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਅਤੇ ਯੋਗਤਾ ਅਨੁਸਾਰ ਯੋਜਨਾਵਾਂ ਦਾ ਲਾਭ ਦਿਵਾਉਣ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ।

ਮੀਟਿੰਗ ਦੌਰਾਨ ਚੇਅਰਮੈਨ ਨੇ ਵੱਖ-ਵੱਖ ਵਿਭਾਗਾਂ ਵੱਲੋਂ ਹੁਣ ਤੱਕ ਪੱਛੜੀਆਂ ਸ਼੍ਰੇਣੀਆਂ ਲਈ ਲਾਗੂ ਕੀਤੀਆਂ ਯੋਜਨਾਵਾਂ ਤਹਿਤ ਦਿੱਤੇ ਗਏ ਲਾਭਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਪਲਬੱਧ ਅੰਕੜਿਆਂ ਦੇ ਆਧਾਰ 'ਤੇ ਪ੍ਰਗਤੀ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਯੋਜਨਾਵਾਂ ਦੇ ਲਾਗੂ ਕਰਨ ਵਿੱਚ ਸਾਹਮਣੇ ਆਈਆਂ ਕਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਦੂਰ ਕਰਨ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਪੱਛੜੀਆਂ ਸ਼੍ਰੇਣੀਆਂ ਦੇ ਲੋਕਾਂ ਅਤੇ ਵੱਖ-ਵੱਖ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਸਿੱਧਾ ਸੰਵਾਦ ਵੀ ਕੀਤਾ ਗਿਆ। ਚੇਅਰਮੈਨ ਨੇ ਉਨ੍ਹਾਂ ਦੀਆਂ ਸਮੱਸਿਆਵਾਂ, ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ। ਕਈ ਮਾਮਲਿਆਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ।

# ਪ੍ਰਸ਼ਾਸਕ ਨੇ ਸਰਕਾਰੀ ਸਕੂਲਾਂ ਦੀ ਅਕਾਦਮਿਕ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ



**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਇੱਕ ਮੀਟਿੰਗ ਵਿੱਚ ਸਰਕਾਰੀ ਸਕੂਲਾਂ ਦੀ ਅਕਾਦਮਿਕ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਪੰਜਾਬ ਦੇ ਰਾਜਪਾਲ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵਿਵੇਕ ਪ੍ਰਤਾਪ ਸਿੰਘ; ਸਕੱਤਰ ਸਿੱਖਿਆ ਸੁਸ਼੍ਰੀ ਪ੍ਰੇਰਣਾ ਪੁਰੀ; ਡਾਇਰੈਕਟਰ ਸਕੂਲ ਸਿੱਖਿਆ ਸ਼੍ਰੀ ਨਿਤੀਸ਼ ਸਿੰਗਲਾ ਅਤੇ 13 ਸਕੂਲਾਂ ਦੀ ਪ੍ਰਤੀਨਿਧਤਾ ਕਰਨ ਵਾਲੇ 12 ਪ੍ਰਿੰਸੀਪਲ ਹਾਜ਼ਰ ਰਹੇ। ਮੀਟਿੰਗ ਦੇ ਦੌਰਾਨ, ਸ਼੍ਰੀ ਕਟਾਰੀਆ ਨੇ ਸਕੂਲਾਂ ਦੇ ਪ੍ਰਦਰਸ਼ਨ ਅਤੇ ਵਿਦਿਆਰਥੀਆਂ ਦੇ ਅਕਾਦਮਿਕ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਵਾਲੇ ਕਾਰਕਾਂ 'ਤੇ ਚਰਚਾ ਕੀਤੀ ਅਤੇ ਉਨ੍ਹਾਂ ਖੇਤਰਾਂ 'ਤੇ ਪ੍ਰਿੰਸੀਪਲਾਂ ਤੋਂ ਸੁਝਾਅ ਮੰਗੇ ਜਿਨ੍ਹਾਂ 'ਤੇ ਵਿਸ਼ੇਸ਼ ਧਿਆਨ ਅਤੇ ਸਹਿਯੋਗ ਦੀ ਜ਼ਰੂਰਤ ਹੈ।

ਪ੍ਰਸ਼ਾਸਕ ਨੇ ਵਿਦਿਆਰਥੀਆਂ ਦੀ ਨਿਯਮਿਤ ਹਾਜ਼ਰੀ, ਸਿੱਖਣ ਦੇ ਪੱਧਰ ਵਿੱਚ ਆਉਣ ਵਾਲੇ ਅੰਤਰ (ਲਰਨਿੰਗ ਗੈਪਸ) ਦੀ ਪਹਿਚਾਣ ਕਰਨ ਅਤੇ ਸੁਧਾਰਾਤਮਕ ਸਿੱਖਿਆ (ਰੇਮੇਡੀਅਲ ਟੀਚਿੰਗ) ਅਤੇ ਅਕਾਦਮਿਕ ਸਹਿਯੋਗ ਦੇ ਜ਼ਰੀਏ ਕਮਜ਼ੋਰ ਵਿਦਿਆਰਥੀਆਂ 'ਤੇ ਵਿਸ਼ੇਸ਼ ਧਿਆਨ ਦੇਣ ਅਤੇ ਵਿਦਿਆਰਥੀਆਂ ਦੀ ਪ੍ਰਗਤੀ ਦੀ ਨਿਰੰਤਰ ਨਿਗਰਾਨੀ ਦੇ ਮਹੱਤਵ 'ਤੇ ਬਲ ਦਿੱਤਾ। ਉਨ੍ਹਾਂ ਨੇ ਸਟਾਫ਼ ਦੀ ਉਪਲਬਧਤਾ, ਬੁਨਿਆਦੀ ਢਾਂਚੇ ਦੀਆਂ ਜ਼ਰੂਰਤਾਂ, ਵਿਦਿਆਰਥੀਆਂ ਦੇ ਪ੍ਰਵਾਸ/ਪਲਾਇਨ ਅਤੇ ਮਾਪਿਆਂ ਦੀ ਭਾਗੀਦਾਰੀ ਜਿਹੇ ਮੁੱਦਿਆਂ ਦੀ ਵੀ ਸਮੀਖਿਆ ਕੀਤੀ, ਜਿਨ੍ਹਾਂ ਦਾ ਅਸਰ ਸਕੂਲ ਦੇ ਪ੍ਰਦਰਸ਼ਨ 'ਤੇ ਪੈ ਸਕਦਾ ਹੈ।ਸ਼੍ਰੀ ਕਟਾਰੀਆ ਨੇ ਜ਼ਰੂਰਤ ਅਨੁਸਾਰ ਅਤਿਰਿਕਤ ਕਲਾਸਰੂਮਸ ਦੇ ਨਿਰਮਾਣ 'ਤੇ ਜ਼ੋਰ ਦਿੱਤਾ ਅਤੇ ਨਿਰਦੇਸ਼ ਦਿੱਤਾ ਕਿ ਸਿੱਖਿਆ ਅਤੇ ਸਿੱਖਣ ਨੂੰ ਮਜ਼ਬੂਤ ਕਰਨ ਲਈ ਪੈਰੀਫੇਰੀ (ਬਾਹਰੀ/ਸੀਮਾਵਰਤੀ) ਖੇਤਰਾਂ ਦੇ ਸਕੂਲਾਂ ਵਿੱਚ ਲੋੜੀਂਦਾ ਸਟਾਫ਼ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਨੇ ਅਕਾਦਮਿਕ ਪ੍ਰਦਰਸ਼ਨ ਵਿੱਚ ਸੁਧਾਰ ਲਈ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕਰਨ ਹਿਤ ਉੱਘੇ ਸੇਵਾਮੁਕਤ ਵਿਅਕਤੀਆਂ ਦੁਆਰਾ ਹਰੇਕ ਸਕੂਲ ਦੀ ਨਿਯਮਿਤ ਮੈਂਟਰਿੰਗ ਦੀ ਜ਼ਰੂਰਤ 'ਤੇ ਵੀ ਬਲ ਦਿੱਤਾ।

ਸ਼੍ਰੀ ਕਟਾਰੀਆ ਨੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਦੇ ਹਿੱਸੇ ਦੇ ਰੂਪ ਵਿੱਚ ਉਨ੍ਹਾਂ ਨੂੰ ਖੇਡਾਂ, ਕਿੱਤਾਮੁਖੀ ਸਿੱਖਿਆ, ਕੌਸ਼ਲ ਵਿਕਾਸ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਅਵਸਰ ਪ੍ਰਦਾਨ ਕਰਨ ਦੇ ਮਹੱਤਵ ਨੂੰ ਵੀ ਰੇਖਾਂਕਿਤ ਕੀਤਾ। ਪ੍ਰਸ਼ਾਸਕ ਨੇ ਅਧਿਕਾਰੀਆਂ ਅਤੇ ਸਕੂਲ ਮੁਖੀਆਂ ਨੂੰ ਸ਼ਨਾਖ਼ਤ ਕੀਤੇ ਗਏ ਖੇਤਰਾਂ 'ਤੇ ਸਮੂਹਿਕ ਤੌਰ 'ਤੇ ਕਾਰਜ ਕਰਨ, ਮੌਜੂਦਾ ਪਹਿਲਾਂ ਨੂੰ ਮਜ਼ਬੂਤ ਕਰਨ ਅਤੇ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਲਿਆਉਣ ਅਤੇ ਵਿਦਿਆਰਥੀਆਂ ਨੂੰ ਇੱਕ ਸਹਾਇਕ ਅਤੇ ਸੰਪੂਰਨ ਵਿੱਦਿਅਕ ਵਾਤਾਵਰਣ ਪ੍ਰਦਾਨ ਕਰਨ ਲਈ ਨਿਯਮਿਤ ਤੌਰ 'ਤੇ ਪ੍ਰਗਤੀ ਦੀ ਸਮੀਖਿਆ ਕਰਨ ਦੇ ਨਿਰਦੇਸ਼ ਦਿੱਤੇ।

# ਐੱਸ.ਆਈ.ਆਰ : ਜ਼ਿਲ੍ਹੇ ਦੇ ਸਾਰੇ ਪੋਲਿੰਗ ਸਟੇਸ਼ਨਾਂ ਤੇ ਲਗਾਏ ਜਾਣਗੇ 6 ਸਤੰਬਰ ਨੂੰ ਵਿਸ਼ੇਸ਼ ਕੈਂਪ

**ਬਠਿੰਡਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਸਪੈਸ਼ਲ ਰਿਵੀਜ਼ਨ ਇੰਟੈਂਸਿਵ ਰਿਵੀਜ਼ਨ ਦਾ ਮਹੱਤਵਪੂਰਨ ਕੰਮ ਚੱਲ ਰਿਹਾ ਹੈ। ਜਿਸ ਸਬੰਧੀ ਜਾਰੀ ਸ਼ਡਿਊਲ ਅਨੁਸਾਰ ਮਿਤੀ 13.08.2026 ਨੂੰ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ ਹੈ। ਮਿਤੀ 13.08.2026 ਤੋਂ 12.09.2026 ਤੱਕ ਵੋਟਰਾਂ ਵਲੋਂ ਦਾਅਵੇ ਅਤੇ ਇਤਰਾਜ ਸਬੰਧੀ ਫਾਰਮ ਨੰਬਰ 6, 6-ਏ, 7 ਅਤੇ 8 ਆਨਲਾਈਨ www. voters .eci. gov.in ਅਤੇ ਵੋਟਰ ਹੈਲਪਲਾਈਨ ਐਪ ਰਾਹੀਂ ਜਾਂ ਆਫਲਾਈਨ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਦਫ਼ਤਰ ਅਤੇ ਬੀ.ਐਲ.ਓ. ਕੋਲ ਭਰੇ ਜਾ ਸਕਦੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।



ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਆਮ ਜਨਤਾ ਅਤੇ ਵੋਟਰਾਂ ਵਲੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਲਈ ਜਿਲ੍ਹੇ ਦੇ ਸਮੂਹ 3031 ਪੋਲਿੰਗ ਸਟੇਸ਼ਨਾਂ ਤੇ ਬੀ.ਐਲ.ਓਜ਼. ਦੁਆਰਾ 6 ਸਤੰਬਰ (ਐਤਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਸਮੂਹ ਬੀ.ਐਲ.ਓਜ਼. ਆਪਣੇ ਪੋਲਿੰਗ ਬੂਥਾਂ ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ ਅਤੇ ਦਾਅਵੇ-ਇਤਰਾਜ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣਗੇ। ਸਪੈਸ਼ਲ ਕੈਂਪ ਦੌਰਾਨ ਜਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਦਾਅਵੇ ਅਤੇ ਇਤਰਾਜਾਂ ਦੇ ਕੰਮ ਸਬੰਧੀ ਬੀ.ਐਲ.ਓਜ਼. ਨੂੰ ਸਹਿਯੋਗ ਦੇਣਗੇ ਅਤੇ ਆਪਣੇ ਪਾਰਟੀ ਵਰਕਰਾਂ ਰਾਹੀਂ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਕਰਵਾਉਣਾ ਯਕੀਨੀ ਬਣਾਉਣਗੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਜਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਯੋਗਤਾ ਮਿਤੀ 01.10.2026 ਦੇ ਆਧਾਰ ਤੇ ਜਿਸ ਨਾਗਰਿਕ ਦੀ ਉਮਰ 18 ਸਾਲ ਜਾਂ ਇਸ ਤੋਂ ਵੱਧ ਹੈ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਿਲ ਕਰਨ ਲਈ ਫਾਰਮ ਨੰਬਰ 6 ਅਤੇ ਵੋਟਰ ਕਾਰਡ ਵਿੱਚ ਦਰਜ ਵੇਰਵਿਆਂ ਵਿੱਚ ਦਰੁਸਤੀ ਕਰਵਾਉਣ ਲਈ ਫਾਰਮ ਨੰਬਰ 8 ਭਰ ਕੇ ਪੋਲਿੰਗ ਬੂਥਾਂ ਤੇ ਮੌਜੂਦ ਬੀ.ਐਲ.ਓਜ਼ ਨੂੰ ਦੇਣ ਲਈ ਇਸ ਕੈਂਪ ਦਾ ਲਾਭ ਲੈ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵੋਟਰ ਹੈਲਪ ਲਾਈਨ ਟੋਲ ਫਰੀ ਨੰਬਰ 1950 'ਤੇ ਕਾਲ ਕਰਕੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

# ਪੀਆਰਪੀਸੀ ਨੇ 67ਵਾਂ ਇੰਡੀਅਨ ਆਇਲ ਦਿਵਸ ਉਤਸ਼ਾਹ ਅਤੇ ਉਦੇਸ਼ ਨਾਲ ਮਨਾਇਆ

**ਪਾਣੀਪਤ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਣੀਪਤ ਰਿਫਾਇਨਰੀ ਅਤੇ ਪੈਟਰੋਕੈਮੀਕਲ ਕੰਪਲੈਕਸ ਨੇ 1 ਸਤੰਬਰ ਨੂੰ 67ਵਾਂ ਇੰਡੀਅਨ ਆਇਲ ਦਿਵਸ ਬਹੁਤ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ। ਇਸ ਖਾਸ ਦਿਨ ਨੂੰ ਸਾਰਥਕ ਬਣਾਉਣ ਲਈ ਸਵੇਰ ਤੋਂ ਹੀ ਵੱਖ-ਵੱਖ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ। ਕਾਰਜਕਾਰੀ ਨਿਰਦੇਸ਼ਕ ਅਤੇ ਰਿਫਾਇਨਰੀ ਮੁਖੀ ਸ਼੍ਰੀ ਐਮ.ਐਲ. ਦਹਰੀਆ ਦੀ ਅਗਵਾਈ ਹੇਠ ਅਤੇ ਕਾਰਜਕਾਰੀ ਨਿਰਦੇਸ਼ਕ ਸ਼੍ਰੀ ਅਜੈ ਕੈਲਾ ਦੀ ਹਾਜ਼ਰੀ ਵਿੱਚ, ਪੀਆਰਪੀਸੀ ਦੇ ਪਰਿਵਾਰਕ ਮੈਂਬਰਾਂ ਨੇ ਵਾਕਾਥਨ ਅਤੇ ਰੁੱਖ ਲਗਾਉਣ ਦੇ ਸਮਾਗਮਾਂ ਵਿੱਚ ਹਿੱਸਾ ਲਿਆ। ਇਸ ਮਹੱਤਵਪੂਰਨ ਮੌਕੇ 'ਤੇ ਇੱਕ ਖੂਨਦਾਨ ਕੈਂਪ ਵੀ ਲਗਾਇਆ ਗਿਆ, ਜਿੱਥੇ ਟਾਊਨਸ਼ਿਪ ਦੇ ਵਸਨੀਕਾਂ ਨੇ ਖੂਨਦਾਨ ਕਰਕੇ ਸਮਾਜ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।

67ਵੇਂ ਇੰਡੀਅਨ ਆਇਲ ਦਿਵਸ ਨੂੰ ਮਨਾਉਣ ਲਈ ਪ੍ਰੋਪੇਲ ਦੇ ਦੋ ਨਵੇਂ ਗ੍ਰੇਡ ਭੇਜੇ ਗਏ। ਇੰਡੀਅਨ ਆਇਲ ਦੇ ਚੇਅਰਮੈਨ ਏ.ਐਸ. ਸਾਹਨੀ ਨੇ ਵਰਚੁਅਲੀ ਇਨ੍ਹਾਂ ਦੋ ਨਵੇਂ ਉਤਪਾਦਾਂ





ਦੀ ਡਿਸਪੈਚ ਨੂੰ ਹਰੀ ਝੰਡੀ ਦਿਖਾਈ। ਇਸ ਮੌਕੇ 'ਤੇ ਕਾਰਜਕਾਰੀ ਨਿਰਦੇਸ਼ਕ ਅਤੇ ਰਿਫਾਇਨਰੀ ਮੁਖੀ ਦਹਰੀਆ, ਕਾਰਜਕਾਰੀ ਨਿਰਦੇਸ਼ਕ (ਪੋਲੀਮਰਜ਼) ਬਾਸੂ, ਅਤੇ ਪਾਣੀਪਤ ਰਿਫਾਇਨਰੀ ਅਤੇ ਪੀਪੀਐਸੀ ਦੀ ਟੀਮ ਮੌਜੂਦ ਸੀ।

ਮੁੱਖ ਸਮਾਰੋਹ ਪਾਣੀਪਤ ਰਿਫਾਇਨਰੀ ਦੇ ਮੁੱਖ ਕੰਟਰੋਲ ਰੂਮ ਵਿੱਚ ਆਯੋਜਿਤ ਕੀਤਾ ਗਿਆ, ਜਿੱਥੇ ਸ਼੍ਰੀ ਦਹਰੀਆ ਨੇ ਇੰਡੀਅਨ ਆਇਲ ਨੂੰ ਸਹੁੰ ਚੁਕਾਈ। ਇੰਡੀਅਨ ਆਇਲ ਦੇ ਚੇਅਰਮੈਨ ਸ਼੍ਰੀ ਏ.ਐਸ. ਸਾਹਨੀ ਦਾ ਸੰਦੇਸ਼ ਕਾਰਜਕਾਰੀ ਨਿਰਦੇਸ਼ਕ ਸ਼੍ਰੀ ਅਜੈ ਕੈਲਾ ਦੁਆਰਾ ਪੜ੍ਹਿਆ ਗਿਆ, ਜਦੋਂ ਕਿ ਅਰਵਿੰਦ ਕੁਮਾਰ, ਡਾਇਰੈਕਟਰ (ਰਿਫਾਇਨਰੀ) ਅਤੇ ਡਾਇਰੈਕਟਰ ਦਾ ਵਾਧੂ ਚਾਰਜ, ਦਾ ਸੰਦੇਸ਼ ਮੁੱਖ ਜਨਰਲ ਮੈਨੇਜਰ ਸੁਧਾਂਸ਼ੂ ਸ਼ੇਖਰ ਦੁਆਰਾ ਪੇਸ਼ ਕੀਤਾ ਗਿਆ। ਇੰਡੀਅਨ ਆਇਲ ਪਾਣੀਪਤ ਰਿਫਾਇਨਰੀ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੰਪੂਰਨ ਸਿੰਘ ਅਤੇ ਇੰਡੀਅਨ ਆਇਲ ਅਫਸਰ ਐਸੋਸੀਏਸ਼ਨ ਦੇ ਸਕੱਤਰ ਸ਼ੈਲੇਂਦਰ ਕੁਮਾਰ ਸਿਨਹਾ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਅਤੇ ਕਾਰਪੋਰੇਸ਼ਨ ਦੇ ਵਿਕਾਸ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕੀਤਾ।

ਇਕੱਠ ਨੂੰ ਸੰਬੋਧਨ ਕਰਦੇ ਹੋਏ, ਦਹਰੀਆ ਨੇ ਭਾਰਤ ਦੀ ਮੋਹਰੀ ਊਰਜਾ ਕੰਪਨੀ ਦਾ ਹਿੱਸਾ ਹੋਣ 'ਤੇ ਮਾਣ ਪ੍ਰਗਟ ਕੀਤਾ ਅਤੇ ਉੱਤਮਤਾ ਲਈ ਇੱਕ ਮਜ਼ਬੂਤ ਨੀਂਹ ਰੱਖਣ ਵਾਲੇ ਪਾਇਨੀਅਰਾਂ ਨੂੰ ਯਾਦ ਕੀਤਾ। ਉਨ੍ਹਾਂ ਨੇ ਆਲੇ-ਦੁਆਲੇ ਦੇ ਪਿੰਡਾਂ ਦੇ ਸਰਪੰਚਾਂ ਅਤੇ ਵਸਨੀਕਾਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਪਾਣੀਪਤ ਰਿਫਾਇਨਰੀ ਦਾ ਲਗਾਤਾਰ ਸਮਰਥਨ ਕੀਤਾ ਹੈ।

# ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਲਈ ਸਮੂਹ ਪੋਲਿੰਗ ਸਟੇਸ਼ਨਾਂ ਤੇ ਐਤਵਾਰ ਨੂੰ ਲੱਗਣਗੇ ਵਿਸ਼ੇਸ਼ ਕੈਂਪ

**ਤਰਨਤਾਰਨ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫ਼ਸਰ ਤਰਨ ਤਾਰਨ ਸ੍ਰੀ ਰਾਹੁਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ-2026) ਦਾ ਮਹੱਤਵਪੂਰਨ ਕੰਮ ਚੱਲ ਰਿਹਾ ਹੈ।

ਇਸ ਸਬੰਧੀ ਜਾਰੀ ਸ਼ਡਿਊਲ ਅਨੁਸਾਰ ਮਿਤੀ 13.08.2026 ਨੂੰ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕੀਤੀ ਗਈ ਸੀ। ਮਿਤੀ 13.08.2026 ਤੋਂ 12.09.2026 ਤੱਕ ਵੋਟਰਾਂ ਵੱਲੋਂ ਦਾਅਵੇ ਅਤੇ ਇਤਰਾਜ ਸਬੰਧੀ ਫਾਰਮ ਨੰਬਰ 6, 6-ਏ, 7 ਅਤੇ 8 ਆਨਲਾਈਨ ਅਤੇ ਆਫਲਾਈਨ (ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਅਤੇ ਬੀ.ਐਲ.ਓ) ਭਰੇ ਜਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਐਸ.ਆਈ.ਆਰ-2026 ਦੌਰਾਨ ਆਮ ਜਨਤਾ ਅਤੇ ਵੋਟਰਾਂ ਵੱਲੋਂ ਦਾਅਵੇ ਅਤੇ ਇਤਰਾਜ ਪ੍ਰਾਪਤ ਕਰਨ ਲਈ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਬੀ.ਐਲ.ਓਜ਼ ਦੁਆਰਾ ਮਿਤੀ 6 ਸਤੰਬਰ 2026 (ਦਿਨ ਐਤਵਾਰ) ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਸਮੂਹ ਬੀ.ਐਲ.ਓਜ਼ ਆਪਣੇ ਪੋਲਿੰਗ ਬੂਥਾਂ 'ਤੇ ਹਾਜ਼ਰ ਰਹਿਣਗੇ ਅਤੇ ਵੋਟਰਾਂ ਨੂੰ ਨੋਟਿਸ ਫਾਰਮ ਅਤੇ ਦਾਅਵੇ-ਇਤਰਾਜ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣਗੇ।

ਜ਼ਿਲ੍ਹਾ ਚੋਣ ਅਫਸਰ ਨੇ ਇਹ ਵੀ ਦੱਸਿਆ ਕਿ ਸਪੈਸ਼ਲ ਕੈਂਪਾਂ ਦੌਰਾਨ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਨਿਯੁਕਤ ਕੀਤੇ ਗਏ ਬੂਥ ਲੈਵਲ ਏਜੰਟ ਦਾਅਵੇ ਅਤੇ ਇਤਰਾਜਾਂ ਦੇ ਕੰਮ ਸਬੰਧੀ ਬੀ.ਐਲ.ਓਜ਼ ਨੂੰ ਸਹਿਯੋਗ ਦੇਣਗੇ ਅਤੇ ਆਪਣੇ ਪਾਰਟੀ ਵਰਕਰਾਂ ਰਾਹੀਂ ਵੱਧ ਤੋਂ ਵੱਧ ਵੋਟਰ ਰਜਿਸਟ੍ਰੇਸ਼ਨ ਕਰਵਾਉਣਾ ਯਕੀਨੀ ਬਣਾਉਣਗੇ।

# ਗੁਰਦੁਆਰਾ ਗੋਬਿੰਦਪੁਰਾ ਸਾਹਿਬ ਕੋਕੋਮਾਜਰੀ ਵਿਖੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕੰਮ ਹੋਇਆ ਸ਼ੁਰੂ

**ਅਮਨ ਅਰੋੜਾ ਨੇ ਸੰਗਤ ਨੂੰ ਦਿੱਤੀ ਵਧਾਈ, ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ ਅਤੇ ਪਵਿੱਤਰ ਕਾਰਜ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਕੀਤੀ ਅਰਦਾਸ**



**ਸੁਨਾਮ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਗੁਰਦੁਆਰਾ ਗੋਬਿੰਦਪੁਰਾ ਸਾਹਿਬ ਕੋਕੋਮਾਜਰੀ ਵਿਖੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦੇ ਨੀਂਹ ਪੱਥਰ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਪੰਜ ਸਿੰਘ ਸਾਹਿਬਾਨ ਵੱਲੋਂ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕਾਰਜ ਸ਼ੁਰੂ ਕਰਵਾਇਆ ਗਿਆ, ਜਿਸ ਵਿੱਚ ਸੰਗਤ ਨੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਹਿੱਸਾ ਲਿਆ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਅੱਜ ਦਾ ਦਿਨ ਇਲਾਕੇ ਦੀ ਸਮੁੱਚੀ ਸੰਗਤ ਅਤੇ ਗੁਰਦੁਆਰਾ ਕਮੇਟੀ ਲਈ ਬੇਹੱਦ ਭਾਗਾਂ ਵਾਲਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਗੋਬਿੰਦਪੁਰਾ ਸਾਹਿਬ ਕੋਕੋਮਾਜਰੀ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਸਬੰਧਤ ਪਵਿੱਤਰ ਗੁਰੂ ਘਰ ਹੈ ਅਤੇ ਇਸ ਮੁਕੱਦਸ ਅਸਥਾਨ 'ਤੇ ਨਵੇਂ ਦਰਬਾਰ ਸਾਹਿਬ ਦੀ ਉਸਾਰੀ ਦਾ ਕਾਰਜ ਸ਼ੁਰੂ ਹੋਣਾ ਸਮੁੱਚੀ ਸੰਗਤ ਲਈ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ।

ਸ੍ਰੀ ਅਮਨ ਅਰੋੜਾ ਨੇ ਸਮੁੱਚੀ ਸੰਗਤ ਨੂੰ ਇਸ ਪਵਿੱਤਰ ਕਾਰਜ ਦੀ ਸ਼ੁਰੂਆਤ ਲਈ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਨੂੰ ਸਰਬੱਤ ਦੇ ਭਲੇ ਅਤੇ ਮਨੁੱਖਤਾ ਦੀ ਸੇਵਾ ਦਾ ਸੁਨੇਹਾ ਦਿੱਤਾ ਹੈ। ਉਨ੍ਹਾਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਇਹ ਪਵਿੱਤਰ ਕਾਰਜ ਸੰਗਤ ਦੇ ਸਹਿਯੋਗ ਅਤੇ ਗੁਰੂ ਸਾਹਿਬ ਦੀ ਮਿਹਰ ਨਾਲ ਸੁਚੱਜੇ ਢੰਗ ਨਾਲ ਅਤੇ ਸਮੇਂ ਸਿਰ ਮੁਕੰਮਲ ਹੋਵੇ ਅਤੇ ਸਮੁੱਚੀ ਸੰਗਤ ਨੂੰ ਚੜ੍ਹਦੀ ਕਲਾ ਵਿੱਚ ਰੱਖਣ।

ਇਸ ਮੌਕੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁੱਡ ਗਵਰਨੈਂਸ ਵੱਲ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਅੱਜ 102 ਨਵੀਆਂ ਸਰਕਾਰੀ ਸੇਵਾਵਾਂ ਦਾ ਆਨਲਾਈਨ ਪੋਰਟਲ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਘਰ ਬੈਠਿਆਂ ਆਪਣੇ ਮੋਬਾਈਲ ਫੋਨ ਰਾਹੀਂ ਪ੍ਰਾਪਤ ਕਰਨ ਦੀ ਸਹੂਲਤ ਮਿਲੇਗੀ।

ਉਨ੍ਹਾਂ ਕਿਹਾ ਕਿ ਪੈਨਸ਼ਨ, ਮਾਲ ਵਿਭਾਗ, ਟਰਾਂਸਪੋਰਟ ਅਤੇ ਹੋਰ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਲਈ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਲਗਾਉਣ ਦੀ ਲੋੜ ਨਹੀਂ ਰਹੇਗੀ। ਆਨਲਾਈਨ ਪ੍ਰਣਾਲੀ ਨਾਲ ਲੋਕ ਆਪਣੀ ਅਰਜ਼ੀ ਦੀ ਸਥਿਤੀ ਨੂੰ ਘਰ ਬੈਠਿਆਂ ਹੀ ਟਰੈਕ ਕਰ ਸਕਣਗੇ ਅਤੇ ਇਹ ਵੀ ਪਤਾ ਲਗਾ ਸਕਣਗੇ ਕਿ ਉਨ੍ਹਾਂ ਦੀ ਅਰਜ਼ੀ ਕਿਸ ਅਧਿਕਾਰੀ ਕੋਲ ਹੈ। ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਪ੍ਰਣਾਲੀ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ। ਨਿਰਧਾਰਤ ਸਮੇਂ ਅੰਦਰ ਸੇਵਾ ਨਾ ਮਿਲਣ ਦੀ ਸੂਰਤ ਵਿੱਚ ਅਰਜ਼ੀ ਆਪਣੇ ਆਪ ਉੱਚ ਅਧਿਕਾਰੀ ਕੋਲ ਐਸਕਲੇਟ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਸਰਕਾਰੀ ਸੇਵਾਵਾਂ ਦੀ ਸਮੇਂ ਸਿਰ ਡਿਲੀਵਰੀ ਯਕੀਨੀ ਬਣਾਉਣ ਦੇ ਨਾਲ-ਨਾਲ ਲੋਕਾਂ ਦੀ ਖੱਜਲ-ਖੁਆਰੀ ਵੀ ਘਟੇਗੀ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਸ਼ਹਿਰ ਦੇ ਪਤਵੰਤੇ ਸੱਜਣ ਤੇ ਭਾਰੀ ਸੰਖਿਆ ਵਿੱਚ ਸੰਗਤ ਹਾਜ਼ਰ ਸੀ।

# ਚੋਣ ਕਮਿਸ਼ਨ ਨੇ ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਨੂੰ ਐਸ.ਆਈ.ਆਰ ਸਬੰਧੀ ਪਟਿਆਲਾ ਦਾ ਰੋਲ ਆਬਜ਼ਰਵਰ ਨਿਯੁਕਤ ਕੀਤਾ

**➢ ਰੋਲ ਆਬਜ਼ਰਵਰ ਵੱਲੋਂ ਡੀ.ਸੀ, ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅ.ਫਸਰਾਂ ਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਪਲੇਠੀ ਬੈਠਕ ➢ ਪਟਿਆਲਾ ਜ਼ਿਲ੍ਹੇ ਅੰਦਰ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹੇ-ਵਿਨੈ ਬੁਬਲਾਨੀ**



**ਪਟਿਆਲਾ, 6 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਚੋਣ ਕਮਿਸ਼ਨ ਨੇ ਪਟਿਆਲਾ ਦੇ ਮੰਡਲ ਕਮਿਸ਼ਨਰ ਵਿਨੈ ਬੁਬਲਾਨੀ ਨੂੰ ਸਪੈਸ਼ਲ ਇੰਟੈਂਸਿਵ ਰਵੀਜ਼ਨ-2026ਸਬੰਧੀ ਪਟਿਆਲਾ ਦਾ ਰੋਲ ਆਬਜ਼ਰਵਰ ਨਿਯੁਕਤ ਕੀਤਾ ਹੈ। ਉਨ੍ਹਾਂ ਨੇ ਅੱਜ ਇੱਥੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ, 13-ਪਟਿਆਲਾ ਦੇ ਐਮ.ਪੀ., ਸਮੂਹ ਐਮ.ਐਲ.ਏ ਤੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਐਸ.ਆਈ.ਆਰ-2026 ਦੇ ਨੋਟਿਸ ਪੜਾਅ ਤੇ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਸਬੰਧੀ ਮੀਟਿੰਗ ਕੀਤੀ। ਉਨ੍ਹਾਂ ਦੱ?ਸਿਆ ਕਿ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੌਰਾਨ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਤਿੰਨ ਦੌਰੇ ਕਰਨਗੇ।

ਇਸ ਮੌਕੇ ਵਿਨੈ ਬੁਬਲਾਨੀ ਨੇ ਇਸ ਗੱਲ ਉਪਰ ਜ਼ੋਰ ਦਿੱਤਾ ਕਿ ਪਟਿਆਲਾ ਜ਼ਿਲ੍ਹੇ ਦਾ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਤੋਂ ਬਾਹਰ ਨਾ ਰਹੇ। ਉਨ੍ਹਾਂ ਦੱਸਿਆ ਕਿ ਜੇਕਰ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੌਰਾਨ ਕਿਸੇ ਨਾਗਰਿਕ ਦਾ ਨਾਮ ਡਰਾਫਟ ਵੋਟਰ ਸੂਚੀ ਵਿੱਚੋਂ ਬਾਹਰ ਰਹਿ ਗਿਆ ਹੈ ਅਤੇ ਜਾਂ ਕੋਈ ਆਪਣੀ ਨਵੀਂ ਵੋਟ ਬਣਵਾਉਣਾ ਚਾਹੁੰਦਾ ਹੈ ਤਾਂ ਉਹ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਫਾਰਮ ਭਰਕੇ ਸਮੇਤ ਲੋੜੀਂਦੇ ਦਸਤਾਵੇਜ਼ਾਂ ਦੇ ਆਪਣੇ ਬੀ.ਐਲ.ਓ ਨਾਲ 12 ਸਤੰਬਰ ਤੱਕ ਸੰਪਰਕ ਕਰੇ।

ਉਨ੍ਹਾਂ ਦੱਸਿਆ ਕਿ ਇਸ ਤੋਂ ਬਿਨ੍ਹਾਂ ਜ਼ਿਲ੍ਹਾ ਪਟਿਆਲਾ ਦੇ ਸਮੂਹ 1861 ਪੋਲਿੰਗ ਸਟੇਸ਼ਨਾਂ 'ਤੇ ਮਿਤੀ 06 ਸਤੰਬਰ ਨੂੰ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ, ਇਸ ਸਬੰਧੀ ਸਮੂਹ ਸਿਆਸੀ ਪਾਰਟੀਆਂ ਆਪਣੇ-ਆਪਣੇ ਬੀਐਲਏਜ ਨੂੰ ਸੂਚਿਤ ਕਰਨ ਕਿ ਇਸ ਦਿਨ ਸਾਰੇ ਬੀਐਲਓਜ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਰਹਿਣਗੇ। ਉਨ੍ਹਾਂ ਦੱਸਿਆ ਕਿ ਵੋਟਰ ਕਾਰਡ, ਵੋਟਰ ਸੇਵਾਵਾਂ ਅਤੇ ਐਸਆਈਆਰ ਪ੍ਰਕਿਰਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਲਈ ਜ਼ਿਲ੍ਹਾ ਅਤੇ ਵਿਧਾਨ ਸਭਾ ਚੋਣ ਹਲਕਾ ਪੱਧਰ ਉਤੇ ਬਣੇ ਹੈਲਪਡੈਸਕ ਤੋਂ ਇਲਾਵਾ ਵੋਟਰ ਹੈਲਪਲਾਈਨ ਨੰਬਰ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਵਿਨੈ ਬੁਬਲਾਨੀ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵਿਜ਼ਨ- ਵਿਸ਼ੇਸ਼ ਗਹਿਰਾਈ ਵਾਲੀ ਵੋਟਰ ਸੂਚੀ ਦੀ ਸੋਧ ਦਾ ਮੁੱਖ ਉਦੇਸ਼ ਸ਼ੁੱਧ, ਸਹੀ ਅਤੇ ਤਰੁੱਟੀ-ਰਹਿਤ ਵੋਟਰ ਸੂਚੀਆਂ ਤਿਆਰ ਕਰਨਾ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ ਅਤੇ ਕੋਈ ਵੀ ਅਯੋਗ ਵਿਅਕਤੀ ਵੋਟਰ ਸੂਚੀ ਵਿੱਚ ਸ਼ਾਮਲ ਨਾ ਰਹੇ।ਉਨ੍ਹਾਂ ਕਿਹਾ ਕਿ ਸ਼ਾਂਤੀਪੂਰਨ, ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਸਹੀ ਅਤੇ ਸ਼ੁੱਧ ਵੋਟਰ ਸੂਚੀ ਬਹੁਤ ਜ਼ਰੂਰੀ ਹੈ। ਇਸ ਲਈ, ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਅਤੇ ਭਰੋਸੇਯੋਗਤਾ ਨੂੰ ਯਕੀਨੀ ਬਣਾਉਣ ਲਈ ਵੋਟਰ ਸੂਚੀਆਂ ਦੀ ਬਾਰੀਕੀ ਨਾਲ ਜਾਂਚ, ਤਸਦੀਕ ਅਤੇ ਸ਼ੁੱਧੀਕਰਨ ਕੀਤਾ ਜਾਣਾ ਲਾਜ਼ਮੀ ਹੈ।

ਵਿਨੈ ਬੁਬਲਾਨੀ ਨੇ ਦੱਸਿਆ ਕਿ ਮਿਤੀ 13 ਅਗਸਤ ਤੋਂ ਮਿਤੀ 31 ਅਗਸਤ 2026 ਤੱਕ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਫਾਰਮ 6 ਨੰਬਰ 13973, ਫਾਰਮ 6ਏ 36, ਫਾਰਮ 7 ਨੰਬਰ 184 ਅਤੇ ਫਾਰਮ 8 ਨੰਬਰ 4242 ਪ੍ਰਾਪਤ ਹੋਏ ਹਨ। ਉਨ੍ਹਾਂ ਕਿਹਾ ਕਿ ਜਿਹੜਾ ਵੋਟਰ 01 ਅਕਤੂਬਰ 2026 ਦੀ ਯੋਗਤਾ ਮਿਤੀ ਦੇ ਆਧਾਰ 'ਤੇ ਵੋਟਰ ਵਜੋਂ ਨਾਮ ਦਰਜ ਕਰਵਾਉਣ ਲਈ ਯੋਗ ਹੈ, ਉਹ 13 ਅਗਸਤ 2026 ਤੋਂ 12 ਸਤੰਬਰ 2026 ਤੱਕ ਫਾਰਮ ਨੰਬਰ 6 ਦੇ ਨਾਲ ਘੋਸ਼ਣਾ ਪੱਤਰ ਜਮ੍ਹਾਂ ਕਰਵਾ ਸਕਦਾ ਹੈ।

ਇਸੇ ਤਰ੍ਹਾਂ ਫਾਰਮ 6ਏ (ਐਨਆਰਆਈ ਵੋਟਰਾਂ ਦੀ ਰਜਿਸਟ੍ਰੇਸ਼ਨ ਲਈ), ਫਾਰਮ 7 (ਨਾਮ ਕਟਵਾਉਣ ਲਈ) ਅਤੇ ਫਾਰਮ 8 (ਸੋਧ ਅਤੇ ਇੱਕ ਸਥਾਨ ਤੋਂ ਦੂਜੇ ਸਥਾਨ 'ਤੇ ਤਬਦੀਲੀ ਲਈ) ਵੀ ਉਕਤ ਸਮੇਂ ਦੌਰਾਨ ਜਮ੍ਹਾਂ ਕਰਵਾਏ ਜਾ ਸਕਦੇ ਹਨ। ਉਕਤ ਮਿਆਦ ਦੌਰਾਨ ਪ੍ਰਾਪਤ ਸਾਰੇ ਦਾਅਵਿਆਂ ਅਤੇ ਇਤਰਾਜ਼ਾਂ ਦਾ 08 ਅਕਤੂਬਰ 2026 ਤੱਕ ਨਿਪਟਾਰਾ ਕੀਤਾ ਜਾਵੇਗਾ ਅਤੇ ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 01.10.2026 ਦੇ ਸੰਦਰਭ ਵਿੱਚ 12.10.2026 (ਸੋਮਵਾਰ) ਨੂੰ ਕੀਤੀ ਜਾਵੇਗੀ। ਵੋਟਰ ਆਪਣੀ ਸਹੂਲਤ ਅਨੁਸਾਰ ਇਹ ਫਾਰਮ ਨੰਬਰ ਆਨਲਾਈਨ voters.eci.gov.in ਤੇ ਜਾ ECINET Mobile App ਤੇ ਵੀ ਭਰ ਸਕਦੇ ਹਨ। ਮੰਡਲ ਕਮਿਸ਼ਨਰ ਨੇ ਸਮੂਹ ਈ.ਆਰ.ਓਜ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਉਂਦਿਆਂ ਹਦਾਇਤ ਕੀਤੀ ਕਿ ਸਾਰੇ ਬੀਐਲਓਜ ਅਤੇ ਸੁਪਰਵਾਈਜ਼ਰੀ ਅ.ਫਸਰ ਨੂੰ ਈਆਰਓਜ ਵੱਲੋਂ ਲੋੜੀਂਦੀ ਅਤੇ ਯੋਗ ਸਿਖਲਾਈ ਪ੍ਰਦਾਨ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਹਰੇਕ ਵਿਧਾਨ ਸਭਾ ਹਲਕੇ ਦੀ ਨਵੀ ਵੋਟ ਦਰਜ਼ ਕਰਾਉਣਾ ਅਤੇ ਵੋਟਰ ਸੂਚੀ ਵਿੱਚੋ ਨਾਮ ਕਟਵਾਉਣ ਖਾਸ ਕਰਕੇ ਫਾਰਮ 7 ਰਾਹੀਂ ਹੋਣ ਵਾਲੀਆਂ ਕੱਟੀਆਂ ਵੋਟਾਂ ਦੀ ਪ੍ਰਤੀਸ਼ਤਤਾ 'ਤੇ ਨਜ਼ਦੀਕੀ ਨਿਗਰਾਨੀ ਰੱਖੀ ਜਾਵੇ। ਹਰੇਕ ਵਿਧਾਨ ਸਭਾ ਹਲਕੇ ਵਿੱਚ ਸਭ ਤੋਂ ਵੱਧ ਨਵੀਆਂ ਵੋਟਾਂ ਵਾਲੇ 20 ਪੋਲਿੰਗ ਸਟੇਸ਼ਨਾਂ ਅਤੇ ਸਭ ਤੋਂ ਵੱਧ ਕੱਟੀਆਂ ਵੋਟਾਂ ਵਾਲੇ 20 ਪੋਲਿੰਗ ਸਟੇਸ਼ਨਾਂ ਦੀ ਮੁੜ ਤਸਦੀਕ ਕੀਤੀ ਜਾਵੇ। ਇਸ ਤੋਂ ਬਿਨ੍ਹਾਂ ਜ਼ਿਲ੍ਹੇ ਦੇ ਉਹ ਵਿਧਾਨ ਸਭਾ ਹਲਕੇ, ਜਿੱਥੇ ਕੱਟੀਆਂ ਵੋਟਾਂ ਅਤੇ/ਜਾਂ ਨਵੀਆਂ ਜੁੜੀਆਂ ਵੋਟਾਂ ਦੀ ਦਰ ਜ਼ਿਲ੍ਹੇ ਦੀ ਔਸਤ ਦਰ ਨਾਲੋਂ 1% ਜਾਂ ਇਸ ਤੋਂ ਵੱਧ ਹੈ ਜਾਂ ਕਿਸੇ ਵੀ ਹਲਕੇ ਵਿੱਚ ਇਹ ਦਰ 3% ਤੋਂ ਵੱਧ ਹੈ, ਨੂੰ ਰੋਲ ਆਬਜ਼ਰਵਰ ਵੱਲੋਂ ਵਿਸ਼ੇਸ਼ ਤੌਰ 'ਤੇ ਜਾਂਚਿਆ ਜਾਵੇਗਾ।

ਉਨ੍ਹਾਂ ਅੱਗੇ ਦੱਸਿਆ ਕਿ ਨੋਟਿਸ ਪੜਾਅ ਦੌਰਾਨ ਮੈਪਿੰਗ ਤੋਂ ਵਾਂਝੇ ਰਹੇ 84347 ਵੋਟਰਾਂ ਤੇ 195078 ਵੋਟਰਾਂ ਦੀਆਂ ਕੁਝ ਕਮੀਆਂ ਪੇਸ਼ੀਆਂ ਰਹਿਣ ਕਰਕੇ ਇਨ੍ਹਾਂ ਵੋਟਰਾਂ ਨੂੰ ਮਿਤੀ 13 ਅਗਸਤ 2026 ਤੋਂ ਬੀ.ਐਲ.ਓਜ਼ ਵੱਲੋਂ ਕੁਲ 279425 ਨੋਟਿਸ ਜਾਰੀ ਕੀਤੇ ਜਾ ਰਹੇ ਹਨ ਅਤੇ ਦਸਤਾਵੇਜ਼ ਵੀ ਬੀ.ਐਲ.ਓਜ਼ ਵੱਲੋਂ ਇਕੱਠੇ ਕੀਤੇ ਜਾ ਰਹੇ ਹਨ। ਨੋਟਿਸਾਂ ਦੀ ਸੁਣਵਾਈ ਸਬੰਧਤ ਚੋਣਕਰਾ ਰਜਿਸਟ੍ਰੇਸ਼ਨ ਅਫਸਰ/ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ/ ਵਧੀਕ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਕੀਤੀ ਜਾਵੇਗੀ, ਇਨ੍ਹਾਂ ਸਾਰੇ ਨੋਟਿਸਾਂ ਦਾ ਨਿਪਟਾਰਾ 08 ਅਕਤੂਬਰ 2026 ਤੱਕ ਕੀਤਾ ਜਾਣਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸ੍ਰੀ ਵਿਨੈ ਬੁਬਲਾਨੀ ਨੂੰ ਜੀ ਆਇਆਂ ਆਖਦਿਆਂ ਜ਼ਿਲ੍ਹੇ ਵਿੱਚ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੀ ਪੜਾਅਵਾਰ ਸਮੁਚੀ ਜਾਣਕਾਰੀ ਰੋਲ ਆਬਜ਼ਰਵਰ ਨਾਲ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਚੋਣ ਕਮਿਸ਼ਨ ਦੀਆਂ ਹ?ਦਾਇਤਾਂ ਮੁਤਾਬਕ ਐਸਆਈਆਰ ਨੂੰ ਨਿਰਵਿਘਨ ਤੇ ਸਮੇਂ ਸਿਰ ਮੁਕੰਮਲ ਕਰਨ ਲਈ ਯਤਨਸ਼ੀਲ ਹੈ। ਬੈਠਕ ਦੌਰਾਨ ਸਾਰੇ ਈਆਰਓਜ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਸੁਰਜੀਤ ਸਿੰਘ ਰੱਖੜਾ ਨੇ ਫਤਹਿਮਾਜਰੀ 'ਚ 35 ਲੱਖ ਰੁਪਏ ਦੀ ਲਾਗਤ ਨਾਲ ਬਣੀ ਧਰਮਸ਼ਾਲਾ ਦਾ ਕੀਤਾ ਉਦਘਾਟਨ



**ਸਮਾਣਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹਲਕਾ ਸਮਾਣਾ ਤੋਂ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੇ ਪਿੰਡ ਫਤਹਿਮਾਜਰੀ ਵਿਖੇ ਸਥਾਨਕ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਪਿੰਡ ਦੇ ਵਿਕਾਸ ਨਾਲ ਸਬੰਧਤ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਸ. ਰੱਖੜਾ ਵੱਲੋਂ 35 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਐੱਸ.ਸੀ. ਧਰਮਸ਼ਾਲਾ ਦਾ ਉਦਘਾਟਨ ਕੀਤਾ ਗਿਆ। ਇਸ ਨਵੀਂ ਧਰਮਸ਼ਾਲਾ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਅਤੇ ਸਾਂਝੇ ਸਮਾਗਮ ਕਰਵਾਉਣ ਲਈ ਇੱਕ ਸੁਚੱਜੀ ਤੇ ਸੁਵਿਧਾਜਨਕ ਥਾਂ ਉਪਲੱਬਧ ਹੋਵੇਗੀ। ਸ. ਰੱਖੜਾ ਨੇ ਕਿਹਾ ਕਿ ਪਿੰਡਾਂ ਦੀਆਂ ਸਾਂਝੀਆਂ ਥਾਵਾਂ ਸਾਡੇ ਸਮਾਜਿਕ ਤਾਣੇ-ਬਾਣੇ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤ ਨਿਸ਼ਾਨੀ ਹਨ। ਇਨ੍ਹਾਂ ਥਾਵਾਂ 'ਤੇ ਲੋਕ ਆਪਣੇ ਦੁੱਖ-ਸੁੱਖ ਸਾਂਝੇ ਕਰਦੇ ਹਨ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸਮਾਗਮ ਕਰਵਾਉਂਦੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਧਰਮਸ਼ਾਲਾ ਦੇ ਨਿਰਮਾਣ ਲਈ ਕੀਤੇ ਗਏ ਉਪਰਾਲੇ ਲਈ ਧੰਨਵਾਦ ਪ੍ਰਗਟ ਕੀਤਾ।

ਇਸ ਮੌਕੇ ਸਰਪੰਚ ਗੁਰਮੁੱਖ ਸਿੰਘ,ਸਾਬਕਾ ਚੇਅਰਮੈਨ ਹਰਿੰਦਰ ਸਿੰਘ ਕੁਲਬੁਰਛਾਂ, ਸਾਬਕਾ ਸਰਪੰਚ ਰਜਿੰਦਰ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਮਹਿੰਦਰ ਸਿੰਘ, ਯੂਥ ਕਲੱਬ ਪ੍ਰਧਾਨ ਸਤਨਾਮ ਸਿੰਘ ਜਵੰਦਾ, ਜਗਤਾਰ ਸਿੰਘ ਕੁਲਬੁਰਛਾਂ, ਗੁਰਭੇਜ ਸਿੰਘ ਭੇਜਾ, ਸਰਪੰਚ ਲਾਡੀ ਮਿਆਲਾ, ਸਿਕੰਦਰ ਸਿੰਘ ਸ਼ੇਰਗਿੱਲ ਅਤੇ 'ਆਪ' ਵਰਕਰ ਸਮੇਤ ਪਿੰਡ ਵਾਸੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੁਣ ਲੋਕ ਲਹਿਰ ਬਣੀ, ਨਸ਼ਾ ਮੁਕਤੀ ਕੇਂਦਰਾਂ ਵਿਖੇ ਮਰੀਜ਼ਾਂ ਦੀ ਆਮਦ 250 ਗੁਣਾ ਵਧੀ : ਡਾ. ਬਲਬੀਰ ਸਿੰਘ

**➢ ਸਿਹਤ ਮੰਤਰੀ ਵੱਲੋਂ ਪਟਿਆਲਾ ਜ਼ਿਲ੍ਹੇ 'ਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ➢ ਸਪਲਾਈ ਚੇਨ ਤੋੜਨ ਲਈ ਗਲਾਵੇਂ ਤੋਂ ਫੜੇ ਜਾਣਗੇ ਨਸ਼ਾ ਤਸਕਰ, ਮੰਗ ਘਟਾਉਣ ਲਈ ਨਸ਼ਾ ਮੁਕਤੀ ਮੁਹਿੰਮ ਤੇਜ਼**



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਭਗਵੰਤ ਮਾਨ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਲੋਕ ਲਹਿਰ ਬਣ ਚੁੱਕੀ ਹੈ ਅਤੇ ਲੋਕ ਖ਼ੁਦ ਸੂਚਨਾ ਦੇ ਕੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੱਸਿਆ ਕਿ ਨਸ਼ੇ ਦੀ ਲਤ ਦੇ ਸ਼ਿਕਾਰ ਲੋਕ ਹੁਣ ਨਸ਼ਾ ਮੁਕਤੀ ਲਈ ਖੁੱਲ੍ਹ ਕੇ ਅੱਗੇ ਆ ਰਹੇ ਹਨ ਅਤੇ ਤਾਜ਼ਾ ਅੰਕੜਿਆਂ ਮੁਤਾਬਕ ਨਸ਼ਾ ਮੁਕਤੀ ਕੇਂਦਰਾਂ, ਓਟ ਸੈਂਟਰਾਂ ਅਤੇ ਮੁੜ ਵਸੇਬਾ ਕੇਂਦਰਾਂ ਵਿਖੇ ਮਰੀਜ਼ਾਂ ਦੀ ਆਮਦ ਵਿੱਚ 250 ਗੁਣਾ ਇਜ਼ਾਫ਼ਾ ਹੋਇਆ ਹੈ।

ਸਿਹਤ ਮੰਤਰੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਉੱਚ ਪੱਧਰੀ ਬੈਠਕ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਵਿੱਚ ਚੱਲ ਰਹੀਆਂ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ਲੈ ਰਹੇ ਸਨ।

ਬੈਠਕ ਮੌਕੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਅਤੇ ਕੁਲਵੰਤ ਸਿੰਘ ਬਾਜੀਗਰ, ਨਸ਼ਾ ਮੁਕਤੀ ਮੋਰਚੇ ਦੇ ਸੂਬਾ ਆਬਜ਼ਰਵਰ ਆਸਿਤ ਕੁਮਾਰ, ਜ਼ੋਨ ਇੰਚਾਰਜ ਅਨੂ ਬੱਬਰ, ਜ਼ਿਲ੍ਹਾ ਦਿਹਾਤੀ ਪ੍ਰਧਾਨ ਯਾਦਵਿੰਦਰ ਸਿੰਘ ਗੋਲਡੀ ਸੰਧੂ ਅਤੇ ਸ਼ਹਿਰੀ ਪ੍ਰਧਾਨ ਬਲਜਿੰਦਰ ਸਿੰਘ ਸਰਾਓ, ਮੀਤ ਪ੍ਰਧਾਨ ਪਵਨ ਕੁਮਾਰ ਅਤੇ ਰਣਜੀਤ ਸਿੰਘ ਸਮੇਤ ਜ਼ਿਲ੍ਹੇ ਦੇ ਸਾਰੇ 8 ਵਿਧਾਨ ਸਭਾ ਹਲਕਿਆਂ ਦੇ ਹਲਕਾ ਅਤੇ ਬਲਾਕ ਕੋਆਰਡੀਨੇਟਰਾਂ ਤੋਂ ਇਲਾਵਾ ਸਿਵਲ ਅਤੇ ਪੁਲਿਸ ਅਧਿਕਾਰੀ ਵੀ ਮੌਜੂਦ ਸਨ।

ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ੇ ਬੇਸ਼ੱਕ ਇਕੱਲੇ ਪੰਜਾਬ ਹੀ ਨਹੀਂ, ਸਗੋਂ ਦੇਸ਼ ਅਤੇ ਪੂਰੀ ਦੁਨੀਆਂ ਦੀ ਇੱਕ ਗੰਭੀਰ ਸਮੱਸਿਆ ਹਨ, ਪਰੰਤੂ ਜਿਸ ਵਿਧੀਵਤ ਢੰਗ ਨਾਲ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾਈ ਹੈ ਅਤੇ ਨਸ਼ਾ ਮੁਕਤੀ ਮੋਰਚੇ ਦੇ ਗਠਨ ਸਮੇਤ ਨਸ਼ਿਆਂ ਦੀ ਸਪਲਾਈ ਅਤੇ ਮੰਗ ਨੂੰ ਰੋਕਣ ਲਈ ਉਪਰਾਲੇ ਕੀਤੇ ਹਨ, ਉਨ੍ਹਾਂ ਦੇ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ।

ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਨਸ਼ਾ ਤਸਕਰਾਂ ਦੀ ਪੈੜ ਨੱਪਦਿਆਂ ਜਿੱਥੋਂ ਨਸ਼ਿਆਂ ਦੀ ਸਪਲਾਈ ਆ ਰਹੀ ਹੈ, ਉੱਥੋਂ ਤੱਕ ਪਹੁੰਚ ਕਰਕੇ ਵੱਡੇ ਨਸ਼ਾ ਤਸਕਰਾਂ ਨੂੰ ਗਲਾਵੇਂ ਤੋਂ ਫੜਿਆ ਜਾਵੇ ਅਤੇ ਨਸ਼ਿਆਂ ਦੀ ਸਪਲਾਈ ਚੇਨ ਨੂੰ ਪੂਰੀ ਤਰ੍ਹਾਂ ਤੋੜਿਆ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਰੋਕਥਾਮ, ਨਿਗਰਾਨੀ, ਇਲਾਜ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਹਿਤ ਵਾਰਡ ਅਤੇ ਪਿੰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੇ ਯਤਨਾਂ ਸਦਕਾ ਲੋਕ ਹੁਣ ਖੁੱਲ੍ਹ ਕੇ ਨਸ਼ਿਆਂ ਵਿਰੁੱਧ ਸਰਕਾਰ ਦਾ ਸਾਥ ਦੇ ਰਹੇ ਹਨ ਅਤੇ ਨਸ਼ਾ ਤਸਕਰੀ ਸਬੰਧੀ ਸੂਚਨਾ ਵੀ.ਡੀ.ਸੀਜ਼ ਅਤੇ ਡਬਲਿਊ.ਡੀ.ਸੀਜ਼ ਦੇ ਨਾਲ-ਨਾਲ ਨਸ਼ਾ ਮੁਕਤੀ ਐਪ ਰਾਹੀਂ ਵੀ ਪੁਲਿਸ ਤੱਕ ਪਹੁੰਚਾ ਰਹੇ ਹਨ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਨਸ਼ਾ ਰਹਿਤ ਹੋ ਚੁੱਕੇ ਵਿਅਕਤੀਆਂ ਨੂੰ 'ਸੂਰਮੇ' ਦਾ ਨਾਮ ਦਿੱਤਾ ਹੈ ਅਤੇ ਅਜਿਹੇ ਸੂਰਮੇ ਬ੍ਰਾਂਡ ਅੰਬੈਸਡਰ ਬਣ ਕੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਅੱਗੇ ਵਧਾ ਰਹੇ ਹਨ।

ਸਿਹਤ ਮੰਤਰੀ ਨੇ ਪੁਲਿਸ ਵੱਲੋਂ ਕੀਤੀ ਜਾ ਰਹੀ ਕਾਰਵਾਈ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਉਨ੍ਹਾਂ ਸਮੇਤ ਵਿਧਾਇਕਾਂ ਅਤੇ ਵੀ.ਡੀ.ਸੀਜ਼ ਤੇ ਵਾਰਡ ਡਿਫੈਂਸ ਕਮੇਟੀਆਂ ਦੀਆਂ ਲੋਕ ਮਿਲਣੀਆਂ ਦੌਰਾਨ ਮਿਲੇ ਫੀਡਬੈਕ 'ਤੇ ਪੁਲਿਸ ਵੱਲੋਂ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਇਸੇ ਤਹਿਤ ਪਟਿਆਲਾ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੌਰਾਨ 1 ਮਾਰਚ 2025 ਤੋਂ 30 ਅਗਸਤ 2026 ਤੱਕ ਨਸ਼ਾ ਤਸਕਰੀ ਦੇ ਗ਼ੈਰ-ਵਪਾਰਕ ਮਾਮਲਿਆਂ ਵਿੱਚ 2254 ਮੁਕੱਦਮੇ ਦਰਜ ਕਰਕੇ 2701 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦਕਿ ਨਸ਼ਿਆਂ ਦੀ ਵਪਾਰਕ ਤਸਕਰੀ ਦੇ 88 ਮਾਮਲਿਆਂ ਵਿੱਚ ਐਫ਼.ਆਈ.ਆਰਜ਼ ਦਰਜ ਕਰਕੇ 148 ਤਸਕਰਾਂ ਨੂੰ ਕਾਬੂ ਕੀਤਾ ਗਿਆ ਹੈ।

ਇਸ ਤੋਂ ਇਲਾਵਾ 1254 ਵਿਅਕਤੀਆਂ ਨੂੰ ਨਸ਼ਾ ਮੁਕਤੀ ਲਈ ਡੀ-ਅਡਿਕਸ਼ਨ ਸੈਂਟਰਾਂ ਵਿੱਚ ਭਰਤੀ ਕਰਵਾਇਆ ਗਿਆ ਹੈ ਅਤੇ 3065 ਵਿਅਕਤੀਆਂ ਦਾ ਓਟ ਸੈਂਟਰਾਂ ਵਿਖੇ ਇਲਾਜ ਕਰਵਾਇਆ ਗਿਆ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਨਸ਼ਿਆਂ ਵਿਰੁੱਧ ਯੁੱਧ ਇੱਕ ਸਮਾਜਿਕ ਜ਼ਿੰਮੇਵਾਰੀ ਹੈ ਅਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਅਤੇ ਇਹੋ ਸੁਪਨਾ ਸਾਡਾ ਸਾਰਿਆਂ ਦਾ ਵੀ ਹੈ। ਇਸ ਲਈ ਨਸ਼ਿਆਂ ਦੀ ਮੰਗ ਘਟਾਉਣ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਨਸ਼ਾ ਮੁਕਤੀ ਮੋਰਚਾ ਲੋਕਾਂ ਦੇ ਸਹਿਯੋਗ ਨਾਲ ਦਿਨ-ਰਾਤ ਕੰਮ ਕਰ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਨਸ਼ੇ ਛੱਡਣ ਦੇ ਚਾਹਵਾਨ ਲੋਕਾਂ ਲਈ ਕਮਿਊਨਿਟੀ ਬ੍ਰਿਜ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਤਹਿਤ ਅਜਿਹੇ ਵਿਅਕਤੀ ਹਸਪਤਾਲਾਂ ਵਿੱਚ ਪਹੁੰਚ ਕੇ ਲੋੜੀਂਦਾ ਇਲਾਜ ਅਤੇ ਦਵਾਈ ਪ੍ਰਾਪਤ ਕਰ ਸਕਦੇ ਹਨ।

ਏ.ਡੀ.ਸੀ. (ਜ) ਅਨੁਪ੍ਰਿਤਾ ਜੌਹਲ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸਿਹਤ ਮੰਤਰੀ ਅਤੇ ਨਸ਼ਾ ਮੁਕਤੀ ਮੋਰਚੇ ਦੇ ਆਗੂਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਐਸ.ਪੀ. (ਐਚ) ਵੈਭਵ ਚੌਧਰੀ ਨੇ ਐਸ.ਐਸ.ਪੀ. ਵਰੁਣ ਸ਼ਰਮਾ ਵੱਲੋਂ ਭਰੋਸਾ ਦਿੱਤਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

ਬੈਠਕ ਦੌਰਾਨ ਐਸ.ਪੀ. (ਸਿਟੀ) ਮੋਹਿਤ ਅਗਰਵਾਲ, ਐਸ.ਪੀ. (ਡੀ) ਦੇਵਿੰਦਰ ਅੱਤਰੀ, ਸਮੂਹ ਐਸ.ਡੀ.ਐਮਜ਼, ਡੀ.ਐਸ.ਪੀਜ਼, ਸਿਵਲ ਸਰਜਨ ਡਾ. ਸ਼ੈਲੀ ਜੇਤਲੀ, ਮੈਡੀਕਲ ਸੁਪਰਡੈਂਟ, ਰਜਿੰਦਰਾ ਹਸਪਤਾਲ ਡਾ. ਵਿਸ਼ਾਲ ਚੋਪੜਾ, ਮਨੋਰੋਗ ਵਿਭਾਗ ਦੇ ਮੁਖੀ ਡਾ. ਰਜਨੀਸ਼ ਰਾਜ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਮਹਿੰਦਰਜੀਤ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਜਥੇਦਾਰ ਹਰਿਆਊ ਵੱਲੋਂ ਇਨਵਾਇਰਮੈਂਟ ਪਾਰਕ ਸਮਾਣਾ ਨੂੰ ਘਾਹ ਕੱਟਣ ਵਾਲੀ ਮਸ਼ੀਨ ਭੇਂਟ



**ਸਮਾਣਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਾਣਾ ਇੰਚਾਰਜ ਸ. ਜਗਮੀਤ ਸਿੰਘ ਹਰਿਆਊ ਵੱਲੋਂ ਸਥਾਨਕ ਸ਼ਹੀਦ ਫਲਾਈਟ ਲੈਫਟੀਨੈਂਟ ਮੋਹਿਤ ਗਰਗ ਇਨਵਾਇਰਮੈਂਟ ਪਾਰਕ ਵਿਖੇ ਘਾਹ ਕੱਟਣ ਵਾਲੀ ਮਸ਼ੀਨ ਭੇਂਟ ਕੀਤੀ ਗਈ। ਇਹ ਮਸ਼ੀਨ ਪਾਰਕ ਵਿਖੇ ਸੇਵਾਵਾਂ ਨਿਭਾਅ ਰਹੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਦੀ ਮੰਗ 'ਤੇ ਉਨ੍ਹਾਂ ਵੱਲੋਂ ਭੇਂਟ ਕੀਤੀ ਗਈ.

ਇਸ ਮੌਕੇ ਜਗਮੀਤ ਸਿੰਘ ਹਰਿਆਊ ਨੇ ਇਨਵਾਇਰਮੈਂਟ ਪਾਰਕ ਦੀ ਬਦਲ ਰਹੀ ਨੁਹਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਾਰਕ ਵਿੱਚ ਹਰਿਆਲੀ, ਸਾਫ਼-ਸੁਥਰਾ ਮਾਹੌਲ ਅਤੇ ਕੁਦਰਤੀ ਸੁੰਦਰਤਾ ਲੋਕਾਂ ਲਈ ਖਿੱਚ ਦਾ ਕੇਂਦਰ ਬਣ ਰਹੀ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਭੱਜਦੌੜ ਭਰੀ ਜ਼ਿੰਦਗੀ ਵਿੱਚ ਹਰ ਵਿਅਕਤੀ ਨੂੰ ਆਪਣੇ ਪਰਿਵਾਰ ਸਮੇਤ ਕੁਝ ਸਮਾਂ ਕੁਦਰਤ ਦੇ ਨੇੜੇ ਬਿਤਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਨਵਾਇਰਮੈਂਟ ਪਾਰਕ ਵਰਗੇ ਸਥਾਨ ਸਿਰਫ਼ ਸਰੀਰਕ ਤੰਦਰੁਸਤੀ ਲਈ ਹੀ ਨਹੀਂ, ਸਗੋਂ ਮਾਨਸਿਕ ਸ਼ਾਂਤੀ ਅਤੇ ਤਣਾਅ ਮੁਕਤ ਜੀਵਨ ਲਈ ਵੀ ਬੇਹੱਦ ਮਹੱਤਵਪੂਰਨ ਹਨ। ਇਸ ਮੌਕੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਅਤੇ ਪਾਰਕ ਵਿੱਚ ਸੈਰ ਕਰਨ ਵਾਲੇ ਲੋਕਾਂ ਨੇ ਜਥੇਦਾਰ ਜਗਮੀਤ ਸਿੰਘ ਹਰਿਆਊ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# ਰਿਜਰਵੇਸ਼ਨ ਕੋਟਾ ਨਾ ਦੇਣ ਦੇ ਰੋਸ ਵਜੋਂ ਭਲਾਈ ਮੰਤਰੀ, ਸਿੱਖਿਆ ਮੰਤਰੀ, ਭਲਾਈ ਸਕੱਤਰ ਅਤੇ ਸਿੱਖਿਆ ਸਕੱਤਰ ਦੇ ਫੂਕੇ ਗਏ ਪੁਤਲੇ



**ਪਟਿਆਲਾ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਐੱਸ.ਸੀ./ਬੀ. ਸੀ.ਅਧਿਆਪਕ ਯੂਨੀਅਨ ਪੰਜਾਬ ਵੱਲੋਂ ਅੱਜ 1 ਸਤੰਬਰ 2026 ਨੂੰ 1013 ਲੈਕਚਰਾਰ ਸਿੱਧੀ ਭਰਤੀ ਵਿੱਚ ਐੱਸ.ਸੀ. (25%)ਅਤੇ ਬੀ.ਸੀ. (12%) ਵਰਗ ਬਣਦਾ ਰਾਖਵਾਂ ਕੋਟਾ ਨਾ ਦੇਣ ਦੇ ਰੋਸ ਵਜੋਂ ਜਿਲ੍ਹਾ ਪਟਿਆਲਾ ਦੇ ਡੀਸੀ ਦਫ਼ਤਰ ਅੱਗੇ ਭਲਾਈ ਮੰਤਰੀ,ਸਿੱਖਿਆ ਮੰਤਰੀ,ਭਲਾਈ ਸਕੱਤਰ ਅਤੇ ਸਿੱਖਿਆ ਸਕੱਤਰ ਦੇ ਪੁਤਲੇ ਫੂਕ ਕੇ ਜੋਰਦਾਰ ਰੋਸ ਮੁਜਾ ?ਹਰਾ ਕੀਤਾ ਗਿਆ। ਜਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਗੁਰੂ ਨੇ ਦੱਸਿਆ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਰਾਖਵਾਂਕਰਨ ਵਿਰੋਧੀ ਮਾਨਸਿਕਤਾ ਤਹਿਤ 1013 ਲੈਕਚਰਾਰ ਸਿੱਧੀ ਭਰਤੀ ਵਿੱਚ ਬਣਦਾ ਰਾਖਵਾਂ ਕੋਟਾ ਨਹੀਂ ਦਿੱਤਾ ਗਿਆ।ਇਸ ਮਸਲੇ ਦੇ ਸੁਖਾਵੇਂ ਹੱਲ ਲਈ ਸਟੇਟ ਕਮੇਟੀ ਵੱਲੋਂ ਪ੍ਰਿੰਸੀਪਲ ਸਕੱਤਰ ਭਲਾਈ ਵੀ ਕੇ ਮੀਣਾ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਕੀਤੀਆਂ ਗਈਆਂ। ਇਨਾਂ ਮੀਟਿੰਗਾਂ ਵਿੱਚ ਆਗੂਆਂ ਵੱਲੋਂ ਤੱਥਾਂ ਸਹਿਤ ਸਿੱਧ ਕੀਤਾ ਗਿਆ ਸਬੂਤ ਦੇ ਕੇ ਪੱਖ ਰੱਖਿਆ ਕਿ ਵੱਖ-ਵੱਖ ਵਿਸਿ ?ਆਂ ਵਿੱਚ ਆਪਣੀ ਮੈਰਿਟ ਦੇ ਅਧਾਰ ਤੇ ਭਰਤੀ ਹੋਏ ਐੱਸ ਸੀ, ਬੀ ਸੀ ਉਮੀਦਵਾਰਾਂ ਨੂੰ ਹੀ ਰੋਸਟਰ ਨੁਕਤਿਆਂ ਤੇ ਲਗਾਇਆ ਗਿਆ ਹੈ ਜੋ ਰਾਖਵਾਂਕਰਨ ਨੀਤੀ,ਆਰ.ਕੇ ਸੱਭਰਵਾਲ ਕੇਸ,ਭਲਾਈ ਵਿਭਾਗ ਦੀਆਂ 10/7/ 1995 ਦੀਆਂ ਹਦਾਇਤਾਂ ਦੀ ਸ਼ਰੇਆਮ ਉਲੰਘਣਾ ਹੈ।ਇਸ ਤੋਂ ਵੀ ਅੱਗੇ ਸੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਭਲਾਈ ਵਿਭਾ.ਗ ਦੇ ਡਾਇਰੈਕਟਰ ਤੇ ਸਪੈਸ਼ਲ ਸਕੱਤਰ ਦੀ ਮੀਟਿੰਗ 'ਚ ਕਿਹਾ ਤੇ ਮੰਨਿਆ ਕਿ ਸਾਡੇ ਕੋਲ ਰਿਕਾਰਡ ਪੂਰਾ ਨਹੀਂ ਹੈ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਅਧੂਰੇ ਰਿਕਾਰਡ ਦੇ ਅਧਾਰ ਤੇ ਰਾਖਵਾਂ ਕੋਟਾ ਜ਼ੀਰੋ ਕਿਵੇਂ ਦਿਖਾ ਦਿੱਤਾ ਗਿਆ ? ਭਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਰਾਖਵਾਂਕਰਨ ਨੂੰ ਸਹੀ ਢੰਗ ਨਾਲ ਲਾਗੂ ਕਰਾਉਣ, ਰੋਸਟਰ ਰਜਿਸਟਰ ਸਹੀ ਬਣਾਉਣ ਤੇ ਨਿਯਮਾਂ ਅਨੁਸਾਰ ਜਾਂਚ ਕਰਕੇ ਨਿਰੀਖਣ ਰਿਪੋਰਟ ਤਿਆਰ ਕਰਨ ਲਈ ਇਮਾਨਦਾਰੀ ਨਾਲ ਆਪਣੀ ਜਿੰਮੇਵਾਰੀ ਨਹੀਂ ਨਿਭਾਈ ਨਹੀਂ ਨਿਭਾਈ ਜਾ ਰਹੀ। ਜਿਸ ਦੇ ਰੋਸ ਵਜੋਂ ਅੱਜ ਜਿਲਾ ਪੱਧਰ ਤੇ ਸਮੁੱਚੇ ਪੰਜਾਬ ਵਿੱਚ ਭਲਾਈ ਮੰਤਰੀ ਡਾਕਟਰ ਬਲਜੀਤ ਕੌਰ , ਸਿੱਖਿਆ ਮੰਤਰੀ ਹਰਜੋਤ ਬੈਂਸ, ਭਲਾਈ ਸਕੱਤਰ ਵੀ ਕੇ ਮੀਣਾ, ਅਤੇ ਸਿੱਖਿਆ ਸਕੱਤਰ ਸ੍ਰੀ ਮਤੀ ਸੋਨਾਲੀ ਗਿਰੀ ਦੇ ਪੁਤਲੇ ਫੂਕੇ ਗਏ ਹਨ। ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦਾ ਰਾਖਵਾਂਕਰਨ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ। ਜਿਸ ਕਾਰਨ ਪੰਜਾਬ ਸਰਕਾਰ ਵਿਰੁੱਧ ਪੰਜਾਬ ਦੇ ਐੱਸ ਸੀ, ਬੀ ਸੀ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 1013 ਲੈਕਚਰਾਰ ਭਰਤੀ ਵਿੱਚ ਬਣਦਾ ਰਾਖਵਾਂ ਕੋਟਾ ਦੇਣ ਬਾਰੇ ਤੁਰੰਤ ਸੋਧ ਪੱਤਰ ਜਾਰੀ ਕੀਤਾ ਜਾਵੇ ਤਾਂ ਜੋ ਐੱਸ.ਸੀ., ਬੀ.ਸੀ. ਵਰਗ ਦੇ ਲੋਕਾਂ ਨੂੰ ਇਨਸਾਫ਼ ਮਿਲ ਸਕੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਇਸ ਸਮੇਂ ਵੱਖ ਵੱਖ ਜਥੇਬੰਦੀਆਂ ਦੇ ਆਗੂ ਸਹਿਬਾਨ ਗੁਰਪ੍ਰੀਤ ਸਿੰਘ ਗੁਰੂ ਸੂਬਾ ਵਿੱਤ ਸਕੱਤਰ ਐੱਸ ਸੀ / ਬੀ ਸੀ ਅਧਿਆਪਕ ਯੂਨੀਅਨ ਪੰਜਾਬ, ਜਗਤਾਰ ਸਿੰਘ ਜੱਗੀ ਨਾਭਾ ਜਨਰਲ ਸਕੱਤਰ ਐੱਸ ਸੀ/ ਬੀ ਸੀ ਅਧਿਆਪਕ ਯੂਨੀਅਨ ਪਟਿਆਲਾ, ਸੁਖਪਾਲ ਸਿੰਘ ਸਟੇਟ ਕਮੇਟੀ ਮੈਂਬਰ, ਦਰਸ਼ਨ ਸਿੰਘ ਮੈਣ ਸੂਬਾ ਪ੍ਰਧਾਨ ਪੰਜਾਬ ਵਾਲਮੀਕਿ ਤੀਰਥ ਸ਼੍ਰੀ ਅੰਮ੍ਰਿਤਸਰ ਸਾਹਿਬ, ਅਜਾਇਬ ਸਿੰਘ ਬਠੋਈ ਸੂਬਾ ਪ੍ਰਧਾਨ ਨਰੇਗਾ ਵਰਕਰਜ਼ ਫਰੰਟ ਪੰਜਾਬ, ਲਖਵਿੰਦਰ ਸਿੰਘ ਸੀ ਐੱਚ ਟੀ, ਹਰਪ੍ਰੀਤ ਸਿੰਘ, ਸੁਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਸੰਦੀਪ ਕੁਮਾਰ, ਬਲਕਾਰ ਸਿੰਘ, ਲਖਵਿੰਦਰ ਸਿੰਘ, ਅਮਰੀਕਾ ਰਾਮ, ਹਰਵਿੰਦਰ ਸਿੰਘ ਸੀ ਐੱਚ ਟੀ, ਸਤਪਾਲ ਸਿੰਘ, ਕੁਲਦੀਪ ਸਿੰਘ, ਨਰਿੰਦਰ ਸਿੰਘ, ਹਰਿੰਦਰ ਸਿੰਘ, ਹਰਦੀਪ ਸਿੰਘ, ਮਲਕੀਤ ਸਿੰਘ, ਹਰਪ੍ਰੀਤ ਸਿੰਘ, ਅਮਰੀਕ ਸਿੰਘ, ਗੁਰਨੈਬ ਸਿੰਘ, ਸਤਬੀਰ ਸਿੰਘ, ਸੰਦੀਪ ਸਿੰਘ, ਦੀਪਕ ਕੁਮਾਰ, ਕੁਲਦੀਪ ਸਿੰਘ, ਸੁਖਪਾਲ ਸਿੰਘ ਦਫ਼ਤਰੀ ਵਾਲ਼ਾ, ਗੁਰਪਾਲ ਸਿੰਘ ਨੇ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ।

# ਗ੍ਰਿੱਡ ਦਾ 28ਵਾਂ ਵਾਰਸ਼ਿਕ ਉਤਸਵ ਉਤਸ਼ਾਹ, ਉਮੰਗ ਅਤੇ ਸ਼ਮੂਲੀਅਤ ਦੀ ਭਾਵਨਾ ਨਾਲ ਮਨਾਇਆ ਗਿਆ




**ਚੰਡੀਗੜ੍ਹ, 6 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗਵਰਨਮੈਂਟ ਰੀਹੈਬਲੀਟੇਸ਼ਨ ਇੰਸਟੀਟਿਊਟ ਫੌਰ ਇੰਟਲੈਕਚੁਅਲ ਡਿਸਏਬਿਲਿਟੀਜ਼ (ਜੀਆਰਆਈਆਈਡੀ/ਗ੍ਰਿੱਡ ਸੈਕਟਰ 31, ਚੰਡੀਗੜ੍ਹ ਨੇ ਅੱਜ ਆਪਣਾ 28ਵਾਂ ਵਾਰਸ਼ਿਕ ਦਿਵਸ ਸੰਸਥਾਨ ਦੇ ਪਰਿਸਰ ਵਿੱਚ ਬੜੇ ਉਤਸ਼ਾਹ, ਉਮੰਗ, ਗਰਮਜੋਸ਼ੀ ਅਤੇ ਸ਼ਮੂਲੀਅਤ ਦੀ ਮਜ਼ਬੂਤ ਭਾਵਨਾ ਨਾਲ ਮਨਾਇਆ।

ਡਾ. ਰਵਨੀਤ ਕੌਰ, ਡਾਇਰੈਕਟਰ, ਜੀਐੱਮਸੀਐੱਚ-32 ਅਤੇ ਡਾਇਰੈਕਟਰ, ਗ੍ਰਿੱਡ ਨੇ ਮੁੱਖ ਮਹਿਮਾਨ ਦੇ ਰੂਪ ਵਿੱਚ ਪ੍ਰੋਗਰਾਮ ਦੀ ਸ਼ੋਭਾ ਵਧਾਈ। ਡਾ. ਅਜੀਤ ਸਿਡਾਨਾ, ਜੁਆਇੰਟ ਡਾਇਰੈਕਟਰ, ਗ੍ਰਿੱਡ ਨੇ ਮੁੱਖ ਮਹਿਮਾਨ ਦਾ ਰਸਮੀ ਤੌਰ 'ਤੇ ਸੁਆਗਤ ਕੀਤਾ ਅਤੇ ਸਾਰੇ ਪਤਵੰਤੇ ਮਹਿਮਾਨਾਂ, ਮਾਪਿਆਂ, ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਕਰਮਚਾਰੀਆਂ ਦਾ ਹਾਰਦਿਕ ਅਭਿਨੰਦਨ ਕੀਤਾ। ਉਨ੍ਹਾਂ ਨੇ ਸੰਸਥਾਨ ਦੀਆਂ ਉਪਲਬਧੀਆਂ ਅਤੇ ਬੌਧਿਕ ਦਿੱਵਯਾਂਗਜਨਾਂ ਦੀ ਸਿੱਖਿਆ, ਪੁਨਰਵਾਸ, ਕਿੱਤਾਮੁਖੀ ਟ੍ਰੇਨਿੰਗ ਅਤੇ ਸਸ਼ਕਤੀਕਰਣ ਦੇ ਖੇਤਰ ਵਿੱਚ ਸੰਸਥਾਨ ਕੀਤੇ ਜਾ ਰਹੇ ਮਹੱਤਵਪੂਰਨ ਕਾਰਜਾਂ 'ਤੇ ਪ੍ਰਕਾਸ਼ ਪਾਇਆ।

ਵਾਰਸ਼ਿਕ ਉਤਸਵ ਵਿੱਚ ਬੜੀ ਸੰਖਿਆ ਵਿੱਚ ਮਾਪਿਆਂ, ਵਿਦਿਆਰਥੀਆਂ, ਕਾਲਜ ਦੇ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਅਤੇ ਸੰਸਥਾਨ ਦੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਦੀ ਸਰਗਰਮ ਸਹਿਭਾਗਿਤਾ ਨੇ ਪ੍ਰੋਗਰਾਮ ਦੀ ਗਰਿਮਾ ਵਧਾਈ ਅਤੇ ਇਸ ਨੂੰ ਹੋਰ ਅਧਿਕ ਯਾਦਗਾਰੀ ਬਣਾ ਦਿੱਤਾ। ਬੌਧਿਕ ਦਿੱਵਯਾਂਗਤਾ ਵਾਲੇ ਵਿਦਿਆਰਥੀਆਂ ਨੇ ਗੀਤ, ਨ੍ਰਿਤ, ਸਕਿੱਟ ਅਤੇ ਹੋਰ ਮਨਮੋਹਕ ਪ੍ਰਸਤੁਤੀਆਂ ਨਾਲ ਸੁਸੱਜਿਤ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪ੍ਰਸਤੁਤ ਕੀਤਾ। ਵਿਦਿਆਰਥੀਆਂ ਨੇ ਆਪਣੀ ਅਸਾਧਾਰਣ ਪ੍ਰਤਿਭਾ, ਰਚਨਾਤਮਕਤਾ, ਆਤਮਵਿਸ਼ਵਾਸ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ, ਜਿਸ ਦੀ ਉਪਸਥਿਤ ਦਰਸ਼ਕਾਂ ਨੇ ਤਾੜੀਆਂ ਅਤੇ ਉਤਸ਼ਾਹਵਰਧਨ ਦੇ ਨਾਲ ਭਰਪੂਰ ਸ਼ਲਾਘਾ ਕੀਤੀ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਰਵਨੀਤ ਕੌਰ, ਡਾਇਰੈਕਟਰ,ਗ੍ਰਿੱਡ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਸਹਿਭਾਗਿਤਾ ਦੀ ਸ਼ਲਾਘਾ ਕੀਤੀ ਅਤੇ ਪੂਰੀ ਗ੍ਰਿੱਡ ਦੀ ਪੂਰੀ ਟੀਮ ਦੇ ਸਮਰਪਣ ਅਤੇ ਪ੍ਰਤੀਬੱਧਤਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਕਿਹਾ ਕਿ ਸੰਸਥਾਨ ਬੌਧਿਕ ਦਿੱਵਯਾਂਗਜਨਾਂ ਨੂੰ ਗੁਣਵੱਤਾਪੂਰਨ ਸਿੱਖਿਆ, ਪੁਨਰਵਾਸ ਅਤੇ ਕਿੱਤਾਮੁਖੀ ਟ੍ਰੇਨਿੰਗ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸੰਪੂਰਨ ਵਿਕਾਸ, ਸਸ਼ਕਤੀਕਰਣ ਅਤੇ ਸਮਾਜ ਵਿੱਚ ਸ਼ਮੂਲੀਅਤ ਲਈ ਨਿਰੰਤਰ ਅਵਸਰ ਉਪਲਬਧ ਕਰਵਾ ਰਿਹਾ ਹੈ।

ਇਸ ਅਵਸਰ 'ਤੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਅਤੇ ਸਮਰੱਥਾਵਾਂ ਨੂੰ ਸਨਮਾਨਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਦੇ ਨਿਰੰਤਰ ਸਹਿਯੋਗ ਅਤੇ ਅਧਿਆਪਕਾਂ, ਕਲੀਨਿਕਲ ਪੇਸ਼ੇਵਰਾਂ, ਕਿੱਤਾਮੁਖੀ ਇੰਸਟ੍ਰਕਟਰਾਂ ਅਤੇ ਸਹਾਇਕ ਕਰਮਚਾਰੀਆਂ ਦੇ ਸਮਰਪਿਤ ਪ੍ਰਯਾਸਾਂ ਦੀ ਵੀ ਸ਼ਲਾਘਾ ਕੀਤੀ ਗਈ।

# ਮੋਹਨਜੀਤ ਸਿੰਘ ਦੇ ਮਾਮਲੇ ਵਿੱਚ ਘਿਰੀ ਪੰਜਾਬ ਸਰਕਾਰ ਨੇ ਡੀ.ਐਸ.ਪੀ. ਦਾ ਕੀਤਾ ਤਬਾਦਲਾ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ ਜ਼ਿਲ੍ਹੇ ਦੇ ਪਿੰਡ ਸ਼ੇਰੋਂ ਦੇ ਨਸ਼ਾ ਵਿਰੋਧੀ ਕਾਰਕੁਨ ਮੋਹਨਜੀਤ ਸਿੰਘ 'ਤੇ ਕਥਿਤ ਹਿਰਾਸਤੀ ਤਸ਼ੱਦਦ ਨੂੰ ਲੈ ਕੇ ਸਖ਼ਤ ਆਲੋਚਨਾ ਦਾ ਸਾਹਮਣਾ ਕਰ ਰਹੀ ਪੰਜਾਬ ਸਰਕਾਰ ਨੇ ਸ਼ਨਿੱਚਰਵਾਰ ਨੂੰ ਡੀ ਐੱਸ ਪੀ ਹਰਵਿੰਦਰ ਸਿੰਘ ਦਾ ਤਬਾਦਲਾ ਕਰ ਦਿੱਤਾ ਅਤੇ ਤਿੰਨ ਹੋਰ ਪੁਲੀਸ ਅਧਿਕਾਰੀਆਂ ਨੂੰ ਤੁਰੰਤ ਸੰਗਰੂਰ ਪੁਲੀਸ ਲਾਈਨ ਵਿੱਚ ਰਿਪੋਰਟ ਕਰਨ ਦੇ ਹੁਕਮ ਦਿੱਤੇ। ਇਸ ਘਟਨਾ ਤੋਂ ਬਾਅਦ ਕੀਤੀ ਗਈ ਪਹਿਲੀ ਵੱਡੀ ਪ੍ਰਸ਼ਾਸਨਿਕ ਕਾਰਵਾਈ ਹੈ।

ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀ ਜੀ ਪੀ) ਵੱਲੋਂ ਜਾਰੀ ਹੁਕਮਾਂ ਅਨੁਸਾਰ, ਸੁਨਾਮ (ਸੰਗਰੂਰ) ਵਿੱਚ ਡੀ ਐੱਸ ਪੀ (ਐੱਚ ਡੀ) ਵਜੋਂ ਤਾਇਨਾਤ ਡੀ ਐੱਸ ਪੀ ਹਰਵਿੰਦਰ ਸਿੰਘ ਨੂੰ 'ਪ੍ਰਸ਼ਾਸਕੀ ਆਧਾਰਾਂ' 'ਤੇ ਤੁਰੰਤ ਪ੍ਰਭਾਵ ਨਾਲ, ਬਹਾਦਰਗੜ੍ਹ (ਪਟਿਆਲਾ) ਵਿੱਚ ਪਹਿਲੀ ਸੀ ਡੀ ਓ ਬਟਾਲੀਅਨ ਵਿੱਚ ਡੀ ਐੱਸ ਪੀ ਦੇ ਖਾਲੀ ਅਹੁਦੇ 'ਤੇ ਤਬਦੀਲ ਕਰ ਦਿੱਤਾ ਗਿਆ ਹੈ। ਪੁਲੀਸ ਸਥਾਪਨਾ ਕਮੇਟੀ ਵੱਲੋਂ ਜਾਰੀ ਇਸ ਹੁਕਮ ਵਿੱਚ ਨਿਰਦੇਸ਼ ਦਿੱਤੇ ਗਏ ਹਨ ਕਿ ਉਸ ਨੂੰ ਤੁਰੰਤ ਫਾਰਗ ਕੀਤਾ ਜਾਵੇ ਅਤੇ 6 ਸਤੰਬਰ ਤੱਕ ਆਪਣੇ ਨਵੇਂ ਤਾਇਨਾਤੀ ਸਥਾਨ 'ਤੇ ਰਿਪੋਰਟ ਕੀਤੀ ਜਾਵੇ। ਸੰਗਰੂਰ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲੀਸ (ਐੱਸ ਐੱਸ ਪੀ) ਵੱਲੋਂ ਜਾਰੀ ਇੱਕ ਵੱਖਰੇ ਹੁਕਮ ਵਿੱਚ, ਤਿੰਨ ਹੋਰ ਪੁਲੀਸ ਅਧਿਕਾਰੀਆਂ – ਇੰਸਪੈਕਟਰ ਪ੍ਰਤੀਕ ਜਿੰਦਲ (ਐੱਸ ਐੱਚ ਓ, ਸਿਟੀ ਸੁਨਾਮ ਪੁਲੀਸ ਸਟੇਸ਼ਨ), ਐੱਸ ਆਈ ਬਲਜੀਤ ਸਿੰਘ (ਐੱਸ ਐੱਚ ਓ, ਚੀਮਾ ਪੁਲੀਸ ਸਟੇਸ਼ਨ) ਅਤੇ ਏ ਐੱਸ ਆਈ ਹਰਪ੍ਰੀਤ ਸਿੰਘ (ਇੰਚਾਰਜ, ਜ਼ਿਲ੍ਹਾ ਪੁਲੀਸ ਸਿਟੀ ਸੁਨਾਮ) – ਨੂੰ ਪ੍ਰਸ਼ਾਸਕੀ ਆਧਾਰਾਂ 'ਤੇ ਤੁਰੰਤ ਪ੍ਰਭਾਵ ਨਾਲ ਸੰਗਰੂਰ ਪੁਲੀਸ ਲਾਈਨ ਵਿੱਚ ਤਬਦੀਲ/ਤਾਇਨਾਤੀ ਦਿੱਤੀ ਗਈ ਹੈ।

# ਰਾਜਪਾਲ ਕਟਾਰੀਆ ਨੇ ਅਧਿਆਪਕ ਦਿਵਸ 'ਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ; ਅਧਿਆਪਕਾਂ ਨੂੰ ਦੱਸਿਆ 'ਮੌਨ ਰਾਸ਼ਟਰ' ਨਿਰਮਾਤਾ



**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇੱਕ ਵਿਸ਼ੇਸ਼ ਅਧਿਆਪਕ ਦਿਵਸ ਸਮਾਰੋਹ ਵਿੱਚ ਸਿੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਉਤਕ੍ਰਿਸ਼ਟ ਯੋਗਦਾਨ ਦੇਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦੇ ਹੋਏ ਪ੍ਰਸ਼ਾਸਕ ਨੇ ਕਿਹਾ ਕਿ ਅਧਿਆਪਕ ਦਿਵਸ ਵਿਅਕਤੀਆਂ, ਸਮਾਜ ਅਤੇ ਰਾਸ਼ਟਰ ਨੂੰ ਘੜਨ ਵਿੱਚ ਅਧਿਆਪਕਾਂ ਦੇ ਅਮੁੱਲ ਯੋਗਦਾਨ ਦੇ ਪ੍ਰਤੀ ਇੱਕ ਸ਼ਰਧਾਂਜਲੀ ਹੈ।

ਇਸ ਅਵਸਰ 'ਤੇ ਸਿੱਖਿਆ ਸਕੱਤਰ ਸ੍ਰੀਮਤੀ ਪ੍ਰੇਰਨਾ ਪੁਰੀ; ਡਾਇਰੈਕਟਰ, ਸਕੂਲ ਸਿੱਖਿਆ, ਸ੍ਰੀ ਨਿਤੀਸ਼ ਸਿੰਗਲਾ; ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ, ਅਧਿਆਪਕ, ਪੁਰਸਕਾਰ ਜੇਤੂ, ਵਿਦਿਆਰਥੀ ਅਤੇ ਹੋਰ ਪਤਵੰਤੇ ਵਿਅਕਤੀ ਉਪਸਥਿਤ ਰਹੇ।

ਸਕੂਲੀ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਈ ਸਮਰਪਣ, ਇਨੋਵੇਸ਼ਨ ਅਤੇ ਯੋਗਦਾਨ ਦੇ ਸਨਮਾਨ ਵਿੱਚ ਕੁੱਲ 16 ਅਧਿਆਪਕਾਂ ਨੂੰ ਸਟੇਟ ਅਵਾਰਡ ਅਤੇ ਛੇ ਅਧਿਆਪਕਾਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ। ਸੇਂਟ ਜੋਸਫ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 44 ਦੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਚਾਵਲਾ ਅਤੇ ਸ੍ਰੀ ਰਮੇਸ਼ ਸ਼ਰਮਾ ਨੂੰ ਵਿਸ਼ੇਸ਼ ਸਨਮਾਨ ਪੁਰਸਕਾਰ ਪ੍ਰਾਪਤ ਹੋਏ, ਉੱਥੇ ਹੀ ਪਿਛਲੇ ਵਰ੍ਹੇ ਦੀ ਰਾਸ਼ਟਰੀ ਪੁਰਸਕਾਰ ਜੇਤੂ ਸ੍ਰੀ ਪਰਵੀਨ ਕੁਮਾਰੀ ਨੂੰ ਵੀ ਸਨਮਾਨਿਤ ਕੀਤਾ ਗਿਆ।

ਸਿੱਖਿਆ ਦੇ ਖੇਤਰ ਵਿੱਚ ਵਿਲੱਖਣ ਅਤੇ ਨਿਰੰਤਰ ਯੋਗਦਾਨ ਲਈ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਦੇ ਡਿਪਟੀ ਡਾਇਰੈਕਟਰ ਸ੍ਰੀਮਤੀ ਬਿੰਦੂ ਅਰੋੜਾ ਨੂੰ 'ਲਾਇਫਟਾਇਮ ਕੰਟ੍ਰੀਬਿਊਸ਼ਨ ਟੂ ਸਕੂਲ ਐਜੂਕੇਸ਼ਨ ਅਵਾਰਡ' (ਸਕੂਲੀ ਸਿੱਖਿਆ ਵਿੱਚ ਜੀਵਨ ਭਰ ਯੋਗਦਾਨ ਪੁਰਸਕਾਰ) ਨਾਲ ਨਿਵਾਜਿਆ ਗਿਆ।

ਸਰਕਾਰੀ ਮਾਡਲ ਹਾਈ ਸਕੂਲ, ਮਲੋਆ ਕਲੋਨੀ, ਚੰਡੀਗੜ੍ਹ ਦੇ ਟ੍ਰੇਂਡ ਗ੍ਰੈਜੂਏਟ ਅਧਿਆਪਕ (ਵਿਗਿਆਨ) ਸ੍ਰੀ ਰਵੀ ਕੁਮਾਰ ਜੈਸਵਾਲ ਨੂੰ ਵੱਕਾਰੀ ਰਾਸ਼ਟਰੀ ਅਧਿਆਪਕ ਪੁਰਸਕਾਰ 2026 ਲਈ ਚੁਣਿਆ ਗਿਆ ਹੈ। ਵਿਗਿਆਨ ਸਿੱਖਿਆ ਪ੍ਰਤੀ ਉਨ੍ਹਾਂ ਦੇ ਅਭਿਨਵ ਦ੍ਰਿਸ਼ਟੀਕੋਣ ਲਈ ਉਨ੍ਹਾਂ ਨੂੰ ਸਰਾਹਿਆ ਗਿਆ; ਉਨ੍ਹਾਂ ਨੇ ਵਿਦਿਆਰਥੀਆਂ ਲਈ ਸਿੱਖਣ ਨੂੰ ਅਧਿਕ ਰੋਚਕ ਅਤੇ ਅਨੁਭਵਾਤਮਕ ਬਣਾਉਣ ਹਿਤ ਕਬਾੜ ਸਮੱਗਰੀ ਦਾ ਉਪਯੋਗ ਕਰਕੇ ਇੱਕ 3 ਡੀ ਡੋਮ ਥੀਏਟਰ ਤਿਆਰ ਕੀਤਾ ਹੈ।

ਇੱਕੱਠ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਕਟਾਰੀਆ ਨੇ ਅਧਿਆਪਕਾਂ ਨੂੰ 'ਮੌਨ ਰਾਸ਼ਟਰ-ਨਿਰਮਾਤਾ' ਦੱਸਿਆ ਅਤੇ ਕਿਹਾ ਕਿ ਉਨ੍ਹਾਂ ਦੀ ਭੂਮਿਕਾ ਕੇਵਲ ਅਕਾਦਮਿਕ ਗਿਆਨ ਪ੍ਰਦਾਨ ਕਰਨ ਤੋਂ ਕਿਤੇ ਅਧਿਕ ਵਿਸਤ੍ਰਿਤ ਹੈ। ਗੁਰੂ ਵਸ਼ਿਸ਼ਟ ਅਤੇ ਆਚਾਰੀਆ ਚਾਣਕਿਆ ਦੀਆਂ ਉਦਾਹਰਣਾਂ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਇੱਕ ਸੱਚਾ ਅਧਿਆਪਕ ਚਰਿੱਤਰ ਦਾ ਨਿਰਮਾਣ ਕਰਦਾ ਹੈ, ਸੰਸਕਾਰ ਬੀਜਦਾ ਹੈ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਦਾਰ ਨਾਗਰਿਕ ਬਣਨ ਲਈ ਤਿਆਰ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਬੱਚਿਆਂ ਨੂੰ ਕੇਵਲ ਪਰੀਖਿਆਵਾਂ ਲਈ ਨਹੀਂ, ਬਲਕਿ ਜੀਵਨ ਲਈ ਤਿਆਰ ਕਰਨਾ ਹੋਣਾ ਚਾਹੀਦਾ ਹੈ।

ਉਨ੍ਹਾਂ ਨੇ ਅਧਿਆਪਕਾਂ ਨੂੰ ਕੌਸ਼ਲ-ਅਧਾਰਿਤ ਅਤੇ ਗੁਣਵੱਤਾਪੂਰਨ ਸਿੱਖਿਆ 'ਤੇ ਧਿਆਨ ਕੇਂਦ੍ਰਿਤ ਕਰਨ ਦਾ ਸੱਦਾ ਦਿੱਤਾ, ਜਿਸ ਨਾਲ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਰਚਨਾਤਮਕਤਾ, ਸਮੱਸਿਆ-ਸਮਾਧਾਨ ਦੀ ਸਮਰੱਥਾ, ਆਤਮਵਿਸ਼ਵਾਸ ਅਤੇ ਆਤਮਨਿਰਭਰਤਾ ਦਾ ਵਿਕਾਸ ਹੋ ਸਕੇ।

# ਅਧਿਆਪਕ ਦਿਵਸ ਮੌਕੇ ਲਲਿਤਾ ਬੰਗਾ ਸਟੇਟ ਐਵਾਰਡ ਨਾਲ ਸਨਮਾਨਿਤ

**ਪਟਿਆਲਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਅਧਿਆਪਕ ਦਿਵਸ ਦੇ ਮੌਕੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਅਤੇ ਸਮਰਪਿਤ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਐਵਾਰਡ ਮੌਕੇ 'ਤੇ ਸਰਕਾਰੀ ਐਲੀਮੈਂਟਰੀ ਸਕੂਲ ਮਾੜੂ, ਬਲਾਕ ਘਨੌਰ, ਜ਼ਿਲ੍ਹਾ ਪਟਿਆਲਾ ਦੀ ਸੈਂਟਰ ਹੈਡ ਟੀਚਰ ਸ੍ਰੀਮਤੀ ਲਲਿਤਾ ਬੰਗਾ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ, ਮਿਹਨਤ, ਲਗਨ ਅਤੇ ਸਮਰਪਣ ਲਈ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਸ੍ਰੀਮਤੀ ਲਲਿਤਾ ਬੰਗਾ ਨੇ ਆਪਣੇ ਅਧਿਆਪਨ ਕਾਰਜ ਦੌਰਾਨ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ। ਉਨ੍ਹਾਂ ਨੇ ਸਕੂਲ ਦੀ ਅਕਾਦਮਿਕ ਕਾਰਗੁਜ਼ਾਰੀ ਨੂੰ ਬਿਹਤਰ ਬਣਾਉਣ, ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਪੈਦਾ ਕਰਨ ਅਤੇ ਸਕੂਲ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਲਈ ਲਗਾਤਾਰ ਯਤਨ ਕੀਤੇ ਹਨ।

ਉਨ੍ਹਾਂ ਦੀ ਅਗਵਾਈ ਹੇਠ ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਸਹਿ-ਵਿੱਦਿਅਕ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਦੀ ਕਾਰਜਸ਼ੈਲੀ ਹੋਰਨਾਂ ਅਧਿਆਪਕਾਂ ਲਈ ਵੀ ਪ੍ਰੇਰਨਾਦਾਇਕ ਰਹੀ ਹੈ।

ਇਸ ਸਨਮਾਨ ਨਾਲ ਸਕੂਲ, ਬਲਾਕ ਘਨੌਰ ਅਤੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਸਿੱਖਿਆ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਸਟਾਫ਼, ਵਿਦਿਆਰਥੀਆਂ, ਮਾਪਿਆਂ ਅਤੇ ਸਹਿਕਰਮੀਆਂ ਨੇ ਸ੍ਰੀਮਤੀ ਲਲਿਤਾ ਬੰਗਾ ਨੂੰ ਇਸ ਐਵਾਰਡ ਦੀ ਪ੍ਰਾਪਤੀ 'ਤੇ ਦਿਲੋਂ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਮੇਰਾ ਸੁਪਨਾ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ 2021 ਵਿੱਚ ਪੰਜਾਬ ਸਿੱਖਿਆ ਖੇਤਰ 'ਚ 27ਵੇਂ ਨੰਬਰ 'ਤੇ ਸੀ, ਅੱਜ ਪਹਿਲੇ ਨੰਬਰ 'ਤੇ ਹੈ ➢ ਅਧਿਆਪਕਾਂ ਨੂੰ ਵਿਸ਼ਵ ਪੱਧਰ ਦੀ ਸਿਖਲਾਈ ਦਿੱਤੀ, 118 'ਸਕੂਲਜ਼ ਆਫ਼ ਐਮੀਨੈਂਸ' ਸਥਾਪਤ ਕੀਤੇ ਅਤੇ 16,348 ਸਕੂਲਾਂ ਵਿੱਚ ਵਾਈ-ਫਾਈ ਦੀ ਸਹੂਲਤ ਦਿੱਤੀ ➢ 'ਬਿਜ਼ਨਸ ਬਲਾਸਟਰਜ਼' ਰਾਹੀਂ ਅਸੀਂ ਵਿਦਿਆਰਥੀਆਂ ਨੂੰ ਰੁਜ਼ਗਾਰ ਮੰਗਣ ਵਾਲਿਆਂ ਦੀ ਬਜਾਏ ਰੁਜ਼ਗਾਰ ਦੇਣ ਵਾਲੇ ਬਣਾ ਰਹੇ ਹਾਂ**



**ਮੁਹਾਲੀ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਸਿੱਖਿਆ ਸੁਧਾਰਾਂ ਨੇ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਲ 2021 ਵਿੱਚ ਪੰਜਾਬ ਸਿੱਖਿਆ ਦੇ ਖੇਤਰ ਵਿੱਚ 27ਵੇਂ ਸਥਾਨ 'ਤੇ ਸੀ ਜੋ ਹੁਣ ਪ੍ਰਾਇਮਰੀ ਸਿੱਖਿਆ ਵਿੱਚ ਪਹਿਲੇ ਨੰਬਰ 'ਤੇ ਪਹੁੰਚ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣ ਦੇ ਸਰਕਾਰ ਦੇ ਦ੍ਰਿਸ਼ਟੀਕੋਣ ਦਾ ਵੀ ਐਲਾਨ ਕੀਤਾ।

ਮੁਹਾਲੀ ਵਿਖੇ ਅਧਿਆਪਕ ਦਿਵਸ ਮੌਕੇ ਰਾਜ ਪੱਧਰੀ ਸਨਮਾਨ ਸਮਾਰੋਹ ਦੌਰਾਨ ਮੁੱਖ ਮੰਤਰੀ ਨੇ ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ, 118 'ਸਕੂਲਜ਼ ਆਫ਼ ਐਮੀਨੈਂਸ', 16,348 ਸਕੂਲਾਂ ਵਿੱਚ ਵਾਈ-ਫਾਈ ਸਹੂਲਤ, 'ਬਿਜ਼ਨਸ ਬਲਾਸਟਰ' ਅਤੇ ਪੀ.ਟੀ.ਐਮ. ਰਾਹੀਂ ਮਾਪਿਆਂ ਦੀ ਵਧੇਰੇ ਸ਼ਮੂਲੀਅਤ ਨੂੰ ਇਸ ਬਦਲਾਅ ਦੇ ਮੁੱਖ ਕਾਰਨ ਦੱਸਿਆ, ਜਦਕਿ 50 ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਿਤ ਵੀ ਕੀਤਾ।

ਐਕਸ 'ਤੇ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਅਧਿਆਪਕ ਦਿਵਸ ਮੌਕੇ ਮੁਹਾਲੀ ਵਿਖੇ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਸਿੱਖਿਆ ਖੇਤਰ ਨੂੰ ਬੁਲੰਦੀਆਂ 'ਤੇ ਲੈ ਕੇ ਜਾਣਾ ਸਾਡੀ ਮੁੱਖ ਤਰਜੀਹ ਹੈ। ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ, 118 'ਸਕੂਲ ਆਫ਼ ਐਮੀਨੈਂਸ' ਦੀ ਸਥਾਪਨਾ ਅਤੇ 16,348 ਸਕੂਲਾਂ ਵਿੱਚ ਵਾਈ-ਫਾਈ ਸਹੂਲਤ ਪ੍ਰਦਾਨ ਕਰਨਾ ਇਸ ਦਿਸ਼ਾ ਵਿੱਚ ਚੁੱਕੇ ਗਏ ਅਹਿਮ ਕਦਮ ਹਨ। 'ਬਿਜ਼ਨਸ ਬਲਾਸਟਰ' ਪ੍ਰੋਗਰਾਮ ਰਾਹੀਂ ਅਸੀਂ ਵਿਦਿਆਰਥੀਆਂ ਨੂੰ ਰੋਜ਼ਗਾਰ ਮੰਗਣ ਵਾਲੇ ਨਹੀਂ, ਸਗੋਂ ਰੋਜ਼ਗਾਰ ਦੇਣ ਵਾਲੇ ਬਣਨ ਦੇ ਯੋਗ ਬਣਾ ਰਹੇ ਹਾਂ। ਆਓ ਰਲ-ਮਿਲ ਕੇ ਪੜ੍ਹਿਆ-ਲਿਖਿਆ, ਹੁਨਰਮੰਦ ਅਤੇ 'ਰੰਗਲਾ ਪੰਜਾਬ' ਬਣਾਈਏ। ਇਨਕਲਾਬ ਜ਼ਿੰਦਾਬਾਦ।

ਮੁਹਾਲੀ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੇਰਾ ਸੁਪਨਾ ਪੰਜਾਬ ਨੂੰ ਆਲਮੀ ਸਿੱਖਿਆ ਕੇਂਦਰ ਬਣਾਉਣਾ ਹੈ। ਸਿੱਖਿਆ ਖੇਤਰ ਵਿੱਚ ਸਾਡੀ ਸਰਕਾਰ ਵੱਲੋਂ ਚੁੱਕੇ ਗਏ ਇਨਕਲਾਬੀ ਕਦਮਾਂ ਕਰਕੇ ਉਹ ਦਿਨ ਦੂਰ ਨਹੀਂ, ਜਦੋਂ ਦੁਨੀਆ ਭਰ ਤੋਂ ਅਧਿਆਪਕ ਸਿਖਲਾਈ ਲੈਣ ਲਈ ਪੰਜਾਬ ਆਉਣਗੇ।

ਭਾਰਤ ਦੇ ਦੂਜੇ ਰਾਸ਼ਟਰਪਤੀ, ਮਹਾਨ ਦਾਰਸ਼ਨਿਕ ਅਤੇ ਉੱਘੇ ਵਿਦਵਾਨ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੇ ਦੇਸ਼ ਨੂੰ ਗਿਆਨ, ਇਮਾਨਦਾਰੀ ਅਤੇ ਸੇਵਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦਾ ਦ੍ਰਿੜ੍ਹ ਵਿਸ਼ਵਾਸ ਸੀ ਕਿ ਸਿੱਖਿਆ ਮਨੁੱਖਤਾ ਦੇ ਵਿਕਾਸ ਦਾ ਸਭ ਤੋਂ ਵੱਡਾ ਸਾਧਨ ਹੈ। ਉਨ੍ਹਾਂ ਦਾ ਜੀਵਨ ਅਕਾਦਮਿਕ ਉੱਤਮਤਾ ਅਤੇ ਨੈਤਿਕ ਮੁੱਲਾਂ ਦੀ ਨੀਂਹ ਨੂੰ ਦਰਸਾਉਂਦਾ ਹੈ, ਜਿਸ ਕਰਕੇ ਉਨ੍ਹਾਂ ਦਾ ਜਨਮ ਦਿਨ ਪੂਰੇ ਦੇਸ਼ ਵਿੱਚ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਗੁਰੂ-ਦੱਖਣਾ ਪ੍ਰਗਟਾਉਣ ਦੇ ਦਿਨ ਵਜੋਂ ਮਨਾਇਆ ਜਾਂਦਾ ਹੈ। ਸਨਮਾਨ ਸਮਾਰੋਹ ਦੌਰਾਨ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ। ਕੁੱਲ 50 ਅਧਿਆਪਕਾਂ (ਜਿਨ੍ਹਾਂ ਵਿੱਚ 21 ਪ੍ਰਾਇਮਰੀ ਅਤੇ 29 ਸੈਕੰਡਰੀ ਅਧਿਆਪਕ ਸ਼ਾਮਲ ਹਨ) ਨੇ ਸਟੇਟ ਐਵਾਰਡ ਪ੍ਰਾਪਤ ਕੀਤੇ, ਜਦਕਿ 10 ਅਧਿਆਪਕਾਂ (4 ਪ੍ਰਾਇਮਰੀ ਅਤੇ 6 ਸੈਕੰਡਰੀ) ਨੂੰ 'ਯੰਗ ਟੀਚਰ ਐਵਾਰਡ' ਮਿਲੇ। 4 ਅਧਿਆਪਕਾਂ ਨੂੰ ਵਿਸ਼ੇਸ਼ ਅਧਿਆਪਕ ਪੁਰਸਕਾਰ, 6 ਨੂੰ ਪ੍ਰਸ਼ਾਸਕੀ ਪੁਰਸਕਾਰ ਅਤੇ 5 ਪੁਰਸਕਾਰ ਸਿੱਖਿਆ ਮੰਤਰੀ ਵੱਲੋਂ ਨਾਮਜ਼ਦ ਕੀਤੇ ਅਧਿਆਪਕਾਂ ਨੂੰ ਦਿੱਤੇ ਗਏ।

ਸਾਰੇ ਐਵਾਰਡ ਜੇਤੂ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਤੁਹਾਡੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਪੰਜਾਬ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖ ਰਹੀ ਹੈ। ਸਾਡੀ ਸਰਕਾਰ ਸਿੱਖਿਆ ਨੂੰ ਸਿਰਫ਼ ਵਿਭਾਗ ਨਹੀਂ ਸਗੋਂ ਪੰਜਾਬ ਦੇ ਸਮਾਜਿਕ-ਆਰਥਿਕ ਬਦਲਾਅ ਦੇ ਸਫ਼ਰ ਦਾ ਮਹੱਤਵਪੂਰਨ ਥੰਮ੍ਹ ਮੰਨਦੀ ਹੈ।

ਅਧਿਆਪਕ ਦਿਵਸ 'ਤੇ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿੱਖਿਆ ਅਤੇ ਸਕੂਲਾਂ ਦੇ ਮਿਆਰ ਨੂੰ ਸੁਧਾਰਨ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਸਾਡੇ ਅਧਿਆਪਕਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਵਚਨਬੱਧਤਾ ਸਦਕਾ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਅਗਵਾਈ ਵਾਲਾ ਸੂਬਾ ਬਣ ਕੇ ਉੱਭਰਿਆ ਹੈ, ਜਿਸ 'ਤੇ ਹਰ ਪੰਜਾਬੀ ਨੂੰ ਬਹੁਤ ਮਾਣ ਹੈ। ਮੈਂ ਇਸ ਇਤਿਹਾਸਕ ਪ੍ਰਾਪਤੀ ਲਈ ਵਿਸ਼ੇਸ਼ ਤੌਰ 'ਤੇ ਸਾਡੇ ਅਧਿਆਪਕਾਂ ਦਾ ਧੰਨਵਾਦ ਕਰਦਾ ਹਾਂ ਅਤੇ ਇਹ ਉਮੀਦ ਕਰਦਾ ਹਾਂ ਕਿ ਤੁਸੀਂ ਭਵਿੱਖ ਵਿੱਚ ਵੀ ਆਪਣੇ ਵਿਦਿਆਰਥੀਆਂ ਦੇ ਮਨਾਂ ਨੂੰ ਗਿਆਨ ਦੀ ਰੌਸ਼ਨੀ ਨਾਲ ਰੁਸ਼ਨਾਉਂਦੇ ਰਹੋਗੇ।

ਅਧਿਆਪਕਾਂ ਲਈ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ 234 ਪ੍ਰਿੰਸੀਪਲਾਂ ਅਤੇ ਸਿੱਖਿਆ ਅਧਿਕਾਰੀਆਂ ਨੂੰ ਸਿੰਗਾਪੁਰ ਵਿੱਚ ਸਿਖਲਾਈ ਦਿੱਤੀ ਗਈ, 152 ਹੈੱਡਮਾਸਟਰਾਂ ਨੂੰ ਆਈ.ਆਈ.ਐਮ. ਅਹਿਮਦਾਬਾਦ ਵਿੱਚ ਸਿਖਲਾਈ ਦਿੱਤੀ ਗਈ ਅਤੇ 144 ਪ੍ਰਾਇਮਰੀ ਅਧਿਆਪਕਾਂ ਨੇ ਫਿਨਲੈਂਡ ਦੀ ਤੁਰਕੂ ਯੂਨੀਵਰਸਿਟੀ ਤੋਂ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਕੀਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਆਪਣੇ ਅਧਿਆਪਕਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਦਿੱਤੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਵਿਸ਼ਵ ਪੱਧਰੀ ਸਿੱਖਿਆ ਪ੍ਰਾਪਤ ਕਰ ਸਕਣ। ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਦੇਣ ਨਾਲ ਸਰਕਾਰੀ ਸਕੂਲਾਂ ਦੀ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਆਇਆ ਹੈ। ਅਸੀਂ ਆਪਣੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਦੁਨੀਆ ਵਿੱਚ ਕਿਤੇ ਵੀ ਮੁਕਾਬਲਾ ਕਰਨ ਲਈ ਤਿਆਰ ਕਰ ਰਹੇ ਹਾਂ।

'ਸਕੂਲ ਆਫ਼ ਐਮੀਨੈਂਸ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸਕੂਲ ਆਫ਼ ਐਮੀਨੈਂਸ' ਨੇ ਸਿੱਖਿਆ ਦਾ ਮਿਆਰ ਉੱਚਾ ਕੀਤਾ ਹੈ। ਅਸੀਂ 88.67 ਕਰੋੜ ਰੁਪਏ ਦੀ ਲਾਗਤ ਨਾਲ 118 'ਸਕੂਲਜ਼ ਆਫ਼ ਐਮੀਨੈਂਸ' ਨੂੰ ਆਧੁਨਿਕ ਬੁਨਿਆਦੀ ਢਾਂਚੇ ਨਾਲ ਬਦਲ ਦਿੱਤਾ ਹੈ। ਇਨ੍ਹਾਂ ਆਧੁਨਿਕ ਪ੍ਰੋਜੈਕਟਾਂ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਪੰਜਾਬ ਦਾ ਹਰ ਬੱਚਾ ਦੁਨੀਆ ਵਿੱਚ ਕਿਤੇ ਵੀ ਮੁਕਾਬਲਾ ਕਰਨ ਦੇ ਯੋਗ ਬਣੇ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਅਧਿਆਪਕ ਦਿਵਸ 'ਤੇ ਵੱਡਾ ਐਲਾਨ: ਅਗਲੇ ਸੈਸ਼ਨ ਤੋਂ ਉੱਚੇਰੀ, ਤਕਨੀਕੀ ਅਤੇ ਤਕਨਾਲੋਜੀ ਸਿੱਖਿਆ ਦੇ ਅਧਿਆਪਕਾਂ ਨੂੰ ਵੀ ਮਿਲੇਗਾ ਰਾਜ ਅਧਿਆਪਕ ਪੁਰਸਕਾਰ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਆਪਕ ਦਿਵਸ ਦੇ ਮੌਕੇ 'ਤੇ ਮਹੱਤਵਪੂਰਨ ਘੋਸ਼ਣਾ ਕਰਦਿਆਂ ਕਿਹਾ ਕਿ ਆਉਣ ਵਾਲੇ ਅਕਾਦਮਿਕ ਸੈਸ਼ਨ ਤੋਂ ਉੱਚੇਰੀ ਸਿੱਖਿਆ, ਤਕਨੀਕੀ ਸਿੱਖਿਆ ਅਤੇ ਤਕਨਾਲੋਜੀ ਸਿੱਖਿਆ ਨਾਲ ਜੁੜੇ ਅਧਿਆਪਕ ਵੀ ਰਾਜ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਹੋਣਗੇ। ਮੌਜੂਦਾ ਸਮੇਂ ਵਿੱਚ ਇਹ ਪੁਰਸਕਾਰ ਸਿਰਫ਼ ਸਕੂਲੀ ਸਿੱਖਿਆ ਨਾਲ ਜੁੜੇ ਅਧਿਆਪਕਾਂ ਨੂੰ ਹੀ ਦਿੱਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਸਾਰੇ ਅਧਿਆਪਕਾਂ ਨੂੰ ਉਤਸ਼ਾਹਿਤ ਕਰਨਾ ਸਰਕਾਰ ਦੀ ਪਹਿਲ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਐਲਾਨ ਸ਼ਨੀਵਾਰ ਨੂੰ ਪੰਚਕੂਲਾ ਵਿੱਚ ਆਯੋਜਿਤ ਰਾਜ ਅਧਿਆਪਕ ਸਨਮਾਨ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਕੀਤਾ।

ਸਮਾਰੋਹ ਵਿੱਚ ਮੁੱਖ ਮਹਿਮਾਨ ਹਰਿਆਣਾ ਦੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਰਾਜਪਾਲ ਦੀ ਧਰਮ ਪਤਨੀ ਸ਼੍ਰੀਮਤੀ ਮਿਤ੍ਰਾ ਘੋਸ਼ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਮੌਜੂਦ ਰਹੇ। ਇਸ ਮੌਕੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ 79 ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਨੂੰ ਸ਼ਾਲ, ਮੈਡਲ, ਪ੍ਰਮਾਣ ਪੱਤਰ, ਇੱਕ-ਇੱਕ ਲੱਖ ਰੁਪਏ ਦੀ ਸਨਮਾਨ ਰਾਸ਼ੀ ਅਤੇ ਦੋ ਅਗਾਊਂ ਤਨਖ਼ਾਹ ਵਾਧੇ ਪ੍ਰਦਾਨ ਕੀਤੇ ਗਏ।

ਮੁੱਖ ਮੰਤਰੀ ਨੇ ਅਧਿਆਪਕ ਦਿਵਸ 'ਤੇ ਸਾਰੇ ਅਧਿਆਪਕਾਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਸਮਾਰੋਹ ਸਿੱਖਿਆ ਪ੍ਰਤੀ ਤੁਹਾਡੇ ਸਮਰਪਣ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਮੌਕਾ ਹੈ। ਉਨ੍ਹਾਂ ਕਿਹਾ ਕਿ ਅੱਜ ਮਹਾਨ ਅਧਿਆਪਕ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦਾ ਜਨਮਦਿਨ ਵੀ ਹੈ, ਜਿਨ੍ਹਾਂ ਨੇ ਆਪਣਾ ਜਨਮਦਿਨ ਅਧਿਆਪਕਾਂ ਨੂੰ ਸਮਰਪਿਤ ਕਰ ਦਿੱਤਾ। ਇਸੇ ਲਈ, ਉਨ੍ਹਾਂ ਦੇ ਜਨਮਦਿਨ ਨੂੰ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਉਹ ਮਹਾਨ ਦਾਰਸ਼ਨਿਕ, ਆਦਰਸ਼ ਅਧਿਆਪਕ ਅਤੇ ਕੁਸ਼ਲ ਸਿਆਸਤਦਾਨ ਸਨ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਗੁਰੂ ਦਾ ਸਥਾਨ ਹਮੇਸ਼ਾ ਉੱਪਰ ਰਿਹਾ ਹੈ। ਗੁਰੂ ਉਹ ਹੈ, ਜੋ ਬੱਚਿਆਂ ਦੇ ਅੰਦਰ ਛੁਪੀਆਂ ਸੰਭਾਵਨਾਵਾਂ ਨੂੰ ਪਛਾਣਦਾ ਹੈ। ਮਾਤਾ-ਪਿਤਾ ਬੱਚੇ ਨੂੰ ਜਨਮ ਦਿੰਦੇ ਹਨ, ਪਰ ਅਧਿਆਪਕ ਉਸ ਦੀ ਸ਼ਖ਼ਸੀਅਤ ਨੂੰ ਆਕਾਰ ਦਿੰਦਾ ਹੈ। ਉਹ ਬੱਚੇ ਨੂੰ ਸਿਰਫ਼ ਪ੍ਰੀਖਿਆ ਵਿੱਚ ਪਾਸ ਨਹੀਂ ਕਰਵਾਉਂਦਾ, ਸਗੋਂ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਯੋਗ ਬਣਾਉਂਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਸਨਮਾਨਿਤ ਹੋਏ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤੁਸੀਂ ਅਧਿਆਪਕਾਂ ਦੀ ਵੀ ਅਜਿਹੀ ਹੀ ਕੋਈ ਕਹਾਣੀ ਹੋਵੇਗੀ। ਕਿਸੇ ਨੇ ਸਕੂਲ ਛੱਡ ਚੁੱਕੇ ਬੱਚੇ ਨੂੰ ਵਾਪਸ ਜਮਾਤ ਤੱਕ ਪਹੁੰਚਾਇਆ ਹੋਵੇਗਾ। ਕਿਸੇ ਨੇ ਆਪਣੀ ਜੇਬ ਵਿੱਚੋਂ ਵਿਦਿਆਰਥੀ ਲਈ ਕਿਤਾਬ ਖਰੀਦੀ ਹੋਵੇਗੀ। ਕਿਸੇ ਨੇ ਛੁੱਟੀ ਤੋਂ ਬਾਅਦ ਪੜ੍ਹਾਈ ਵਿੱਚ ਕਮਜ਼ੋਰ ਬੱਚੇ ਨੂੰ ਵਾਧੂ ਸਮਾਂ ਦਿੱਤਾ ਹੋਵੇਗਾ। ਕਿਸੇ ਨੇ ਧੀ ਦੇ ਮਾਤਾ-ਪਿਤਾ ਨੂੰ ਸਮਝਾ ਕੇ ਉਸ ਦੀ ਪੜ੍ਹਾਈ ਜਾਰੀ ਰਖਵਾਈ ਹੋਵੇਗੀ। ਕਿਸੇ ਨੇ ਵਿਗਿਆਨ ਪ੍ਰਯੋਗਸ਼ਾਲਾ ਨਾ ਹੋਣ 'ਤੇ ਸਥਾਨਕ ਵਸਤੂਆਂ ਤੋਂ ਮਾਡਲ ਬਣਾਇਆ ਹੋਵੇਗਾ; ਅਤੇ ਕਿਸੇ ਨੇ ਵਿਦਿਆਰਥੀ ਦੀਆਂ ਅੱਖਾਂ ਦੀ ਉਦਾਸੀ ਪੜ੍ਹ ਕੇ ਉਸ ਨੂੰ ਗਲਤ ਰਸਤੇ 'ਤੇ ਜਾਣ ਤੋਂ ਬਚਾਇਆ ਹੋਵੇਗਾ। ਉਨ੍ਹਾਂ ਕਿਹਾ ਕਿ ਪੁਰਸਕਾਰ ਪ੍ਰਾਪਤ ਕਰਨ ਲਈ ਮੰਚ 'ਤੇ ਤੁਸੀਂ ਭਾਵੇਂ ਹੀ ਅੱਜ ਆਏ ਹੋ, ਪਰ ਤੁਹਾਡਾ ਪੁਰਸਕਾਰ ਉਸੇ ਦਿਨ ਤੈਅ ਹੋ ਗਿਆ ਸੀ, ਜਿਸ ਦਿਨ ਕਿਸੇ ਬੱਚੇ ਨੇ ਤੁਹਾਨੂੰ ਕਿਹਾ ਹੋਵੇਗਾ 'ਗੁਰੂ ਜੀ, ਤੁਸੀਂ ਮੇਰਾ ਜੀਵਨ ਬਦਲ ਦਿੱਤਾ।'



ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਮਾਂ ਤੇਜ਼ੀ ਨਾਲ ਬਦਲ ਰਿਹਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ, ਡਿਜੀਟਲ ਤਕਨਾਲੋਜੀ ਅਤੇ ਇੰਟਰਨੈਟ ਨੇ ਗਿਆਨ ਦੇ ਅਣਗਿਣਤ ਦਰਵਾਜ਼ੇ ਖੋਲ੍ਹ ਦਿੱਤੇ ਹਨ। ਬੱਚੇ ਇੱਕ ਕਲਿੱਕ 'ਤੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ, ਪਰ ਜਾਣਕਾਰੀ ਅਤੇ ਗਿਆਨ ਵਿੱਚ ਅੰਤਰ ਹੁੰਦਾ ਹੈ। ਮਸ਼ੀਨ ਸੂਚਨਾ ਦੇ ਸਕਦੀ ਹੈ, ਪਰ ਸੰਸਕਾਰ ਨਹੀਂ। ਏ.ਆਈ. ਪਾਠ ਤਿਆਰ ਕਰ ਸਕਦੀ ਹੈ, ਪਰ ਕਿਸੇ ਨਿਰਾਸ਼ ਬੱਚੇ ਦੇ ਮੋਢੇ 'ਤੇ ਹੱਥ ਰੱਖ ਕੇ ਉਸ ਵਿੱਚ ਵਿਸ਼ਵਾਸ ਨਹੀਂ ਜਗਾ ਸਕਦੀ।

ਇਹ ਕੰਮ ਸਿਰਫ਼ ਅਧਿਆਪਕ ਕਰ ਸਕਦਾ ਹੈ। ਇਸ ਲਈ ਤਕਨੀਕ ਦੇ ਯੁੱਗ ਵਿੱਚ ਅਧਿਆਪਕ ਦੀ ਭੂਮਿਕਾ ਘੱਟ ਨਹੀਂ ਹੋਈ, ਸਗੋਂ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਇਸੇ ਗੱਲ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀ ਸਮਝਿਆ। ਉਨ੍ਹਾਂ ਨੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਬਣਾ ਕੇ ਸਿੱਖਿਆ ਨੂੰ ਰੱਟਣ ਦੀ ਪ੍ਰਵਿਰਤੀ ਤੋਂ ਕੱਢ ਕੇ ਸਮਝ, ਹੁਨਰ, ਨਵੀਨਤਾ ਅਤੇ ਭਾਰਤੀ ਮੁੱਲਾਂ ਨਾਲ ਜੋੜਨ ਦਾ ਮਾਰਗ ਪ੍ਰਸ਼ੱਤ ਕੀਤਾ। ਹੁਣ ਸਿੱਖਿਆ ਦਾ ਟੀਚਾ ਡਿਗਰੀ ਦੇ ਨਾਲ ਯੋਗ, ਆਤਮਨਿਰਭਰ, ਸੰਵੇਦਨਸ਼ੀਲ ਅਤੇ ਰਾਸ਼ਟਰ ਨਿਸ਼ਠ ਨਾਗਰਿਕ ਤਿਆਰ ਕਰਨਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਅਸੀਂ ਹਰਿਆਣਾ ਵਿੱਚ ਵੀ ਇਸੇ ਨਜ਼ਰੀਏ ਨਾਲ ਸਿੱਖਿਆ ਪ੍ਰਣਾਲੀ ਵਿੱਚ ਲਗਾਤਾਰ ਸੁਧਾਰ ਕਰ ਰਹੇ ਹਾਂ।

# ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਦੇਸ਼ ਭਰ ਦੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀ ਮੁਬਾਰਕਬਾਦ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਦੇਸ਼ ਭਰ ਦੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੇ ਮੌਕੇ 'ਤੇ ਹਾਰਦਿਕ ਵਧਾਈ ਦਿੱਤੀ।

ਆਪਣੇ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਨੂੰ ਗਿਆਨ ਦਾ ਰਸਤਾ ਦਿਖਾ ਕੇ ਉਨ੍ਹਾਂ ਨੂੰ ਸਮਾਜ ਦੇ ਜ਼ਿੰਮੇਵਾਰ ਅਤੇ ਉੱਤਮ ਨਾਗਰਿਕ ਬਣਾਉਂਦੇ ਹਨ। ਉਨ੍ਹਾਂ ਕਿਹਾ,"ਸਿੱਖਿਆ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਰੱਖਦੀ ਹੈ ਅਤੇ ਅਧਿਆਪਕ ਇੱਕ ਵਿਦਿਆਰਥੀ ਦੇ ਭਵਿੱਖ ਨੂੰ ਬਣਾਉਣ ਵਿੱਚ ਡੂੰਘੀ ਭੂਮਿਕਾ ਨਿਭਾਉਂਦਾ ਹੈ।" ਉਨ੍ਹਾਂ ਅੱਗੇ ਕਿਹਾ,"ਜਿਵੇਂ ਅਸੀਂ ਆਪਣੇ ਮਾਪਿਆਂ ਦਾ ਕਰਜ਼ ਕਦੇ ਨਹੀਂ ਚੁਕਾ ਸਕਦੇ, ਉਸੇ ਤਰ੍ਹਾਂ ਅਸੀਂ ਆਪਣੇ ਅਧਿਆਪਕਾਂ ਦਾ ਕਰਜ਼ ਕਦੇ ਵੀ ਨਹੀਂ ਚੁਕਾ ਸਕਦੇ। ਇੱਕ ਅਧਿਆਪਕ ਸਾਨੂੰ ਉੱਚੀਆਂ ਬੁਲੰਦੀਆਂ 'ਤੇ ਲੈ ਜਾਂਦਾ ਹੈ, ਸਫਲਤਾ ਦਾ ਰਸਤਾ ਦਿਖਾਉਂਦਾ ਹੈ ਅਤੇ ਆਪਣੇ ਵਿਦਿਆਰਥੀ ਨੂੰ ਕਾਮਯਾਬ ਤੇ ਖੁਸ਼ਹਾਲ ਦੇਖ ਕੇ ਸਭ ਤੋਂ ਖੁਸ਼ੀ ਪ੍ਰਾਪਤ ਕਰਦਾ ਹੈ।"

ਇਸ ਵਿਸ਼ੇਸ਼ ਮੌਕੇ 'ਤੇ ਸਪੀਕਰ ਨੇ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ ਦੀ ਸਿੱਖਿਆ ਪ੍ਰਣਾਲੀ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਨੂੰ ਯਾਦ ਕੀਤਾ। ਸ. ਸੰਧਵਾਂ ਨੇ ਉਨ੍ਹਾਂ ਅਧਿਆਪਕਾਂ ਨੂੰ ਵਿਸ਼ੇਸ਼ ਵਧਾਈਆਂ ਦਿੱਤੀਆਂ ਜਿਨ੍ਹਾਂ ਨੂੰ ਅੱਜ ਉਨ੍ਹਾਂ ਦੀ ਮਿਸਾਲੀ ਸੇਵਾ ਲਈ ਰਾਜ ਅਤੇ ਰਾਸ਼ਟਰੀ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ। ਜਨਤਕ ਸਿੱਖਿਆ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖਿਅਕਾਂ ਲਈ ਵਿਸ਼ੇਸ਼ ਅੰਤਰਰਾਸ਼ਟਰੀ ਐਕਸਪੋਜ਼ਰ ਦੌਰੇ ਆਯੋਜਿਤ ਕੀਤੇ ਗਏ ਹਨ। ਇਹ ਵਿਦੇਸ਼ੀ ਦੌਰੇ ਅਧਿਆਪਕਾਂ ਨੂੰ ਉੱਨਤ ਵਿਸ਼ਵ ਸਿੱਖਿਆ ਪ੍ਰਣਾਲੀਆਂ ਦਾ ਅਧਿਐਨ ਕਰਨ ਅਤੇ ਪੰਜਾਬ ਦੇ ਸਕੂਲਾਂ ਵਿੱਚ ਉਨ੍ਹਾਂ ਲਾਹੇਵੰਦ ਅਭਿਆਸਾਂ ਨੂੰ ਲਾਗੂ ਕਰਨ ਦੇ ਯੋਗ ਬਣਾਉਂਦੇ ਹਨ।

ਸੂਬੇ ਦੇ ਤਰਜੀਹੀ ਉਦੇਸ਼ ਦਾ ਹਵਾਲਾ ਦਿੰਦਿਆਂ ਸਪੀਕਰ ਨੇ ਜ਼ ਕਿਹਾ ਕਿ ਹਰੇਕ ਬੱਚਾ ਮਿਆਰੀ ਸਿੱਖਿਆ ਹੱਕਦਾਰ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਯੋਗ ਅਤੇ ਨੈਤਿਕ ਨਾਗਰਿਕ ਬਣਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਵੇ।

# ਪ੍ਰਸ਼ਾਸਕ ਨੇ ਚੰਡੀਗੜ੍ਹ ਨੂੰ ਨਸ਼ਾ ਮੁਕਤ ਬਣਾਉਣ ਲਈ ਸਮੂਹਿਕ ਪ੍ਰਯਾਸਾਂ ਦਾ ਸੱਦਾ ਦਿੱਤਾ; 'ਨਸ਼ੇ ਦੇ ਖ਼ਿਲਾਫ਼ ਵਾਕਾਥੌਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਝੀਲ 'ਤੇ 'ਨਸ਼ੇ ਦੇ ਖ਼ਿਲਾਫ਼ ਵਾਕਾਥੌਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਚੰਡੀਗੜ੍ਹ ਨੂੰ ਇੱਕ ਤੰਦਰੁਸਤ ਅਤੇ ਨਸ਼ਾ ਮੁਕਤ ਸ਼ਹਿਰ ਬਣਾਉਣ ਲਈ ਪ੍ਰਸ਼ਾਸਨ ਅਤੇ ਨਾਗਰਿਕਾਂ ਦੇ ਸੰਯੁਕਤ ਤੇ ਨਿਰੰਤਰ ਪ੍ਰਯਾਸਾਂ ਦਾ ਸੱਦਾ ਦਿੱਤਾ। ਇਹ ਵਾਕਾਥੌਨ ਚੰਡੀਗੜ੍ਹ ਪ੍ਰਸ਼ਾਸਨ ਦੇ ਸਮਾਜ ਭਲਾਈ ਵਿਭਾਗ ਦੁਆਰਾ 'ਨਸ਼ਾ ਮੁਕਤ ਭਾਰਤ ਅਭਿਯਾਨ' ਦੇ ਤਹਿਤ ਆਯੋਜਿਤ ਕੀਤੀ ਗਈ ਸੀ, ਜਿਸ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੇ ਦੁਸ਼ਪ੍ਰਭਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸੀ।

ਇਸ ਅਵਸਰ 'ਤੇ ਪ੍ਰਸ਼ਾਸਕ ਦੇ ਨਾਲ ਗ੍ਰਿਹ ਸਕੱਤਰ ਸ੍ਰੀ ਮਨਦੀਪ ਸਿੰਘ ਬਰਾੜ; ਵਿੱਤ ਸਕੱਤਰ ਸ੍ਰੀ ਦਿਪਰਵਾ ਲਾਕੜਾ; ਸਮਾਜ ਭਲਾਈ ਸਕੱਤਰ ਸ੍ਰੀ ਹਰਪ੍ਰੀਤ ਸਿੰਘ ਸੂਦਨ; ਮੁੱਖ ਵਣਪਾਲ ਅਤੇ ਮੁੱਖ ਵਣਜੀਵ ਵਾਰਡਨ ਸ੍ਰੀ ਸੌਰਭ ਕੁਮਾਰ; ਅਤੇ ਸਮਾਜ ਭਲਾਈ ਡਾਇਰੈਕਟਰ ਸ੍ਰੀ ਨਵੀਨ ਰੱਤੂ ਉਪਸਥਿਤ ਰਹੇ।

ਪ੍ਰਸ਼ਾਸਕ ਨੇ ਕਿਹਾ ਕਿ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਸਰਕਾਰ, ਪਰਿਵਾਰਾਂ, ਭਾਈਚਾਰਿਆਂ ਅਤੇ ਨਾਗਰਿਕਾਂ ਦੇ ਸਮੂਹਿਕ ਪ੍ਰਯਾਸਾਂ ਦੀ ਜ਼ਰੂਰਤ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਦੇ ਦਰਮਿਆਨ ਅਧਿਕ ਜਾਗਰੂਕਤਾ ਵਧਾਉਣ 'ਤੇ ਜ਼ੋਰ ਦਿੱਤਾ ਅਤੇ ਨੌਜਵਾਨਾਂ ਨੂੰ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਅਤੇ ਸਕਾਰਾਤਮਕ ਵਿਕਲਪ ਚੁਣਨ ਦੀ ਤਾਕੀਦ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ 'ਨਸ਼ਾ ਮੁਕਤ ਭਾਰਤ ਪ੍ਰਤਿੱਗਿਆ' ਨਾਲ ਹੋਈ, ਜਿਸ ਵਿੱਚ ਪ੍ਰਤੀਭਾਗੀਆਂ ਨੇ ਨਸ਼ੇ ਤੋਂ ਦੂਰ ਰਹਿਣ ਅਤੇ ਚੰਡੀਗੜ੍ਹ ਨੂੰ ਇੱਕ ਸੁਰੱਖਿਅਤ ਅਤੇ ਤੰਦਰੁਸਤ ਸ਼ਹਿਰ ਬਣਾਉਣ ਵਿੱਚ ਯੋਗਦਾਨ ਦੇਣ ਦਾ ਸੰਕਲਪ ਲਿਆ।

ਪ੍ਰੋਗਰਾਮ ਦਾ ਇੱਕ ਵਿਸ਼ੇਸ਼ ਆਕਰਸ਼ਣ ਚੰਡੀਗੜ੍ਹ ਦੀਆਂ ਖੇਡ ਹਸਤੀਆਂ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਅਤੇ ਨੌਜਵਾਨਾਂ ਲਈ ਸਕਾਰਾਤਮਕ ਰੋਲ ਮਾਡਲ ਬਣਨ ਲਈ ਸਨਮਾਨਿਤ ਕਰਨਾ ਰਿਹਾ। ਸਨਮਾਨਿਤ ਹੋਣ ਵਾਲਿਆਂ ਵਿੱਚ ਅੰਤਰਰਾਸ਼ਟਰੀ ਜੂਡੋ ਖਿਡਾਰਨ ਸੁਸ਼੍ਰੀ ਐਂਗਲ ਯਾਦਵ; ਅੰਤਰਰਾਸ਼ਟਰੀ ਨਿਸ਼ਾਨੇਬਾਜ਼ ਸੁਸ਼੍ਰੀ ਸੰਯਮ; ਅੰਤਰਰਾਸ਼ਟਰੀ ਤਲਵਾਰਬਾਜ਼ੀ ਖਿਡਾਰਨ ਸੁਸ਼੍ਰੀ ਪ੍ਰਾਂਸ਼ੀ ਅਰੋੜਾ; ਅੰਤਰਰਾਸ਼ਟਰੀ ਤਲਵਾਰਬਾਜ਼ੀ ਖਿਡਾਰਨ ਸੁਸ਼੍ਰੀ ਯਸ਼ਕੀਰਤ ਕੌਰ ਹੇਅਰ; ਅਤੇ ਮੁੱਕੇਬਾਜ਼ ਸੁਸ਼੍ਰੀ ਗੁਰਸੀਰਤ ਕੌਰ, ਸ਼ਾਮਲ ਰਹੀਆਂ।

ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਟ੍ਰੈਫਿਕ ਪੁਲਿਸ ਅਤੇ ਖੇਡ ਵਿਭਾਗ ਦੇ ਪ੍ਰਤੀਭਾਗੀਆਂ ਦੇ ਨਾਲ-ਨਾਲ ਹੋਰ ਹਿਤਧਾਰਕਾਂ ਨੇ ਵੀ ਇਸ ਵਾਕਾਥੌਨ ਵਿੱਚ ਹਿੱਸਾ ਲਿਆ। 'ਨਸ਼ੇ ਦੇ ਖ਼ਿਲਾਫ਼ ਵਾਕ' ਦਾ ਸੰਦੇਸ਼ ਲੈ ਕੇ ਸਾਰੇ ਪ੍ਰਤੀਭਾਗੀ ਨਸ਼ੀਲੇ ਪਦਾਰਥਾਂ ਦੇ ਦੁਰਉਪਯੋਗ ਦੇ ਵਿਰੁੱਧ ਇੱਕ ਮਜ਼ਬੂਤ ਅਤੇ ਇਕਜੁੱਟ ਸੰਦੇਸ਼ ਦੇਣ ਲਈ ਇਕੱਠੇ ਅੱਗੇ ਆਏ।

# ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ 'ਤੇ ਕਬਜ਼ੇ ਦੀ ਕੋਸ਼ਿਸ਼ ਦੀ ਨਿਖੇਧੀ; 9 ਸਤੰਬਰ ਦੇ ਸਮਾਗਮ ਵਿੱਚ ਲੇਖਕ ਭਾਈਚਾਰੇ ਨੂੰ ਸ਼ਮੂਲੀਅਤ ਦਾ ਸੱਦਾ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਤਲਵੰਡੀ ਸਲੇਮ ਵਿੱਚ ਅਵਤਾਰ ਪਾਸ਼ ਅਤੇ ਹੰਸ ਰਾਜ ਦੀ ਸ਼ਹੀਦੀ ਯਾਦ ਵਿੱਚ ਬਣੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ 'ਤੇ ਕਬਜ਼ੇ ਦੀ ਕੋਸ਼ਿਸ਼ ਦੀ ਨਿਖੇਧੀ ਕਰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਲੇਖਕਾਂ, ਸਾਹਿਤਕਾਰਾਂ, ਕਲਾਕਾਰਾਂ, ਬੁੱਧੀਜੀਵੀਆਂ, ਕਿਸਾਨਾਂ, ਮਜ਼ਦੂਰਾਂ ਅਤੇ ਜਮਹੂਰੀ ਚੇਤਨਾ ਵਾਲੇ ਲੋਕਾਂ ਨੂੰ 9 ਸਤੰਬਰ ਨੂੰ ਹੋਣ ਵਾਲੇ ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਅਤੇ ਦਫ਼ਤਰ ਸਕੱਤਰ ਦੇਵਿੰਦਰ ਦੀਪ ਸਿੰਘ ਨੇ ਇੱਥੋਂ ਜਾਰੀ ਬਿਆਨ ਵਿੱਚ ਕਿਹਾ ਕਿ ਪਿੰਡ ਦੇ ਸਰਪੰਚ ਅਤੇ ਉਸ ਦੇ ਹਮਾਇਤੀਆਂ ਵੱਲੋਂ ਕੰਪਲੈਕਸ ਵਿੱਚ ਓਪਨ ਜਿਮ ਲਗਾਉਣ, ਯਾਦਗਾਰ ਦੇ ਤਾਲੇ ਤੋੜਨ ਅਤੇ ਇੱਕ ਗੇਟ ਦਾ ਪੱਲਾ ਲਾਹ ਕੇ ਲਿਜਾਣ ਦੇ ਦੋਸ਼ ਲੱਗੇ ਹਨ। ਕਿਸਾਨਾਂ, ਮਜ਼ਦੂਰਾਂ, ਲੇਖਕਾਂ ਅਤੇ ਬੁੱਧੀਜੀਵੀਆਂ ਵੱਲੋਂ ਇਸ ਖ਼ਿਲਾਫ਼ ਸੰਘਰਸ਼ ਜਾਰੀ ਹੈ, ਪਰ ਪ੍ਰਸ਼ਾਸਨ ਅਤੇ ਹਲਕਾ ਵਿਧਾਇਕ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ।

ਉਨ੍ਹਾਂ ਕਿਹਾ ਕਿ ਇਹ ਕੰਪਲੈਕਸ ਪੰਜਾਬ ਦੀ ਇਨਕਲਾਬੀ ਵਿਰਾਸਤ ਅਤੇ ਸਾਂਝੀ ਯਾਦ ਨਾਲ ਜੁੜੀ ਮਹੱਤਵਪੂਰਨ ਯਾਦਗਾਰ ਹੈ। ਤਾਲੇ ਤੋੜਨਾ, ਗੇਟ ਲਾਹੁਣਾ ਅਤੇ ਮਨਮਰਜ਼ੀ ਨਾਲ਼ ਉੱਥੇ ਕੁੱਝ ਸਥਾਪਤ ਕਰਨਾ ਗੰਭੀਰ ਮਾਮਲਾ ਹੈ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਤੁਰੰਤ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਯਾਦਗਾਰ ਦੀ ਮੂਲ ਸਥਿਤੀ ਬਹਾਲ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਾਸ਼ ਸਿਰਫ਼ ਕਵੀ ਨਹੀਂ, ਸਗੋਂ ਪੰਜਾਬ ਦੀ ਇਨਕਲਾਬੀ ਅਤੇ ਜਮਹੂਰੀ ਚੇਤਨਾ ਦਾ ਪ੍ਰਤੀਕ ਹੈ। ਉਸ ਦੀ ਸ਼ਹਾਦਤ ਨਾਲ ਜੁੜੀ ਯਾਦਗਾਰ ਦੀ ਰਾਖੀ ਕਰਨਾ ਸਮੁੱਚੇ ਸਮਾਜ ਦੀ ਜ਼ਿੰਮੇਵਾਰੀ ਹੈ।

ਕੇਂਦਰੀ ਸਭਾ ਵੱਲੋਂ ਦੱਸਿਆ ਗਿਆ ਕਿ ਪਾਸ਼ ਦੇ ਜਨਮ ਦਿਹਾੜੇ ਮੌਕੇ 9 ਸਤੰਬਰ ਨੂੰ ਸਵੇਰੇ 11 ਵਜੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿੱਚ ਸਮਾਗਮ ਹੋਵੇਗਾ। ਇਸ ਵਿੱਚ ਨਾਮਵਰ ਵਿਦਵਾਨ ਅਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂ ਸੰਬੋਧਨ ਕਰਨਗੇ। ਡਾ. ਸਵਰਾਜਬੀਰ ਦਾ ਨਵਾਂ ਨਾਟਕ 'ਅਸੀਂ ਲੜਾਂਗੇ ਸਾਥੀ' ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਪੇਸ਼ ਕੀਤਾ ਜਾਵੇਗਾ। ਪਿੰਡ ਦੇ ਕਿਸਾਨਾਂ ਅਤੇ ਮਜ਼ਦੂਰਾਂ ਨੇ ਵੀ ਸਮਾਗਮ ਨੂੰ ਡਟਵਾਂ ਸਾਥ ਦੇਣ ਦਾ ਐਲਾਨ ਕੀਤਾ ਹੈ।

ਕੇਂਦਰੀ ਸਭਾ ਨੇ ਸਾਹਿਤਕ, ਸਭਿਆਚਾਰਕ, ਤਰਕਸ਼ੀਲ, ਜਮਹੂਰੀ ਅਤੇ ਜਨਤਕ ਸੰਸਥਾਵਾਂ ਨੂੰ ਸਹਿਯੋਗ ਦੇਣ ਅਤੇ ਆਪਣੇ ਪਰਿਵਾਰਾਂ ਸਮੇਤ 9 ਸਤੰਬਰ ਨੂੰ ਤਲਵੰਡੀ ਸਲੇਮ ਪਹੁੰਚਣ ਦੀ ਅਪੀਲ ਕੀਤੀ ਹੈ।

# ਅਧਿਆਪਕ ਦਿਵਸ 'ਤੇ ਡੀ.ਸੀ. ਹਿਮਾਂਸ਼ੂ ਜੈਨ ਬਣੇ ਅਧਿਆਪਕ, ਵਿਦਿਆਰਥੀਆਂ ਦੀਆਂ ਲਗਾਈਆਂ ਵਿਸ਼ੇਸ਼ ਕਲਾਸਾਂ

**ਲੁਧਿਆਣਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਧਿਆਪਕ ਦਿਵਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਇੱਕ ਦਿਨ ਲਈ ਅਧਿਆਪਕ ਦੀ ਭੂਮਿਕਾ ਨਿਭਾਉਂਦਿਆਂ ਸਕੂਲ ਆਫ਼ ਐਮੀਨੈਂਸ ਕਿਦਵਈ ਨਗਰ ਅਤੇ ਮਿਲਰਗੰਜ ਵਿਖੇ ਵਿਦਿਆਰਥੀਆਂ ਦੀਆਂ ਵਿਸ਼ੇਸ਼ ਕਲਾਸਾਂ ਲਗਾਈਆਂ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਡਿੰਪਲ ਮਦਾਨ ਅਤੇ ਗਵਰਨੈਂਸ ਸੈੱਲ ਦੇ ਮੁਖੀ ਸ੍ਰੀ ਅੰਬਰ ਬੰਦੋਪਾਧਿਆਏ ਵੀ ਮੌਜੂਦ ਸਨ।

ਕਿਦਵਈ ਨਗਰ ਵਿਖੇ ਉਨ੍ਹਾਂ ਨੇ 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ 'ਪਦਾਰਥ ਦਾ ਵਰਗੀਕਰਨ', ਜਦਕਿ ਮਿਲਰਗੰਜ ਵਿਖੇ 6ਵੀਂ ਅਤੇ 7ਵੀਂ ਜਮਾਤ ਦੇ ਵਿਦਿਆਰਥੀਆਂ ਨੂੰ 'ਅੰਸ਼' ਵਿਸ਼ਾ ਪੜ੍ਹਾਇਆ। ਵਿਸ਼ਿਆਂ ਦੀ ਚੋਣ ਪਰਾਖ (ਨੈਸ਼ਨਲ ਅਚੀਵਮੈਂਟ ਸਰਵੇ) ਵਿੱਚ ਸਾਹਮਣੇ ਆਏ ਸਿੱਖਣ ਦੇ ਪਾੜਿਆਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਗਤੀਵਿਧੀ-ਅਧਾਰਤ ਅਤੇ ਅਨੁਭਵੀ ਸਿੱਖਿਆ ਰਾਹੀਂ ਵਿਦਿਆਰਥੀਆਂ ਦੀ ਸੰਕਲਪਿਕ ਸਮਝ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਨ, ਵੱਡੇ ਸੁਪਨੇ ਦੇਖਣ ਅਤੇ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਨਿਰੰਤਰ ਯਤਨ ਕਰਨ ਲਈ ਪ੍ਰੇਰਿਤ ਕੀਤਾ।



ਇਸ ਮੌਕੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਅਤੇ ਸਮਰਪਣ ਲਈ ਜ਼ਿਲ੍ਹੇ ਦੇ ਅੱਠ ਉੱਤਮ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਸ੍ਰੀ ਹਿਮਾਂਸ਼ੂ ਜੈਨ ਨੇ ਕਿਹਾ ਕਿ ਅਧਿਆਪਕ ਬੱਚਿਆਂ ਦੇ ਭਵਿੱਖ ਨੂੰ ਆਕਾਰ ਦੇਣ ਵਾਲੇ ਅਹਿਮ ਸਿਰਜਣਹਾਰ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਹੋਰ ਮਜ਼ਬੂਤ ਕਰਨ ਅਤੇ ਸਿੱਖਣ ਦੇ ਪਾੜਿਆਂ ਨੂੰ ਦੂਰ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ ਹੈ।



ਗੁਰਦੁਆਰਾ ਗੁਰੂਸਰ ਮਹਿਰਾਜ ਜੀ, ਜਿਸ ਵਿਚ ਦੋ ਨਿਸ਼ਾਨ ਸਾਹਿਬ ਨਜ਼ਰ ਆਉਂਦੇ ਹਨ।

ਗੁਰਦੁਆਰਾ ਸ਼ਹੀਦ ਗੰਜ ਸਾਹਿਬ।

ਗੁਰਦੁਆਰਾ ਸ਼ਹੀਦ ਗੰਜ ਵਿਚ ਜੋਤ, ਜੋ ਹਮੇਸ਼ਾ ਜਗਦੀ ਰਹਿੰਦੀ ਹੈ।



**ਮਹਿਰਾਜ ਦੇ ਯੁੱਧ 'ਚ ਗੁਰੂ ਹਰਗੋਬਿੰਦ ਜੀ ਨੇ ਖ਼ੁਦ ਸ਼ਾਮਿਲ ਹੋ ਕੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾਏ। ਉਨ੍ਹਾਂ ਜ਼ਖਮੀ ਮੁਗ਼ਲ ਸੈਨਿਕਾਂ ਦੀ ਮੱਲ੍ਹਮ ਪੱਟੀ ਕਰਵਾਈ ਅਤੇ ਮਾਰੇ ਗਿਆਂ ਨੂੰ ਦਫਨਾਇਆ। ਗੁਰੂ ਜੀ ਨੇ ਆਪਣੇ ਬਹਾਦਰ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ...**

# ਮਹਿਰਾਜ ਯੁੱਧ ਦੀ ਅਨੂਠੀ ਦਾਸਤਾਨ

• ਚੰਦਰ ਪ੍ਰਕਾਸ਼
98762 15150

ਪੰਜਾਬ ਦੀ ਧਰਤੀ ਦੇ ਇਕ ਹਿੱਸੇ ਮਹਿਰਾਜ ਪਿੰਡ ਵਿਖੇ 1631 ਵਿਚ ਉਸ ਵੇਲੇ ਬਹੁਤ ਵੱਡੇ ਇਤਿਹਾਸ ਦੀ ਰਚਨਾ ਹੋਈ ਜਦ ਗੁਰੂ ਹਰਗੋਬਿੰਦ ਜੀ ਦੀ 4 ਹਜ਼ਾਰ ਫ਼ੌਜ ਨੇ ਮੁਗ਼ਲ ਸ਼ਾਸਕ ਸ਼ਾਹਜਹਾਂ ਦੀ 35 ਹਜ਼ਾਰ ਦੇ ਲਗਪਗ ਫ਼ੌਜ ਨੂੰ ਨੇਸਤੋ ਨਾਬੂਦ ਕਰ ਦਿੱਤਾ। ਲਾਹੌਰ ਦੇ ਮੁਗ਼ਲ ਸ਼ਾਸਕ ਦੀ ਦੋ ਘੋੜਿਆਂ ਨੂੰ ਪ੍ਰਾਪਤ ਕਰਨ ਅਤੇ ਉਸ ਨੂੰ ਗੁਰੂ ਹਰਗੋਬਿੰਦ ਜੀ ਦੇ ਕਬਜ਼ੇ ਵਿੱਚੋਂ ਛੁਡਾਉਣ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਨੇ ਮਹਿਰਾਜ ਦੇ ਯੁੱਧ ਨੂੰ ਜਨਮ ਦਿੱਤਾ, ਜੋ ਕਿ ਗੁਰੂ ਹਰਗੋਬਿੰਦ ਦੀ ਮੁਗ਼ਲਾਂ ਨਾਲ ਤੀਜੀ ਲੜਾਈ ਸੀ। ਇਸ ਯੁੱਧ ਵਿਚ 34 ਹਜ਼ਾਰ ਦੇ ਲਗਪਗ ਮੁਗ਼ਲ ਫ਼ੌਜੀ ਮਾਰੇ ਗਏ ਅਤੇ ਮੁਗ਼ਲ ਸ਼ਾਸਕ ਸ਼ਾਹਜਹਾਂ ਘੋੜਿਆਂ ਦੀ ਪ੍ਰਾਪਤੀ ਨਾ ਕਰ ਸਕਿਆ ਅਤੇ ਉਸ ਨੂੰ ਕਰਾਰੀ ਹਾਰ ਦਾ ਮੂੰਹ ਦੇਖਣਾ ਪਿਆ।

## ਯੁੱਧ ਦਾ ਕਾਰਨ ਬਣੇ ਦਿਲਬਾਗ ਤੇ ਗੁਲਬਾਗ ਘੋੜੇ

ਬਠਿੰਡਾ ਜ਼ਿਲ੍ਹੇ ਦਾ ਮਹਿਰਾਜ ਪਿੰਡ ਦੁਨੀਆ ਦੇ ਨਕਸ਼ੇ 'ਤੇ ਇਕ ਵਿਸ਼ੇਸ਼ ਥਾਂ ਇਸ ਕਰਕੇ ਰੱਖਦਾ ਹੈ ਕਿ ਗੁਰੂ ਹਰਗੋਬਿੰਦ ਜੀ ਨੇ ਮੁਗ਼ਲਾਂ ਦੇ ਵਿਰੁੱਧ ਆਪਣਾ ਤੀਜਾ ਯੁੱਧ ਇਸ ਧਰਤੀ 'ਤੇ ਲੜਿਆ ਅਤੇ ਚਾਰ ਹਜ਼ਾਰ ਫ਼ੌਜ ਨਾਲ ਮੁਗ਼ਲਾਂ ਦੀ 35 ਹਜ਼ਾਰ ਫ਼ੌਜ ਨੂੰ ਕਰਾਰੀ ਹਾਰ ਦਿੱਤੀ। ਮਹਿਰਾਜ ਦਾ ਯੁੱਧ ਇਸ ਕਰਕੇ ਵੀ ਦੁਨੀਆ ਵਿਚ ਇਕ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਦਾ ਮੁੱਖ ਕਾਰਨ ਦੋ ਬਹੁਤ ਸੋਹਣੇ ਅਤੇ ਫੁਰਤੀਲੇ ਘੋੜਿਆਂ, ਜਿਨ੍ਹਾਂ ਦਾ ਨਾਂ ਦਿਲਬਾਗ ਤੇ ਗੁਲਬਾਗ ਸੀ, ਦੀ ਪ੍ਰਾਪਤੀ ਲਈ ਸ਼ਾਹਜਹਾਂ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਸੀ। ਇਹ ਯੁੱਧ ਇਸ ਕਰਕੇ ਵੀ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਵਿਚ 12 ਸੌ ਸਿੰਘ ਜਿਨ੍ਹਾਂ ਵਿਚ ਭਾਈ ਜੇਠਾ ਜੀ, ਜਿਸ ਨੂੰ ਗੁਰੂ ਜੀ ਦਾ ਸ਼ੇਰ ਵੀ ਕਿਹਾ ਜਾਂਦਾ ਸੀ, ਸ਼ਹੀਦ ਹੋਏ, ਜਦਕਿ ਮੁਗ਼ਲਾਂ ਦੇ 34 ਹਜ਼ਾਰ ਸੈਨਿਕਾਂ ਨੂੰ ਮੌਤ ਦਾ ਸਾਹਮਣਾ ਕਰਨਾ ਪਿਆ।

## ਗੁਰੂ ਦਾ ਉਪਾਸ਼ਕ ਸੇਠ ਕਰੋੜੀ ਮੱਲ

ਮਾਲਵੇ ਦੇ ਸਭ ਤੋਂ ਵੱਡੇ ਪਿੰਡ ਮਹਿਰਾਜ ਵਿਚ ਕਿਸੇ ਵੇਲੇ 9 ਪੰਚਾਇਤਾਂ ਸਨ ਅਤੇ ਇਹ 9 ਪੱਤੀਆਂ 'ਚ ਵੰਡਿਆ ਹੋਇਆ ਸੀ। ਹੁਣ ਇਸ ਦਾ ਕੰਮਕਾਜ ਨਗਰ ਪੰਚਾਇਤ ਚਲਾ ਰਹੀ ਹੈ। ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਇਹ ਪੁਰਖਿਆਂ ਦਾ ਪਿੰਡ ਹੈ ਉਸ ਦੇ ਪੁਰਖੇ ਜੈਸਲਮੇਰ ਤੇ ਬੀਕਾਨੇਰ ਤੋਂ ਆ ਕੇ ਇੱਥੇ ਕਈ ਸੌ ਸਾਲ ਪਹਿਲਾਂ ਆ ਕੇ ਵਸੇ ਸਨ। ਇਤਿਹਾਸਕ ਤੱਥਾਂ ਤੋਂ ਪ੍ਰਾਪਤ ਕੀਤੀ ਜਾਣਕਾਰੀ ਮੁਤਾਬਕ ਕਾਬਲ ਇਲਾਕੇ ਦਾ ਇਕ ਮਸ਼ਹੂਰ ਵਪਾਰੀ ਸੇਠ ਕਰੋੜੀ ਮੱਲ, ਜੋ ਕਿ ਗੁਰੂ ਹਰਗੋਬਿੰਦ ਦਾ ਉਪਾਸ਼ਕ ਸੀ ਦੋ ਘੋੜਿਆਂ ਨੂੰ ਲੈ ਕੇ ਗੁਰੂ ਸਾਹਿਬ ਦੇ ਦਰਸ਼ਨਾਂ ਲਈ ਪੰਜਾਬ ਵੱਲ ਤੁਰ ਪਿਆ। ਰਸਤੇ ਵਿਚ ਇਨ੍ਹਾਂ ਦਰਿਆਈ ਘੋੜਿਆਂ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੁੰਦੀ ਰਹੀ ਅਤੇ ਕਈ ਵਪਾਰੀਆਂ ਨੇ ਜਾਂ ਅਮੀਰ ਬੰਦਿਆਂ ਨੇ ਸੇਠ ਕਰੋੜੀ ਮੱਲ ਤੋਂ ਇਨ੍ਹਾਂ ਘੋੜਿਆਂ ਨੂੰ ਖ਼ਰੀਦਣ ਦੀ ਕੋਸ਼ਿਸ਼ ਵੀ ਕੀਤੀ ਪਰ ਸੇਠ ਕਰੋੜੀ ਮੱਲ ਨੇ ਹਰੇਕ ਖ਼ਰੀਦਦਾਰ ਨੂੰ ਇਹ ਕਹਿ ਕੇ ਚੁੱਪ ਕਰਵਾ ਦਿੱਤਾ ਕਿ ਇਹ ਦੋਵੇਂ ਘੋੜੇ ਤਾਂ ਗੁਰੂ ਸਾਹਿਬ ਦੇ ਹਨ।

## ਬਿਧੀ ਚੰਦ ਨੂੰ ਸੌਂਪੀ ਡਿਊਟੀ

ਜਦ ਇਨ੍ਹਾਂ ਘੋੜਿਆਂ ਦੀ ਜਾਣਕਾਰੀ ਲਾਹੌਰ ਦੇ ਉਸ ਵੇਲੇ ਦੇ ਸੂਬੇਦਾਰ ਕਾਸਮ ਬੇਗ ਨੂੰ ਮਿਲੀ ਤਾਂ ਉਸ ਨੇ ਸੇਠ ਕਰੋੜੀ ਮੱਲ ਤੋਂ ਮੱਲੋ ਮੱਲੀ ਉਹ ਘੋੜੇ ਲੈ ਲਏ ਅਤੇ ਉਸ ਨੂੰ 2 ਲੱਖ 5 ਹਜ਼ਾਰ ਰੁਪਏ ਦੀ ਹੁੰਡੀ ਸ਼ਾਹੀ ਦਰਬਾਰ ਵਿਚ ਬੁਲਾ ਕੇ ਦੇ ਦਿੱਤੀ। ਇਨ੍ਹਾਂ ਘੋੜਿਆਂ ਦੀ ਜਾਣਕਾਰੀ ਕਾਸਮ ਬੇਗ ਨੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਨੂੰ ਵੀ ਦੇ ਦਿੱਤੀ।

ਉਦਾਸ ਮਨ ਨਾਲ ਅਤੇ ਭਰੀਆਂ ਅੱਖਾਂ ਨਾਲ ਜਦ ਸੇਠ ਕਰੋੜੀ ਮੱਲ ਨੇ ਗੁਰੂ ਹਰਗੋਬਿੰਦ ਦੇ ਸਾਹਮਣੇ ਪੇਸ਼ ਹੋ ਕੇ ਸਾਰੀ ਕਹਾਣੀ ਗੁਰੂਸਰ ਸੁਧਾਰ ਵਿਖੇ ਦੱਸੀ ਤਾਂ ਗੁਰੂ ਜੀ ਨੇ ਉਸ ਨੂੰ ਕਿਹਾ ਕਿ ਤੂੰ ਕਿਸੇ ਗੱਲ ਦੀ ਵੀ ਚਿੰਤਾ ਨਾ ਕਰ, ਤੇਰੇ ਘੋੜੇ ਗੁਰੂ ਘਰ ਵਿਚ ਪ੍ਰਵਾਨ ਹੋ ਚੁੱਕੇ ਹਨ ਅਤੇ ਆਪਣੇ ਆਪ ਗੁਰੂ ਘਰ ਵਿਚ ਆ ਜਾਣਗੇ। ਉਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਇਕ ਹੋਰ ਸਿੱਖ ਭਾਈ ਬਿਧੀ ਚੰਦ ਦੀ ਜ਼ਿੰਮੇਵਾਰੀ ਲਗਾ ਦਿੱਤੀ ਕਿ ਲਾਹੌਰ ਦਰਬਾਰ ਵਿੱਚੋਂ ਦੋਵੇਂ ਘੋੜੇ ਲੈ ਕੇ ਆਵੇ।

## ਬਿਧੀ ਚੰਦ ਦੀ ਸਕੀਮ

ਗੁਰੂ ਦੇ ਹੁਕਮ ਮਿਲਦੇ ਹੀ ਭਾਈ ਬਿਧੀ ਚੰਦ ਲਾਹੌਰ ਵੱਲ ਕੂਚ ਕਰ ਗਿਆ ਅਤੇ ਕੁਝ ਦਿਨਾਂ ਦੇ ਅੰਦਰ-ਅੰਦਰ ਹੀ ਉਹ ਘਸੇਰਾ ਬਣ ਕੇ ਘਾਹ ਲਿਆ ਕੇ ਵੇਚਣ ਲੱਗ ਪਿਆ ਅਤੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ, ਜਿੱਥੇ ਦੋਵੇਂ ਘੋੜੇ ਰੱਖੇ ਹੋਏ ਸਨ, ਆਉਣਾ ਜਾਣਾ ਸ਼ੁਰੂ ਕਰ ਦਿੱਤਾ ਅਤੇ ਉਥੋਂ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨਾਲ ਵਿਸ਼ਵਾਸ ਪੈਦਾ ਕਰ ਲਿਆ।

ਕੁਝ ਦਿਨਾਂ ਬਾਅਦ ਈਦ ਵਾਲੇ ਦਿਨ ਭਾਈ ਬਿਧੀ ਚੰਦ ਨੇ ਸ਼ਾਹੀ ਦਰਬਾਰ ਦੇ ਤਬੇਲੇ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨੂੰ ਕਿਸੇ ਨਸ਼ੇ ਵਾਲੀ ਚੀਜ਼ ਦਾ ਸੇਵਨ ਕਰਵਾ ਕੇ ਮਦਹੋਸ਼ ਕਰ ਦਿੱਤਾ ਅਤੇ ਰਾਤ ਨੂੰ ਗੁਲਬਾਗ ਘੋੜਾ ਲੈ ਕੇ ਉੱਥੋਂ ਚੱਲ ਪਿਆ ਅਤੇ ਮਾਲਵੇ ਦੇ ਭਾਈਰੂਪੇ ਪਿੰਡ ਵਿਚ ਗੁਰੂ ਸਾਹਿਬ ਦੇ ਹਵਾਲੇ ਕਰ ਦਿੱਤਾ।

ਉਸ ਤੋਂ ਬਾਅਦ ਦੂਜਾ ਘੋੜਾ ਲੈ ਕੇ ਆਉਣ ਲਈ ਭਾਈ ਬਿਧੀ ਚੰਦ ਨੇ ਜੋਤਸ਼ੀ ਜਾਂ ਨਜ਼ੂਮੀ ਦਾ ਰੂਪ ਧਾਰਨ ਕਰ ਕੇ ਇਕ ਵਾਰ ਫਿਰ ਲਾਹੌਰ ਦੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ ਆਪਣਾ ਆਉਣਾ ਜਾਣਾ ਸ਼ੁਰੂ ਕਰ ਦਿੱਤਾ। ਕੁਝ ਦਿਨਾਂ ਵਿਚ ਹੀ ਦਿਲਬਾਗ ਘੋੜਾ ਗੁਰੂ ਹਰਗੋਬਿੰਦ ਦੇ ਚਰਨਾਂ ਵਿਚ ਪਿੰਡ ਕਾਂਗੜ ਵਿਖੇ ਹਾਜ਼ਰ ਕਰ ਦਿੱਤਾ। ਗੁਰੂ ਜੀ ਕੋਲ ਜਦ ਇਹ ਦੋਵੇਂ ਘੋੜੇ ਪਹੁੰਚ ਗਏ ਤਾਂ ਉਨ੍ਹਾਂ ਨੇ ਦਿਲਬਾਗ ਦਾ ਨਾਂ ਜਾਨ ਭਾਈ ਰੱਖਿਆ ਅਤੇ ਗੁਲਬਾਗ ਦਾ ਨਾਂ ਸੁਹੇਲਾ ਰੱਖਿਆ।

## ਦੂਜੇ ਘੋੜੇ ਲਈ ਤਿਆਰੀ

ਜਦ ਭਾਈ ਬਿਧੀ ਚੰਦ ਦੂਸਰਾ ਘੋੜਾ ਲਾਹੌਰ ਦੇ ਸ਼ਾਹੀ ਦਰਬਾਰ ਵਿੱਚੋਂ ਲੈ ਕੇ ਆ ਰਿਹਾ ਸੀ ਤਾਂ ਉਸ ਨੇ ਸ਼ਾਹੀ ਦਰਬਾਰ ਦੇ ਪਹਿਰੇਦਾਰਾਂ, ਸੈਨਿਕਾਂ ਤੇ ਹੋਰ ਉੱਚ ਕੋਟੀ ਦੇ ਕਰਮਚਾਰੀਆਂ ਨੂੰ ਦੱਸ ਦਿੱਤਾ ਕਿ ਇਹ ਘੋੜੇ ਗੁਰੂ ਜੀ ਦੇ ਸਨ ਅਤੇ ਉਹ ਇਹ ਘੋੜੇ ਗੁਰੂ ਜੀ ਕੋਲ ਮਾਲਵੇ ਦੀ ਧਰਤੀ 'ਤੇ ਲੈ ਕੇ ਚੱਲਿਆ ਹੈ। ਉਸ ਨੇ ਇਹ ਵੀ ਐਲਾਨ ਕਰ ਦਿੱਤਾ ਕਿ ਉਹ ਗੁਰੂ ਦਾ ਸਿੰਘ ਬਿਧੀ ਚੰਦ ਹੈ ਜੇ ਕਿਸੇ ਵਿਚ ਤਾਕਤ ਹੈ ਤਾਂ ਉਸ ਦਾ ਪਿੱਛਾ ਕਰ ਕੇ ਦੇਖ ਲਵੇ। ਜਦ ਭਾਈ ਬਿਧੀ ਚੰਦ ਨੇ ਗੁਰੂ ਜੀ ਨੂੰ ਇਹ ਸਾਰੀ ਕਹਾਣੀ ਦੱਸੀ ਤਾਂ ਗੁਰੂ ਜੀ ਨੇ ਉਨ੍ਹਾਂ ਕੋਲ ਬੈਠੇ ਭਾਈ ਰਾਏ ਜੋਧ ਨੂੰ ਕਿਹਾ ਕਿ ਮੁਗ਼ਲ ਫ਼ੌਜ ਯੁੱਧ ਕਰਨ ਪਿੱਛੇ ਅਵੱਸ਼ ਆਵੇਗੀ ਇਸ ਕਰਕੇ ਕੋਈ ਇਸ ਤਰ੍ਹਾਂ ਦੀ ਜਗ੍ਹਾ ਦੱਸੀ ਜਾਵੇ, ਜਿੱਥੇ ਯੁੱਧ ਲੜ ਕੇ ਮੁਗ਼ਲ ਫ਼ੌਜ 'ਤੇ ਫ਼ਤਹਿ ਪ੍ਰਾਪਤ ਕੀਤੀ ਜਾ ਸਕੇ।

> ### ਸਿਧਾਂਤਾਂ ਤੇ ਚਿੰਨ੍ਹਾਂ ਦੀ ਉਤਪਤੀ
>
> ਇਨ੍ਹਾਂ ਯੁੱਧਾਂ ਵਿੱਚੋਂ ਹੀ ਹਿੰਦੂ ਸਿੱਖ ਅਤੇ ਹੋਰ ਧਰਮਾਂ ਦੇ ਕਈ ਸਿਧਾਂਤ ਅਤੇ ਚਿੰਨ੍ਹ ਪੈਦਾ ਹੋਏ। ਜਿਸ ਤਰ੍ਹਾਂ ਮਹਾਭਾਰਤ ਦੇ ਯੁੱਧ ਵਿਚ ਭਗਵਾਨ ਕ੍ਰਿਸ਼ਨ ਨੇ ਅਰਜੁਨ ਨੂੰ ਉਪਦੇਸ਼ ਦਿੱਤਾ ਸੀ ਕਿ ਲੜਾਈ ਦੇ ਮੈਦਾਨ ਵਿਚ ਕੋਈ ਵੀ ਰਿਸ਼ਤੇਦਾਰ ਜਾਂ ਸਕਾ ਸੰਬੰਧੀ ਨਹੀਂ ਹੁੰਦਾ ਅਤੇ ਸਾਰੇ ਬਰਾਬਰ ਹੁੰਦੇ ਹਨ, ਉਸੇ ਤਰ੍ਹਾਂ ਹੀ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਨੇ ਮਹਿਰਾਜ ਵਿਚ ਹੋਈ ਮੁਗ਼ਲਾਂ ਦੀ ਲੜਾਈ ਜਿੱਤ ਕੇ ਸਿੱਖ ਸ਼ਰਧਾਲੂਆਂ ਨੂੰ ਇਹ ਸੰਦੇਸ਼ ਦਿੱਤਾ ਕਿ ਮੌਤ ਪਿੱਛੋਂ ਕੋਈ ਵੀ ਦੁਸ਼ਮਣ ਨਹੀਂ ਰਹਿ ਜਾਂਦਾ ਅਤੇ ਇਸ ਕਰਕੇ ਹਰੇਕ ਦੁਸ਼ਮਣ ਦੀ ਮੌਤ ਤੋਂ ਬਾਅਦ ਉਸ ਦਾ ਅੰਤਿਮ ਸੰਸਕਾਰ ਉਸ ਦੇ ਧਰਮ ਦੇ ਰੀਤੀ ਰਿਵਾਜਾਂ ਅਨੁਸਾਰ ਕੀਤਾ ਜਾਵੇ।

## ਯੁੱਧ ਦੀ ਤਿਆਰੀ

ਰਾਏ ਜੋਧ ਦੇ ਕਹਿਣ 'ਤੇ ਗੁਰੂ ਜੀ ਨੇ ਮਹਿਰਾਜ ਵਿਖੇ ਆਪਣੇ ਤੰਬੂ ਗੱਡ ਲਏ ਕਿਉਂਕਿ ਇਸ ਦੇ ਲਾਗੇ ਹੀ ਪਾਣੀ ਦੀ ਢਾਬ ਸੀ ਜਿਸ ਨੂੰ ਕਾਲੂ ਨਾਥ ਦੀ ਰੰਗਾ ਵੀ ਕਹਿੰਦੇ ਸਨ, ਇਹ ਇਲਾਕਾ ਯੁੱਧ ਨੀਤੀ ਦੇ ਪੱਖੋਂ ਪਰਪੱਕ ਸੀ। ਇਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਸਿੰਘ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਅਤੇ ਥੋੜ੍ਹੇ ਸਮੇਂ ਵਿਚ ਹੀ ਗੁਰੂ ਜੀ ਕੋਲ ਰਾਏ ਜੋਧ, ਸਲੇਮ ਸ਼ਾਹ, ਭਾਈ ਜੇਠਾ, ਭਾਈ ਮੰਝ, ਭਾਈ ਮਿੱਠੂ, ਭਾਈ ਭੋਮਾ, ਭਾਈ ਕਟਾਰਾ, ਭਾਈ ਭਾਗੂ, ਭਾਈ ਭਾਗਾ, ਭਾਈ ਬਿਧੀ ਚੰਦ ਅਤੇ ਭਾਈ ਜੈਤਾ ਆਪਣੀ ਸਿੱਖ ਫ਼ੌਜ ਸਮੇਤ ਹਾਜ਼ਰ ਹੋ ਗਏ। ਇਸ ਇਲਾਕੇ ਦੇ ਬਸ਼ਿੰਦਿਆਂ ਨੇ ਗੁਰੂ ਜੀ ਦੀ ਅਤੇ ਸਿੰਘਾਂ ਦੀ ਫ਼ੌਜ ਰਸਦ ਦਾ ਇੰਤਜ਼ਾਮ ਬਹੁਤ ਵੱਡੀ ਤਾਦਾਦ ਵਿਚ ਕਰ ਦਿੱਤਾ।

ਮੁਗ਼ਲ ਅਤੇ ਤੁਰਕ ਫ਼ੌਜਾਂ ਦੇ ਲਗਪਗ 35 ਹਜ਼ਾਰ ਸਿਪਾਹੀ ਚੋਣਵੇਂ ਜਰਨੈਲਾਂ, ਜਿਨ੍ਹਾਂ ਵਿਚ ਲਾਲ ਬੇਗ, ਉਸ ਦਾ ਭਰਾ ਕਮਰ ਬੇਗ, ਕਾਬਲੀ ਬੇਗ, ਇਸਮਾਈਲ ਖ਼ਾਨ, ਨਾਹਰ ਖ਼ਾਨ, ਜ਼ਾਲਮ ਖ਼ਾਨ ਅਤੇ ਸ਼ਮਸ਼ ਬੇਗ ਦੀ ਕਮਾਨ ਹੇਠ ਮਹਿਰਾਜ ਦੇ ਲਾਗੇ ਪਹੁੰਚ ਗਏ ਅਤੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਦੇ ਹੁਕਮ 'ਤੇ ਗੁਰੂ ਹਰਗੋਬਿੰਦ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੜਾਈ ਦੇ ਮੈਦਾਨ ਵਿਚ ਮਾਰਨ ਲਈ ਤਿਆਰੀ ਕਰਨ ਲੱਗ ਪਏ।

ਮੁਗ਼ਲ ਫ਼ੌਜਾਂ ਬਹੁਤ ਵੱਡੀ ਗਿਣਤੀ ਵਿਚ ਗੁਰੂ ਜੀ 'ਤੇ ਹਮਲਾ ਕਰਨ ਲਈ ਮਹਿਰਾਜ ਵਿਖੇ ਲਾਹੌਰ ਤੋਂ ਚੱਲ ਕੇ ਹਰੀਕੇ ਪੱਤਣ ਸਤਲੁਜ ਦਰਿਆ ਪਾਰ ਕਰ ਕੇ ਪਹੁੰਚ ਗਈਆਂ। ਜਦ ਮੁਗ਼ਲ ਫ਼ੌਜਾਂ ਕੌੜੀਆਂ ਦੀ ਮਾੜੀ ਲਾਗੇ ਪਾਣੀ ਦੀ ਭਾਲ ਵਿਚ ਰਾਤ ਦੇ ਸਮੇਂ ਪਹੁੰਚੀਆਂ ਤਾਂ ਗੁਰੂ ਹਰਗੋਬਿੰਦ ਦੇ ਸਿੰਘ ਜੋ ਪੂਰੀ ਵਿਉਂਤਬੰਦੀ ਕਰ ਕੇ ਛੋਟੇ-ਛੋਟੇ ਜੱਥਿਆਂ ਦੇ ਰੂਪ ਵਿਚ ਉਸ ਇਲਾਕੇ ਵਿਚ ਪੂਰੀ ਤਿਆਰੀ ਨਾਲ ਬੈਠੇ ਸਨ ਅਤੇ ਇਸ ਮੌਕੇ ਦੀ ਤਲਾਸ਼ ਵਿਚ ਸਨ, ਇਕਦਮ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਥੋੜ੍ਹੇ ਸਮੇਂ ਵਿਚ ਹੀ ਬਹੁਤ ਵੱਡੀ ਗਿਣਤੀ ਵਿਚ ਮੁਗ਼ਲ ਫ਼ੌਜਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਹਜ਼ਾਰਾਂ ਮੁਗ਼ਲ ਫ਼ੌਜੀਆਂ ਦੀ ਮੌਤ ਦੇ ਪਿੱਛੋਂ ਇਨ੍ਹਾਂ ਦੇ ਜਰਨੈਲ ਲਾਲ ਬੇਗ ਨੇ ਆਪਣੇ ਭਰਾ ਕਮਰ ਬੇਗ ਨੂੰ 7 ਹਜ਼ਾਰ ਫ਼ੌਜੀਆਂ ਨਾਲ ਸਿੰਘਾਂ ਦਾ ਮੁਕਾਬਲਾ ਕਰਨ ਲਈ ਕਹਿ ਦਿੱਤਾ ਅਤੇ ਆਪ ਹੋਰ ਫ਼ੌਜੀ ਅਫ਼ਸਰਾਂ ਦੇ ਲਈ ਤੰਬੂ, ਰਸਦ ਅਤੇ ਹੋਰ ਇੰਤਜ਼ਾਮਾਂ ਵਿਚ ਰੁੱਝ ਗਿਆ ਪਰ ਸਿੰਘਾਂ ਦੀ ਦੇਗ ਚਲਾਉਣ ਦੀ ਗਤੀ ਨੂੰ ਵੇਖ ਕੇ ਮੁਗ਼ਲ ਫ਼ੌਜੀ ਅਫ਼ਸਰ ਭੈਭੀਤ ਹੋ ਗਏ ਅਤੇ ਯੁੱਧ ਦੇ ਮੈਦਾਨ ਵਿੱਚੋਂ ਦੂਰ ਜਾ ਕੇ ਅੱਗ ਸੇਕ ਕੇ ਠੰਢ ਨੂੰ ਦੂਰ ਕਰਨ ਲੱਗ ਪਏ।

## ਮੁਗ਼ਲ ਫ਼ੌਜ ਦੇ ਛੱਕੇ ਛੁਡਾਏ

ਗੁਰੂ ਦੇ ਸਿੰਘ ਯੋਧੇ ਜਿਨ੍ਹਾਂ ਵਿਚ ਰਾਏ ਜੋਧ ਅਤੇ ਸਲੇਮ ਸ਼ਾਹ ਆਪਣੀ ਪੰਜ-ਪੰਜ ਸੌ ਫ਼ੌਜੀਆਂ ਦੀ ਟੁਕੜੀ ਨਾਲ ਲੜਾਈ ਲੜ ਰਹੇ ਸਨ, ਨੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾ ਦਿੱਤੇ ਅਤੇ ਕੁਝ ਘੰਟਿਆਂ ਵਿਚ ਹੀ ਲੜਾਈ ਦਾ ਮੈਦਾਨ ਮੁਗ਼ਲ ਫ਼ੌਜਾਂ ਦੇ ਸਿਪਾਹੀਆਂ ਦੇ ਅਤੇ ਉਨ੍ਹਾਂ ਦੇ ਘੋੜਿਆਂ ਦੇ ਕੱਟੇ ਹੋਏ ਅੰਗਾਂ ਨਾਲ ਭਰ ਗਿਆ। ਮੁਗ਼ਲ ਫ਼ੌਜੀ ਹਨੇਰੀ ਤੇ ਠੰਢੀ ਰਾਤ ਨੂੰ ਲੜਾਈ ਦੇ ਮੈਦਾਨ 'ਚ ਤਾਸ਼ ਦੇ ਪੱਤਿਆਂ ਵਾਂਗ ਧਰਤੀ 'ਤੇ ਡਿੱਗ ਰਹੇ ਸਨ। ਇਸ ਤਰ੍ਹਾਂ ਸਿੰਘ ਯੋਧਿਆਂ ਨੇ 7 ਹਜ਼ਾਰ ਮੁਗ਼ਲ ਫ਼ੌਜਾਂ ਦੀ ਟੁਕੜੀ ਨੂੰ ਲੜਾਈ ਦੇ ਮੈਦਾਨ ਵਿੱਚੋਂ ਸਾਫ਼ ਕਰ ਦਿੱਤਾ।

ਦੂਸਰੇ ਦਿਨ ਫਿਰ ਲਾਲ ਬੇਗ, ਕਮਰ ਬੇਗ ਅਤੇ ਕੁਝ ਚੋਣਵੇਂ ਜਰਨੈਲ ਸਵੇਰੇ ਹੀ 8000 ਫ਼ੌਜੀਆਂ ਦੀ ਟੁਕੜੀ ਲੈ ਕੇ ਯੁੱਧ ਦੇ ਮੈਦਾਨ ਵਿਚ ਕੁੱਦ ਪਏ। ਸਿੰਘ ਯੋਧੇ, ਜਿਨ੍ਹਾਂ ਦਾ ਹੌਸਲਾ ਚੜ੍ਹਦੀਕਲਾ ਵਿਚ ਸੀ ਬਗ਼ੈਰ ਕਿਸੇ ਸਮੇਂ ਦੀ ਬਰਬਾਦੀ ਤੋਂ ਫਿਰ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਕੁੱਝ ਹੀ ਘੰਟਿਆਂ ਵਿਚ 8000 ਫ਼ੌਜੀਆਂ ਨੂੰ ਵੀ ਜੀਵਨ ਮੁਕਤੀ ਦੇ ਦਿੱਤੀ।



ਪਵਿੱਤਰ ਬੇਰੀ, ਜਿੱਥੇ ਗੁਰੂ ਸਾਹਿਬ ਨੇ ਆਪਣਾ ਘੋੜਾ ਬੰਨ੍ਹਿਆ ਸੀ।

## ਕਰੋ ਜਾਂ ਮਰੋ ਦੀ ਰਣਨੀਤੀ

8000 ਮੁਗ਼ਲ ਫ਼ੌਜੀਆਂ ਦੇ ਮਾਰੇ ਜਾਣ ਪਿੱਛੋਂ ਲਾਲ ਬੇਗ ਨੇ ਆਪਣੇ ਭਾਣਜੇ ਕਾਬਲੀ ਬੇਗ ਨਾਲ ਸਲਾਹ ਕੀਤੀ ਕਿ ਹੁਣ ਗੁਰੂ ਹਰਗੋਬਿੰਦ ਤੇ ਉਸ ਦੀਆਂ ਫ਼ੌਜਾਂ 'ਤੇ ਅਗਲੇ ਦਿਨ ਹਮਲਾ ਕਰੋ ਜਾਂ ਮਰੋ ਦੀ ਰਣਨੀਤੀ ਨਾਲ ਕੀਤਾ ਜਾਵੇਗਾ ਤਾਂ ਕਿ ਗੁਰੂ ਹਰਗੋਬਿੰਦ ਉੱਤੇ ਇਸ ਯੁੱਧ ਵਿਚ ਜਿੱਤ ਪ੍ਰਾਪਤ ਕੀਤੀ ਜਾ ਸਕੇ। ਪਰ ਲਾਲ ਬੇਗ ਦੇ ਦੋ ਪੁੱਤਰ ਕਾਸਮ ਬੇਗ ਅਤੇ ਸ਼ਮਸ਼ ਬੇਗ, ਜਿਹੜੇ ਬਹੁਤ ਗੁੱਸੇ ਵਿਚ ਸਨ, ਆਪਣੇ ਪਿਤਾ ਦੀ ਗੱਲ ਨਾ ਮੰਨਦੇ ਹੋਏ ਇਸ ਗੱਲ 'ਤੇ ਬਾਜ਼ਿੱਦ ਹੋ ਗਏ ਕਿ ਗੁਰੂ ਦੇ ਸਿੰਘਾਂ 'ਤੇ ਹਮਲਾ ਅੱਜ ਰਾਤ ਨੂੰ ਹੀ ਕਈ ਹਜ਼ਾਰ ਫ਼ੌਜ ਦੀ ਟੁਕੜੀ ਲੈ ਕੇ ਕੀਤਾ ਜਾਵੇਗਾ।

ਇਸ ਹਮਲੇ ਦਾ ਮੂੰਹ ਤੋੜ ਜਵਾਬ ਦੇਣ ਲਈ ਇਕ ਹਜ਼ਾਰ ਸਿੰਘ ਯੋਧਿਆਂ ਦਾ ਇਕ ਜਥਾ ਭਾਈ ਬਿਧੀ ਚੰਦ ਦੀ ਅਗਵਾਈ ਹੇਠ ਲੜਾਈ ਦੇ ਮੈਦਾਨ ਵਿਚ ਆ ਗਿਆ ਅਤੇ ਉਨ੍ਹਾਂ ਨੇ ਇਸ ਤਰ੍ਹਾਂ ਤੇਗ਼ ਵਾਹੀ ਕਿ ਦਿਨ ਚੜ੍ਹਦੇ ਨੂੰ ਮੁਗ਼ਲ ਫ਼ੌਜਾਂ ਵਿਚ ਭਾਜੜ ਪਾ ਦਿੱਤੀ ਅਤੇ ਲਾਸ਼ਾਂ ਦੇ ਢੇਰ ਵਿਛਾ ਦਿੱਤੇ। ਅਸਮਾਨ ਵਿਚ ਗਿਰਜਾਂ ਮੰਡਰਾਉਣ ਲੱਗ ਪਈਆਂ ਅਤੇ ਧਰਤੀ ਦਾ ਰੰਗ ਲਾਲ ਕਰ ਦਿੱਤਾ।

> ### ਯੁੱਧਾਂ ਦੀ ਧਰਤ ਪੰਜਾਬ
>
> ਅਣਵੰਡੇ ਪੰਜਾਬ ਦੇ ਕੋਨੇ-ਕੋਨੇ ਵਿਚ ਪੁਰਾਤਨ ਕਾਲ ਤੋਂ ਲੈ ਕੇ ਆਧੁਨਿਕ ਕਾਲ ਤਕ ਕਈ ਧਰਮ, ਕਈ ਸਮਾਜ ਅਤੇ ਕਈ ਸਮਾਜ ਸੁਧਾਰਕ ਲਹਿਰਾਂ ਦਾ ਜਨਮ ਹੋਇਆ ਅਤੇ ਵੱਖਰੇ-ਵੱਖਰੇ ਧਰਮਾਂ ਦੇ ਲੋਕਾਂ ਵਿਚ ਆਪਣੇ ਧਰਮ ਨੂੰ ਬਚਾਉਣ ਲਈ ਜਾਂ ਆਪਣੇ ਸਮਾਜ ਦੀਆਂ ਕਦਰਾਂ ਕੀਮਤਾਂ ਨੂੰ ਬਚਾਉਣ ਲਈ ਬਹੁਤ ਵੱਡੇ ਯੁੱਧ ਹੋਏ ਹਨ। ਜੇ ਅਣਵੰਡੇ ਪੰਜਾਬ ਦੀ ਕੁਰੂਕਸ਼ੇਤਰ ਦੀ ਧਰਤੀ ਵਿਖੇ ਮਹਾਭਾਰਤ ਦਾ ਮਹਾਂਯੁੱਧ ਹੋਇਆ ਹੈ ਤਾਂ ਪੰਜਾਬ ਦੀ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਵਿਖੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਅਖ਼ੀਰਲੇ ਯੁੱਧ ਵਿਚ ਮੁਗ਼ਲਾਂ ਦੇ ਦੰਦ ਖੱਟੇ ਕੀਤੇ। ਅਣਵੰਡੇ ਪੰਜਾਬ ਵਿਚ ਸਿੱਖ ਗੁਰੂਆਂ ਅਤੇ ਪਹਾੜੀ ਹਿੰਦੂ ਰਾਜਿਆਂ ਦਾ ਯੁੱਧ, ਸਿੱਖ ਗੁਰੂਆਂ ਤੇ ਮੁਗ਼ਲਾਂ ਦਾ ਯੁੱਧ, ਸਿੱਖ ਰਾਜਿਆਂ ਦਾ ਮੁਗ਼ਲਾਂ ਨਾਲ ਯੁੱਧ, ਸਿੱਖ ਰਾਜਿਆਂ ਦਾ ਅੰਗਰੇਜ਼ਾਂ ਨਾਲ ਯੁੱਧ ਪੰਜਾਬ ਦੀ ਧਰਤੀ 'ਤੇ ਵੱਖਰੇ-ਵੱਖਰੇ ਥਾਵਾਂ 'ਤੇ ਥੋੜ੍ਹੇ-ਥੋੜ੍ਹੇ ਸਮੇਂ ਪਿੱਛੋਂ ਹੁੰਦਾ ਰਿਹਾ ਅਤੇ ਇਹ ਪੰਜ ਦਰਿਆਵਾਂ ਦੀ ਧਰਤੀ ਲੰਬੇ ਸਮੇਂ ਤਕ ਸੂਹੇ ਰੰਗ ਦੀ ਚਾਦਰ ਵਿਚ ਲਿਪਟੀ ਰਹੀ।

## ਗੁਰੂ ਜੀ ਮੈਦਾਨ 'ਚ ਕੁੱਦੇ

ਲਗਪਗ 25 ਹਜ਼ਾਰ ਮੁਗ਼ਲ ਫ਼ੌਜੀ ਮਰਵਾਉਣ ਪਿੱਛੋਂ ਲਾਲ ਬੇਗ 10 ਹਜ਼ਾਰ ਫ਼ੌਜੀਆਂ ਨਾਲ ਸਿੰਘ ਯੋਧਿਆਂ ਉੱਤੇ ਫਿਰ ਚੜ੍ਹਾਈ ਕਰਨ ਲੱਗ ਪਿਆ। ਇਸ ਦਾ ਜਵਾਬ ਦੇਣ ਲਈ ਰਾਏ ਜੋਧ, ਉਸਦਾ ਭਰਾ ਅਤੇ ਚਾਚਾ ਅੱਗੇ ਆਏ ਅਤੇ ਮੁਕਾਬਲਾ ਕੀਤਾ। ਗੁਰੂ ਜੀ ਖ਼ੁਦ ਸੁਹੇਲੇ ਤੇ ਸਵਾਰ ਹੋ ਕੇ ਮੈਦਾਨ ਵਿਚ ਕੁੱਦ ਪਏ ਅਤੇ ਆਪਣੇ ਸੂਹੀਏ ਤੋਂ ਸਾਰੀ ਜਾਣਕਾਰੀ ਲੈ ਕੇ ਸਭ ਤੋਂ ਪਹਿਲਾ ਤੀਰ ਲਾਲ ਬੇਗ 'ਤੇ ਛੱਡ ਦਿੱਤਾ। ਲਾਲ ਬੇਗ ਦੇ ਸਿਰ ਦਾ ਤਾਜ ਉਡ ਕੇ ਧਰਤੀ 'ਤੇ ਡਿੱਗ ਪਿਆ। ਗੁਰੂ ਜੀ ਵੱਲੋਂ ਕੀਤੀ ਤੀਰਾਂ ਦੀ ਬੁਛਾੜ ਨੇ ਮੁਗ਼ਲਾਂ ਦੇ ਹੋਸ਼ ਉਡਾ ਦਿੱਤੇ ਅਤੇ ਉਨ੍ਹਾਂ ਵਿਚ ਕੰਬਣੀ ਛੇੜ ਦਿੱਤੀ। ਮੁਗ਼ਲ ਫ਼ੌਜਾਂ ਦੇ ਵੱਡੇ-ਵੱਡੇ ਅਧਿਕਾਰੀ, ਜੋ ਆਪਣੇ ਆਪ ਨੂੰ ਮਹਾਨ ਯੋਧਾ ਅਖਵਾਉਂਦੇ ਸਨ, ਢਹਿ ਢੇਰੀ ਹੋਣ ਲੱਗ ਪਏ।

ਭਾਵੇਂ ਗੁਰੂ ਜੀ ਇਸ ਯੁੱਧ ਵਿਚ ਜ਼ਖ਼ਮੀ ਹੋ ਗਏ ਪਰ ਉਨ੍ਹਾਂ ਨੇ ਕਾਬਲੀ ਬੇਗ 'ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਟੋਟੇ ਕਰ ਦਿੱਤੇ। ਉਧਰ ਰਾਏ ਜੋਧ ਨੇ ਕਮਰ ਬੇਗ ਦੀ ਸਾਂਗ ਨਾਲ ਛਾਤੀ ਪਾੜ ਕੇ ਉਸ ਦੇ ਦੋ ਟੋਟੇ ਕਰ ਦਿੱਤੇ। ਇਸ ਤੋਂ ਇਲਾਵਾ ਗੁਰੂ ਦੇ ਸਿੰਘ ਭਲਣ ਨੇ ਸ਼ਮਸ਼ ਬੇਗ ਅਤੇ ਰਾਏ ਲਾਲ ਨੇ ਕਾਸਮ ਬੇਗ ਨੂੰ ਬਰਛਿਆਂ ਨਾਲ ਮਾਰ ਦਿੱਤਾ।

ਇਨ੍ਹਾਂ ਮੁਗ਼ਲ ਜਰਨੈਲਾਂ ਦੀ ਮੌਤ ਤੋਂ ਬਾਅਦ ਕੁਝ ਹੋਰ ਮੁਗ਼ਲ ਜਰਨੈਲ ਗੁੱਲ ਖ਼ਾਂ, ਅਸਮਾਈਲ ਖ਼ਾਂ, ਅਬਦਾਲੀ, ਜ਼ਾਲਮ ਖ਼ਾਂ, ਨਾਹਰ ਖ਼ਾਂ ਅਤੇ ਹਬਸ਼ੀ ਜੋ ਬੜੇ ਜ਼ੋਰਾਵਰ ਲੜਾਕੇ ਅਖਵਾਉਂਦੇ ਸਨ, ਨੇ ਲਾਲ ਬੇਗ ਦੀ ਅਗਵਾਈ ਹੇਠਾਂ ਸਿੱਖ ਯੋਧਿਆਂ 'ਤੇ ਫਿਰ ਹਮਲਾ ਬੋਲ ਦਿੱਤਾ।

ਸਿੱਖ ਯੋਧੇ ਜਿਨ੍ਹਾਂ ਵਿਚ ਸਲੇਮ ਸ਼ਾਹ, ਭਾਈ ਬਿਧੀ ਚੰਦ ਚੌਧਰੀ ਚੂਹੜ, ਦੁਲਟ, ਭਾਈ ਜੈਤਾ ਜੋ ਗੁਰੂ ਜੀ ਦਾ ਸ਼ੇਰ ਅਖਵਾਉਂਦਾ ਸੀ, ਭਗਤਾ ਅਤੇ ਨੰਦਾ, ਇਸ ਲੜਾਈ ਵਿਚ ਬੜੀ ਦਲੇਰੀ ਨਾਲ ਦਿਲ ਖੋਲ੍ਹ ਕੇ ਲੜੇ ਅਤੇ ਆਪਣੀ ਜਾਨ ਤਲੀ 'ਤੇ ਧਰਦੇ ਹੋਏ ਇਸ ਤਰ੍ਹਾਂ ਤੇਗਾਂ ਵਾਹੁੰਦੇ ਰਹੇ ਕਿ ਮੁਗ਼ਲ ਫ਼ੌਜਾਂ ਉਨ੍ਹਾਂ ਲਈ ਰਾਹ ਛੱਡਦੀਆਂ ਰਹੀਆਂ।

## ਫ਼ੌਜ ਦੇ ਕੀਤੇ ਦੰਦੇ ਖੱਟੇ

ਭਾਵੇਂ ਗੁਰੂ ਜੀ ਇਸ ਯੁੱਧ ਦੌਰਾਨ ਜ਼ਖ਼ਮੀ ਹੋ ਗਏ ਸਨ ਪਰ ਫਿਰ ਵੀ ਉਨ੍ਹਾਂ ਨੇ ਮੁਗ਼ਲ ਜਰਨੈਲਾਂ ਨੂੰ ਮੂੰਹ ਤੋੜ ਜਵਾਬ ਦੇਣ ਲਈ ਯੁੱਧ ਦੇ ਮੈਦਾਨ ਵਿਚ ਆ ਕੇ ਮੁਗ਼ਲਾਂ ਦੇ ਛੱਕੇ ਛੁਡਾਉਣੇ ਸ਼ੁਰੂ ਕਰ ਦਿੱਤੇ। ਥੋੜ੍ਹੇ ਜਿਹੇ ਹੀ ਚਿਰ ਪਿੱਛੋਂ 18 ਸੇਰ ਦੇ ਖੰਡੇ ਨਾਲ ਗੁਰੂ ਜੀ ਨੇ ਲਾਲ ਬੇਗ ਤੇ ਇਸ ਤਰ੍ਹਾਂ ਦਾ ਵਾਰ ਕੀਤਾ ਕਿ ਉਸ ਦੇ ਦੋ ਫਾੜ੍ਹ ਹੋ ਗਏ। ਦੂਜੇ ਪਾਸੇ ਭੱਲਣ ਸਿੰਘ ਨੇ ਹਬਸ਼ੀ ਮੁਗ਼ਲ ਲੜਾਕੂ ਨੂੰ ਆਪਣੀ ਸਾਂਗ ਨਾਲ ਮਾਰ ਕੇ ਉਸ ਵਿਚ ਹੀ ਪਰੋ ਲਿਆ। ਭਾਈ ਬਿਧੀ ਚੰਦ ਨੇ ਗੁਲਾਬ ਖ਼ਾਂ ਨੂੰ, ਰਾਏ ਲਾਲ ਨੇ ਇਸਮਾਈਲ ਖ਼ਾਂ ਨੂੰ, ਭਾਈ ਜੈਤੇ ਨੇ ਬਹਿਲੋਲ ਅਤੇ ਰਾਏ ਜੋਧ ਨੇ ਕਮਰ ਬੇਗ ਨੂੰ ਮਾਰ ਕੇ ਮੁਗ਼ਲ ਫ਼ੌਜਾਂ ਦੇ ਦੰਦ ਖੱਟੇ ਕਰ ਦਿੱਤੇ। ਇਸ ਲੜਾਈ ਵਿਚ ਭਾਈ ਜੇਠਾ, ਜੋ ਕਿ ਗੁਰੂ ਦਾ ਸ਼ੇਰ ਅਖਵਾਉਂਦਾ ਸੀ, ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਸ਼ਹੀਦੀ ਪ੍ਰਾਪਤ ਕਰ ਗਿਆ।

## ਯੁੱਧ ਦੀ ਸਮਾਪਤੀ

ਗਹਿਗੱਚ ਅਤੇ ਘਮਾਸਾਨ ਯੁੱਧ ਦੀ ਸਮਾਪਤੀ ਪਿੱਛੋਂ ਗੁਰੂ ਜੀ ਨੇ ਆਪਣੇ ਅਤੇ ਪਰਾਏ ਸਾਰੇ ਜ਼ਖ਼ਮੀਆਂ ਦੀ ਮੱਲ੍ਹਮ ਪੱਟੀ ਕਰ ਕੇ ਇਲਾਜ ਕੀਤਾ ਅਤੇ ਸੰਗਤਾਂ ਨੂੰ ਹੁਕਮ ਦਿੱਤਾ ਕਿ ਖੂਹ ਪੁੱਟ ਕੇ ਮਰੇ ਹੋਏ ਫ਼ੌਜੀਆਂ ਨੂੰ ਹਥਿਆਰਾਂ ਸਮੇਤ ਦਫਨਾਉਣ ਦਾ ਕਾਰਜ ਕਰੋ ਅਤੇ ਇਸ ਥਾਂ 'ਤੇ ਆ ਕੇ ਗੁਰੂ ਜੀ ਨੇ ਆਪਣਾ ਘੋੜਾ ਬੇਰੀ ਨਾਲ ਬੰਨ੍ਹਿਆ, ਜੋ ਅੱਜ ਵੀ ਮੌਜੂਦ ਹੈ। ਇਸ ਬੇਰੀ ਦੀ ਵਿਲੱਖਣਤਾ ਇਹ ਹੈ ਕਿ ਇਸ ਬੇਰੀ ਦੀ ਟਾਹਣੀ, ਜਿੱਥੇ ਵੀ ਧਰਤੀ ਨਾਲ ਲੱਗਦੀ ਹੈ, ਉੱਥੇ ਹੀ ਨਵੀਂ ਬੇਰੀ ਫੁੱਟ ਪੈਂਦੀ ਹੈ। ਇਸ ਬੇਰੀ ਦੀ ਸਾਂਭ ਸੰਭਾਲ ਲਈ ਮਾਹਿਰਾਂ ਦੀ ਵੀ ਮਦਦ ਲਈ ਜਾਂਦੀ ਹੈ।

ਮੁਗ਼ਲ ਫ਼ੌਜੀਆਂ ਨੂੰ ਦਫਨਾਉਣ ਤੋਂ ਪਿੱਛੋਂ ਉਸ ਖੂਹ ਨੂੰ ਬੰਦ ਕਰਵਾ ਕੇ ਉਸ ਉੱਪਰ ਇਕ ਉੱਚਾ ਥੜ੍ਹਾ ਬਣਵਾ ਕੇ ਸਾਰੇ ਸ਼ਹੀਦ ਸਿੰਘ ਯੋਧਿਆਂ ਦਾ ਆਪਣੇ ਹੱਥੀਂ ਸੰਸਕਾਰ ਕੀਤਾ। ਅੱਜ ਕਲ੍ਹ ਇੱਥੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੌਜੂਦ ਹਨ। ਇਸ ਗੁਰਦੁਆਰਾ ਸਾਹਿਬ ਵਿਚ ਗੁਰੂ ਹਰਗੋਬਿੰਦ ਦੀ ਜੋਤ ਸਦਾ ਜਗਦੀ ਰਹਿੰਦੀ ਹੈ। ਇਸ ਤੋਂ ਬਾਅਦ ਗੁਰੂ ਜੀ ਕੁਝ ਦਿਨ ਇਸੇ ਧਰਤੀ 'ਤੇ ਬਿਰਾਜਮਾਨ ਰਹੇ ਅਤੇ ਕੁਰੂਕਸ਼ੇਤਰ ਦੀ ਧਰਤੀ ਹੋਣ ਦਾ ਵਰ ਦਿੱਤਾ ਅਤੇ ਗੁਰੂਸਰ ਦਾ ਨਾਮ ਦਿੱਤਾ। ਇਸ ਪਾਕ ਪਵਿੱਤਰ ਜਗ੍ਹਾ ਦੀ ਦੇਖਰੇਖ ਲਈ ਇਕ ਸਿੱਖ ਨੂੰ ਜ਼ਿੰਮੇਵਾਰੀ ਦਿੱਤੀ ਗਈ।

## ਗੁਰੂ ਜੀ ਵੱਲੋਂ ਸਨਮਾਨ

ਲੜਾਈ ਉਪਰੰਤ ਗੁਰੂ ਨੇ ਭਾਈ ਬਿਧੀ ਚੰਦ, ਭਾਈ ਰਾਏ ਜੋਧ ਅਤੇ ਹੋਰ ਸਿੰਘ ਯੋਧਿਆਂ ਨੂੰ ਵਿਸ਼ੇਸ਼ ਸਨਮਾਨ ਨਾਲ ਵੀ ਨਿਵਾਜਿਆ। ਨਾਭਾ ਰਿਆਸਤ ਦੇ ਰਾਜੇ ਮਹਾਰਾਜਾ ਹੀਰਾ ਸਿੰਘ ਨੇ ਇਸ ਪਵਿੱਤਰ ਥਾਂ 'ਤੇ ਜਿੱਥੇ ਗੁਰੂ ਜੀ ਨੇ ਤੰਬੂ ਗੱਡੇ ਸਨ 1871 ਤੋਂ ਲੈ ਕੇ 1911 ਵਿਚ ਗੁਰਦੁਆਰਾ ਸਾਹਿਬ ਦੀ ਉਸਾਰੀ ਕੀਤੀ। 1980 ਵਿਚ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਦੀ ਕਾਰ ਸੇਵਾ ਕਰ ਕੇ ਸੰਭਾਲ ਕੀਤੀ ਗਈ।

ਫੋਟੋਆਂ : **ਯਸ਼ਵੀਰ ਗੋਇਲ**
9780436841

---

**ਅੱਜ ਮੇਲੇ 'ਤੇ ਵਿਸ਼ੇਸ਼**

# ਭਾਈਚਾਰਕ ਏਕਤਾ ਦਾ ਪ੍ਰਤੀਕ ਸ਼੍ਰੀ ਦੁਰਗਾ ਮਾਤਾ ਮੰਦਰ ਮਾਇਸਰਖਾਨਾ

**ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਇਥੇ ਪੂਰੀ ਹੁੰਦੀ ਹੈ। ਇੱਥੇ ਬਣੇ ਮਿੱਟੀ ਦੇ ਟਿੱਲੇ 'ਤੇ ਲੋਕ ਮਿੱਟੀ ਚੜ੍ਹਾਉਂਦੇ ਹਨ...**



*ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ* ***ਸੰਨ 1515 ਈ.*** *ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ...*

• ਵੇਦ ਤਾਇਲ
90412-00402

ਬਠਿੰਡਾ-ਮਾਨਸਾ ਹਾਈਵੇ 'ਤੇ ਪ੍ਰਾਚੀਨ ਸ਼੍ਰੀ ਦੁਰਗਾ ਮੰਦਰ ਮਾਈਸਰਖਾਨਾ ਲੋਕਾਂ ਦੀ ਸ਼ਰਧਾ ਦਾ ਕੇਂਦਰ ਹੈ। ਇਸ ਮੰਦਰ ਦੀ ਦੇਖ ਰੇਖ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤੀ ਜਾ ਰਹੀ ਹੈ। ਜਿਸ ਵਿਚ ਮੇਲੇ ਦੌਰਾਨ 5 ਲੱਖ ਤੋਂ ਵਧੇਰੇ ਸ਼ਰਧਾਲੂ ਨਤਮਸਤਕ ਹੁੰਦੇ ਹਨ। ਜਿਸ ਤਰ੍ਹਾਂ ਹਿਮਾਚਲ ਦੇ ਮੰਦਰਾਂ ਵਿਚ ਮਾਤਾ ਜੀ ਪਿੰਡੀ ਰੂਪ ਵਿਚ ਬਿਰਾਜਮਾਨ ਹਨ ਉਸੇ ਤਰ੍ਹਾਂ ਇਸ ਮੰਦਰ ਵਿਚ ਵੀ ਮਾਤਾ ਜੀ ਦੀ ਪ੍ਰਾਚੀਨ ਮੂਰਤੀ ਪਿੰਡੀ ਰੂਪ ਵਿਚ ਹੈ। ਮੰਦਰ ਦੇ ਪੁਰਾਣੇ ਇਤਿਹਾਸ ਮੁਤਾਬਿਕ ਸੰਨ 1515 ਈ. ਵਿਚ ਪਿੰਡ ਦਾ ਇਕ ਕਿਸਾਨ ਬਾਬਾ ਕਮਾਲੂ ਦਾਸ, ਬਾਬਾ ਕਾਲੂ ਰਾਮ ਨਥਾਨੇ ਵਾਲੇ ਦਾ ਚੇਲਾ ਸੀ। ਉਹ ਬਾਬਾ ਜੀ ਨਾਲ ਹਰ ਸਾਲ ਮਾਤਾ ਦੇ ਦਰਸ਼ਨ ਕਰਨ ਜਵਾਲਾ ਜੀ ਜਾਇਆ ਕਰਦਾ ਸੀ।

ਇਕ ਵਾਰ ਕਮਾਲੂ ਭਗਤ ਨੇ ਜਵਾਲਾ ਜੀ ਜਾ ਕੇ ਬਾਬਾ ਕਾਲੂ ਨਾਥ ਨੂੰ ਕਿਹਾ ਕਿ ਬਾਬਾ ਜੀ ਮਾਤਾ ਜੀ ਦਾ ਇਹ ਮੇਲਾ ਮੇਰੇ ਪਿੰਡ ਮਾਇਸਰਖਾਨਾ ਵਿਖੇ ਲੱਗਿਆ ਕਰੇ ਤਾਂ ਕਿੰਨਾ ਚੰਗਾ ਹੋਵੇਗਾ। ਬਾਬਾ ਕਮਾਲੂ ਸੰਤਾਂ ਵਾਸਤੇ ਹਰ ਰੋਜ਼ ਮਾਇਸਰਖਾਨੇ ਤੋਂ ਨਥਾਨੇ ਦੁੱਧ ਲੈ ਕੇ ਜਾਇਆ ਕਰਦਾ ਸੀ। ਇਕ ਦਿਨ ਜਦੋਂ ਬਾਬਾ ਜੀ ਨਥਾਨੇ ਦੁੱਧ ਲੈ ਕੇ ਗਏ ਤਾਂ ਬਾਬਾ ਕਾਲੂ ਨਾਥ ਕੋਲ ਕੋਹੜੀਆਂ ਦੀ ਇਕ ਟੋਲੀ ਆਈ ਸੀ ਜੋ ਬਾਬਾ ਜੀ ਤੋਂ ਅਸ਼ੀਰਵਾਦ ਲੈ ਕੇ ਆਪਣਾ ਕੋਹੜ ਠੀਕ ਕਰਵਾਉਣ ਆਏ ਸਨ। ਬਾਬਾ ਕਾਲੂ ਨਾਥ ਨੇ ਕਮਾਲੂ ਦਾ ਲਿਆਂਦਾ ਹੋਇਆ ਦੁੱਧ ਉਨ੍ਹਾਂ ਕੋਹੜੀਆਂ ਨੂੰ ਦੇ ਦਿੱਤਾ ਅਤੇ ਕੋਹੜੀਆਂ ਦਾ ਬਚਿਆ ਦੁੱਧ ਇਕੱਠਾ ਕਰਕੇ ਬਾਬਾ ਕਾਲੂ ਨਾਥ ਨੂੰ ਪੀਣ ਲਈ ਦੇ ਦਿੱਤਾ। ਬਾਬਾ ਕਮਾਲੂ ਨੇ ਉਹ ਜੂਠਾ ਦੁੱਧ ਗਲਾਨੀ ਕਰਕੇ ਪੀਣ ਦੀ ਥਾਂ ਉੱਥੇ ਕੋਲ ਖੜ੍ਹੇ ਸੁੱਕੇ ਜੰਡ ਦੇ ਦਰੱਖ਼ਤ ਵਿਚ ਡੋਲ੍ਹ ਦਿੱਤਾ। ਦੁੱਧ ਡੁੱਲ੍ਹਦੇ ਸਾਰ ਹੀ ਉਹ ਜੰਡ ਦਾ ਸੁੱਕਾ ਦਰੱਖ਼ਤ ਹਰਿਆ ਭਰਿਆ ਹੋ ਗਿਆ ਅਤੇ ਕੋਹੜੀਆਂ ਦਾ ਰੋਗ ਠੀਕ ਹੋ ਗਿਆ। ਦੁੱਧ ਡੋਲ੍ਹਣ ਪਿੱਛੋਂ ਬਾਬਾ ਕਾਲੂ ਨਾਥ ਨੇ ਬਾਬਾ ਕਮਾਲੂ ਦਾਸ ਨੂੰ ਕਿਹਾ ਕਿ ਕਮਲਿਆ ਕਮਾਲੂਆ ਤੂੰ ਇਹ ਕੀ ਕੀਤਾ ਮੈਂ ਤੈਨੂੰ ਇਸ ਵਿਚ ਰਿਧੀਆਂ ਸਿੱਧੀਆਂ ਪਾ ਕੇ ਦਿੱਤੀਆਂ ਸਨ ਪਰ ਤੇਰੇ ਕਰਮਾਂ ਵਿਚ ਨਹੀਂ ਸਨ। ਬਾਬਾ ਕਾਲੂ ਨਾਥ ਕਮਾਲੂ 'ਤੇ ਕ੍ਰੋਧਿਤ ਹੋ ਗਏ ਤੇ ਆਪਣੀ ਤਪੱਸਿਆ ਵਿਚ ਲੀਨ ਹੋ ਗਏ।

ਬਾਬਾ ਕਮਾਲੂ ਦਾਸ ਬਹੁਤ ਉਦਾਸ ਹੋ ਕੇ ਬਾਬਾ ਕਾਲੂ ਨਾਥ ਕੋਲ ਪਿੰਡ ਨਥਾਨੇ ਰਹਿਣ ਲੱਗ ਪਏ। ਦੂਜੇ ਪਾਸੇ ਜਦੋਂ ਬਾਬਾ ਕਮਾਲੂ ਨਾਥ ਬਿਰਧ ਅਵਸਥਾ ਵਿਚ ਪਹੁੰਚ ਗਏ ਤਾਂ ਉਹ ਮਾਤਾ ਜੀ ਦੇ ਦਰਸ਼ਨ ਕਰਨ ਜਵਾਲਾ ਜੀ ਨਹੀਂ ਜਾ ਸਕਦੇ ਸੀ ਤਾਂ ਉਨ੍ਹਾਂ ਨੇ ਮਾਤਾ ਜੀ ਨੂੰ ਬੇਨਤੀ ਕੀਤੀ ਕਿ ਮਾਤਾ ਜੀ ਮੈਨੂੰ ਮੇਰੇ ਪਿੰਡ ਆ ਕੇ ਦਰਸ਼ਨ ਦਿਓ। ਇਕ ਦਿਨ ਬਾਬਾ ਕਾਲੂ ਨਾਥ ਨੇ ਸਮਾਧੀ ਖੋਲ੍ਹੀ ਅਤੇ ਬਾਬਾ ਕਮਾਲੂ ਨੂੰ ਕਿਹਾ ਕਿ ਜਾ ਹੁਣ ਤੂੰ ਆਪਣੇ ਪਿੰਡ ਮਾਇਸਰਖਾਨੇ ਜਾ ਉੱਥੇ ਮਾਤਾ ਜਵਾਲਾ ਜੀ ਕੋਹੜਨ ਦੇ ਰੂਪ ਵਿਚ ਆਈ ਹੋਈ ਹੈ ਹੁਣ ਗ਼ਲਤੀ ਨਾ ਕਰੀਂ। ਬਾਬਾ ਕਮਾਲੂ ਨਥਾਨੇ ਤੋਂ ਮਾਇਸਰਖਾਨਾ ਪੁੱਜਾ ਉਸ ਸਮੇਂ ਚਾਰੇ ਪਾਸੇ ਹਨੇਰਾ ਸੀ ਤੇਜ਼ ਹਵਾ ਚੱਲ ਰਹੀ ਸੀ। ਇਕ ਬਜ਼ੁਰਗ ਔਰਤ ਬੈਲ ਗੱਡੀ ਵਿਚ ਬੈਠੀ ਸੀ। ਬਾਬਾ ਕਮਾਲੂ ਉਸ ਬਜ਼ੁਰਗ ਔਰਤ ਦੇ ਪੈਰਾਂ ਵਿਚ ਡਿੱਗ ਪਿਆ। ਬਜ਼ੁਰਗ ਔਰਤ ਉਸਨੂੰ ਕਹਿਣ ਲੱਗੀ ਕਿ ਮੈਨੂੰ ਕੋਹੜ ਦੀ ਬਿਮਾਰੀ ਹੈ ਤੈਨੂੰ ਲੱਗ ਜਾਵੇਗੀ ਤੂੰ ਪਿੱਛੇ ਹੱਟਜਾ, ਪ੍ਰੰਤੂ ਭਗਤ ਕਮਾਲੂ ਬਾਬਾ ਕਾਲੂ ਨਾਥ ਦੀ ਗੱਲ ਮੰਨ ਕੇ ਪਿੱਛੇ ਨਹੀਂ ਹਟਿਆ ਅਤੇ ਮਾਤਾ ਨੂੰ ਅਸ਼ੀਰਵਾਦ ਦੇਣ ਲਈ ਆਖਣ ਲੱਗਾ। ਵਾਰ-ਵਾਰ ਕਹਿਣ 'ਤੇ ਮਾਤਾ ਜੀ ਨੇ ਆਪਣੇ ਅਸਲੀ ਰੂਪ ਵਿਚ ਦਰਸ਼ਨ ਦਿੱਤੇ ਅਤੇ ਭਗਤ ਕਮਾਲੂ ਨੂੰ ਵਰ ਮੰਗਣ ਲਈ ਕਿਹਾ।

ਭਗਤ ਕਮਾਲੂ ਨੇ ਮਾਤਾ ਜੀ ਨੂੰ ਸਾਲ ਵਿਚ ਇਕ ਵਾਰੀ ਮਾਇਸਰਖਾਨੇ ਦਰਸ਼ਨ ਦੇਣ ਨੂੰ ਕਿਹਾ ਪ੍ਰੰਤੂ ਮਾਤਾ ਜੀ ਨੇ ਕਿਹਾ ਕਿ ਉਹ ਸਾਲ ਵਿਚ ਦੋ ਵਾਰ ਅੱਸੂ ਅਤੇ ਚੇਤ ਦੇ ਨਵਰਾਤਿਆਂ ਦੀ ਛਟ ਨੂੰ ਇੱਥੇ ਆ ਕੇ ਦਰਸ਼ਨ ਦਿਆ ਕਰਾਂਗੀ ਜੋ ਵੀ ਭਗਤ ਇੱਥੇ ਮੇਰੇ ਦਰਸ਼ਨ ਕਰੇਗਾ ਉਸਦੀ ਸਭ ਮਨੋਕਾਮਨਾ ਪੂਰੀ ਹੋਵੇਗੀ।

ਇਸੇ ਤਰ੍ਹਾਂ ਇੱਥੇ ਅੱਸੂ ਅਤੇ ਚੇਤ ਦੇ ਨਰਾਤਿਆਂ ਦੀ ਛਟ ਨੂੰ ਭਾਰੀ ਮੇਲਾ ਲਗਦਾ ਹੈ। ਇਸ ਮੰਦਰ ਵਿਖੇ ਹਰ ਧਰਮ ਦੇ ਲੋਕ ਮੱਥਾ ਟੇਕਣ ਆਉਂਦੇ ਹਨ। ਇੱਥੇ ਗੰਢਜੋੜੇ ਅਤੇ ਨਵ ਜਨਮੇ ਬੱਚਿਆਂ ਦੀ ਝੰਡ ਦੀ ਸੁੱਖ ਵੀ ਪੂਰੀ ਹੁੰਦੀ ਹੈ। ਇੱਥੇ ਇਕ ਮਿੱਟੀ ਦਾ ਟਿੱਲਾ ਵੀ ਬਣਿਆ ਹੋਇਆ ਹੈ ਜਿੱਥੇ ਸ਼ਰਧਾਲੂ ਆਪਣੀ ਸੁੱਖ ਪੂਰੀ ਹੋਣ ਤੋਂ ਬਾਦ ਮਿੱਟੀ ਚੜ੍ਹਾਉਂਦੇ ਹਨ। ਮੰਦਰ ਵਿਖੇ ਇਕ ਬੇਰੀ ਦਾ ਪ੍ਰਾਚੀਨ ਦਰੱਖ਼ਤ ਅੱਜ ਵੀ ਮੌਜੂਦ ਹੈ। ਇਸ ਤੋਂ ਇਲਾਵਾ ਮੰਦਰ ਅੰਦਰ ਇਕ ਬੋਹੜ ਦਾ ਦਰੱਖ਼ਤ ਵੀ ਹੈ ਅਤੇ ਮੰਦਰ ਦੇ ਸਾਹਮਣੇ ਇਕ ਸੁੰਦਰ ਸਰੋਵਰ ਵੀ ਹੈ। ਜਿਸ ਵਿਚ ਇਸ਼ਨਾਨ ਕਰਦੇ ਹਨ।

ਮੰਦਰ ਦੇ ਅੰਦਰ ਬਾਬਾ ਕਮਾਲੂ ਨਾਥ ਦੀ ਸੁੰਦਰ ਸਮਾਧੀ ਵੀ ਬਣੀ ਹੋਈ ਹੈ। ਮੰਦਰ ਅੰਦਰ ਸੁੰਦਰ ਸੇਜ ਘਰ ਅਤੇ ਯੱਗਸ਼ਾਲਾ ਬਣੀ ਹੋਈ ਹੈ। ਮੰਦਰ 'ਚ ਜਵਾਲਾ ਜੀ ਦੀ ਪਵਿੱਤਰ ਜੋਤ ਅਖੰਡ ਰੂਪ ਵਿਚ ਚੱਲ ਰਹੀ ਹੈ। ਮਾਨਤਾ ਹੈ ਕਿ ਨਵਰਾਤਿਆਂ ਦੀ ਛਟ ਨੂੰ ਮਾਤਾ ਜੀ ਜਵਾਲਾ ਜੀ ਤੋਂ ਆ ਕੇ ਇਸ ਜੋਤ ਵਿਚ ਪ੍ਰਵੇਸ਼ ਕਰਦੇ ਹਨ। ਇਸ ਦਾ ਪ੍ਰਬੰਧ ਸ਼੍ਰੀ ਸਨਾਤਨ ਧਰਮ ਪੰਜਾਬ ਮਹਾਂਵੀਰ ਦਲ ਵੱਲੋਂ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਪਿੰਡ ਵਿਚ ਸੁੰਦਰ ਗੁਰਦੁਆਰਾ ਸਾਹਿਬ ਵੀ ਸੁਸ਼ੋਭਿਤ ਹੈ। •

# ਪੰਜਾਬ ਯੂਨੀਵਰਸਿਟੀ ਨੂੰ ਖੋਜ ਤੇ ਨਵਾਚਾਰ ਦਾ ਆਲਮੀ ਕੇਂਦਰ ਬਣਾਉਣ ਲਈ ਇਕਜੁੱਟ ਹੋਣ ਦੀ ਲੋੜ: ਉੱਪ ਰਾਸ਼ਟਰਪਤੀ

ਕੌਮੀ ਪਤ੍ਰਿਕਾ

ਚੰਡੀਗੜ੍ਹ 6 ਸਤੰਬਰ। ਪੰਜਾਬ ਯੂਨੀਵਰਸਿਟੀ ਨੂੰ ਵਿਸ਼ਵ ਪੱਧਰੀ ਉੱਚ ਸਿੱਖਿਆ ਅਤੇ ਖੋਜ ਸੰਸਥਾਨ ਵਜੋਂ ਹੋਰ ਮਜ਼ਬੂਤ ਕਰਨ ਲਈ ਯੂਨੀਵਰਸਿਟੀ ਦੇ ਅਧਿਆਪਕਾਂ, ਵਿਦਿਆਰਥੀਆਂ, ਖੋਜਾਰਥੀਆਂ ਅਤੇ ਪ੍ਰਸ਼ਾਸਨ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਇਹ ਗੱਲ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਅਤੇ ਉੱਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਸ਼ੁੱਕਰਵਾਰ ਨੂੰ ਯੂਨੀਵਰਸਿਟੀ ਦੌਰੇ ਦੌਰਾਨ ਕਹੀ। ਉਨ੍ਹਾਂ ਨੇ ਸੋਫਿਸਟੀਕੇਟਿਡ ਐਨਾਲਿਟੀਕਲ ਇੰਸਟਰੂਮੈਂਟ ਫੈਸਿਲਿਟੀ ਅਤੇ ਸੈਂਟਰਲ ਇੰਸਟਰੂਮੈਂਟੇਸ਼ਨ ਲੈਬਾਰਟਰੀਜ਼ (ਐਸਏਆਈਐਫ-ਸੀਆਈਐਲ) ਵਿੱਚ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਅਤੇ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ (ਪੀਯੂ-ਟੀਆਈਐਫ) ਦਾ ਉਦਘਾਟਨ ਕੀਤਾ। ਉੱਪ ਰਾਸ਼ਟਰਪਤੀ ਨੇ ਦੱਸਿਆ ਕਿ ਐਡਵਾਂਸਡ ਇੰਸਟਰੂਮੈਂਟੇਸ਼ਨ ਫੈਸਿਲਿਟੀ ਵਿੱਚ ਐਟਾਮਿਕ ਫੋਰਸ ਮਾਈਕ੍ਰੋਸਕੋਪ, ਰਮਨ ਸਪੈਕਟ?ਰੋਮੀਟਰ, ਡੀਐਨਏ ਸੀਕਵੇਂਸਰ, ਫਲੋ ਸਾਈਟੋਮੀਟਰ ਅਤੇ ਐਫਟੀਆਈਆਰ ਸਪੈਕਟ?ਰੋਮੀਟਰ ਸਥਾਪਤ ਕੀਤੇ ਗਏ ਹਨ। ਇਨ੍ਹਾਂ ਸਹੂਲਤਾਂ ਨਾਲ ਨੈਨੋ ਟੈਕਨਾਲੋਜੀ,




ਮੈਟੀਰੀਅਲ ਸਾਇੰਸ, ਵਾਤਾਵਰਣ ਵਿਗਿਆਨ ਅਤੇ ਜੀਨੋਮਿਕਸ ਸਮੇਤ ਕਈ ਖੇਤਰਾਂ ਵਿੱਚ ਖੋਜ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਆਧੁਨਿਕ ਵਿਗਿਆਨਕ ਸਹੂਲਤਾਂ ਲਿਆਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਸੀਪੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਬਾਇਓ-ਨੈਸਟ ਨੂੰ ਸੈਕਸ਼ਨ-8 ਦੀ ਗੈਰ-ਮੁਨਾਫ਼ਾ ਕੰਪਨੀ ਵਜੋਂ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਵਿੱਚ ਬਦਲਣਾ ਖੋਜ, ਉਦਯੋਗਪਤੀ ਅਤੇ ਤਕਨਾਲੋਜੀ ਵਿਕਾਸ ਵੱਲ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਅਕਾਦਮਿਕ ਸੰਸਥਾਵਾਂ, ਉਦਯੋਗ, ਇਨਕਿਊਬੇਟਰਾਂ ਅਤੇ ਨਿਵੇਸ਼ਕਾਂ ਦੇ ਸਹਿਯੋਗ ਨਾਲ ਹੀ ਨਵੇਂ ਵਿਚਾਰਾਂ ਨੂੰ ਵੱਡੇ ਪੱਧਰ 'ਤੇ ਲਿਜਾਇਆ ਜਾ ਸਕਦਾ ਹੈ। ਨੌਜਵਾਨ ਖੋਜਾਰਥੀਆਂ ਨੂੰ ਸੰਬੋਧਨ ਕਰਦਿਆਂ ਉਪ ਰਾਸ਼ਟਰਪਤੀ ਨੇ ਕਿਹਾ ਕਿ ਵਿਗਿਆਨ ਨੂੰ ਕਿਸੇ ਉਦੇਸ਼ ਨਾਲ ਅੱਗੇ ਵਧਾਇਆ ਜਾਣਾ ਚਾਹੀਦਾ ਹੈ। ਅਸਫ਼ਲਤਾ ਤੋਂ ਘਬਰਾਉਣ ਦੀ ਬਜਾਏ ਉਸ ਤੋਂ ਸਿੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੈਬਾਰਟਰੀਆਂ ਅਤੇ ਕਲਾਸਰੂਮਾਂ ਵਿੱਚ ਪੈਦਾ ਹੋਣ ਵਾਲੇ ਵਿਚਾਰਾਂ ਨੂੰ ਰੋਜ਼ਗਾਰ ਅਤੇ ਨਵੇਂ ਮੌਕਿਆਂ ਵਿੱਚ ਬਦਲਣਾ ਜ਼ਰੂਰੀ ਹੈ। ਖੋਜ ਦਾ ਅਸਲ ਲਾਭ ਸਮਾਜ ਦੀਆਂ ਲੋੜਾਂ ਤੱਕ ਪਹੁੰਚਣਾ ਚਾਹੀਦਾ ਹੈ। ਪੀਐੱਚਡੀ ਵਿਦਿਆਰਥੀ ਦੀ ਮੌਤ ਦੀ ਘਟਨਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਘਟਨਾ ਤੋਂ ਬਾਅਦ ਪੂਰੇ ਕੈਂਪਸ ਦਾ ਵਿਆਪਕ ਸੁਰੱਖਿਆ ਆਡਿਟ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਲਈ ਅੰਦਰੂਨੀ ਕਮੇਟੀ ਬਣਾਈ ਗਈ ਹੈ, ਜੋ ਮੌਜੂਦਾ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਕੇ ਵਿਸਥਾਰਤ ਰਿਪੋਰਟ ਦੇਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਵਿਦਿਆਰਥੀਆਂ ਅਤੇ ਕਰਮਚਾਰੀਆਂ ਦੀ ਸੁਰੱਖਿਆ ਤੇ ਭਲਾਈ ਯੂਨੀਵਰਸਿਟੀ ਦੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਉੱਪ ਰਾਸ਼ਟਰਪਤੀ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਖੁਦ ਨਸ਼ਿਆਂ ਤੋਂ ਬਚਣ ਅਤੇ ਆਪਣੇ ਪਰਿਵਾਰ ਤੇ ਦੋਸਤਾਂ ਨੂੰ ਵੀ ਇਸ ਖ਼?ਲਾਫ਼ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਭਾਰਤ ਉੱਚ ਸਿੱਖਿਆ, ਵਿਗਿਆਨਕ ਖੋਜ ਅਤੇ ਨਵਾਚਾਰ ਦੇ ਖੇਤਰ ਵਿੱਚ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ। ਸਾਲ 1882 ਤੋਂ ਚੱਲੀ ਆ ਰਹੀ ਪੰਜਾਬ ਯੂਨੀਵਰਸਿਟੀ ਦੀ ਵਿਰਾਸਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੰਸਥਾ ਨੇ ਦੇਸ਼ ਨੂੰ ਕਈ ਆਗੂ, ਨਿਆਂ ਵਿਦਵਾਨ, ਵਿਗਿਆਨੀ, ਖਿਡਾਰੀ ਅਤੇ ਲੋਕ ਸੇਵਕ ਦਿੱਤੇ ਹਨ। ਹੁਣ ਯੂਨੀਵਰਸਿਟੀ ਨੂੰ ਨਵੀਆਂ ਵਿਗਿਆਨਕ ਸਹੂਲਤਾਂ ਅਤੇ ਨਵਾਚਾਰ ਦੇ ਜ਼ਰੀਏ ਅਗਲੇ ਪੱਧਰ 'ਤੇ ਲਿਜਾਣ ਦੀ ਲੋੜ ਹੈ। ਉੱਪ ਰਾਸ਼ਟਰਪਤੀ ਨੇ ਯੂਨੀਵਰਸਿਟੀ ਭਾਈਚਾਰੇ ਤੋਂ ਪੀਯੂ ਨੂੰ ਵਿਸ਼ਵ ਪੱਧਰੀ ਉੱਚ ਸਿੱਖਿਆ ਅਤੇ ਖੋਜ ਸੰਸਥਾਨ ਬਣਾਉਣ ਲਈ ਸੁਝਾਅ ਵੀ ਮੰਗੇ। ਉਨ੍ਹਾਂ ਭਰੋਸਾ ਜਤਾਇਆ ਕਿ ਨਵੀਆਂ ਵਿਗਿਆਨਕ ਸਹੂਲਤਾਂ ਅਤੇ ਪੀਯੂ-ਟੀਆਈਐਫ ਖੋਜ, ਨਵਾਚਾਰ ਅਤੇ ਉਦਯੋਗਪਤੀ ਨੂੰ ਨਵੀਂ ਦਿਸ਼ਾ ਦੇਣਗੇ ਅਤੇ ਵਿਦਿਆਰਥੀਆਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਗੇ। ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ, ਪੰਜਾਬ ਯੂਨੀਵਰਸਿਟੀ ਦੀ ਕੁਲਪਤੀ ਪ੍ਰੋ. ਮੀਨਾਕਸ਼ੀ ਗੋਇਲ ਸਮੇਤ ਕਈ ਪਤਵੰਤੇ ਹਾਜ਼ਰ ਸਨ।

## 'ਕਿਸੇ ਵਿਅਕਤੀ ਨੂੰ ਸਮਰੱਥਾ ਤੋਂ ਜ਼ਿਆਦਾ ਗੁਜ਼ਾਰਾ ਭੱਤਾ ਦੇਣ ਦਾ ਨਹੀਂ ਦੇ ਸਕਦੇ ਹੁਕਮ'

ਨਵੀਂ ਦਿੱਲੀ 6 ਸਤੰਬਰ। ਦਿੱਲੀ ਦੀ ਇਕ ਅਦਾਲਤ ਨੇ ਕਿਹਾ ਹੈ ਕਿ ਕਿਸੇ ਵਿਅਕਤੀ ਨੂੰ ਉਸ ਦੀ ਆਰਥਿਕ ਸਮਰੱਥਾ ਨਾਲੋਂ ਜ਼ਿਆਦਾ ਗੁਜ਼ਾਰਾ ਭੱਤਾ ਦੇਣ ਦਾ



ਹੁਕਮ ਨਹੀਂ ਦਿੱਤਾ ਜਾ ਸਕਦਾ, ਭਾਵੇਂ ਅੱਡ ਰਹਿ ਰਹੀ ਉਸ ਦੀ ਪਤਨੀ ਨੂੰ ਪ੍ਰਦਾਨ ਕੀਤੀ ਗਈ ਰਾਸ਼ੀ ਉਸ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨ ਲਈ ਨਾਕਾਫੀ ਹੋਵੇ। ਅਦਾਲਤ ਨੇ ਕਿਹਾ ਕਿ ਗੁਜ਼ਾਰਾ ਭੱਤੇ ਦਾ ਨਿਰਧਾਰਨ ਭੁਗਤਾਨ ਕਰਨ ਵਾਲੇ ਪਤੀ ਦੀ ਅਸਲ ਜਾਂ ਅਨੁਮਾਨਿਤ ਆਮਦਨ ਨੂੰ ਧਿਆਨ 'ਚ ਰੱਖ ਕੇ ਕੀਤਾ ਜਾਣਾ ਚਾਹੀਦਾ ਹੈ। ਅਦਾਲਤ ਨੇ ਇਹ ਟਿੱਪਣੀ ਇਕ ਔਰਤ ਦੀ ਅਪੀਲ ਖਾਰਿਜ ਕਰਦੇ ਹੋਏ ਕੀਤੀ, ਜਿਸ 'ਚ ਉਸ ਨੇ ਘਰੇਲੂ ਹਿੰਸਾ ਐਕਟ ਹੇਠ ਇਕ ਮੈਜਿਸਟ?ਰੇਟ ਵੱਲੋਂ ਨਿਰਧਾਰਿਤ 1840 ਰੁਪਏ ਪ੍ਰਤੀ ਮਹੀਨੇ ਦੇ ਅੰਤਰਿਮ ਗੁਜ਼ਾਰਾ ਭੱਤੇ ਨੂੰ ਚੁਣੌਤੀ ਦਿੱਤੀ ਸੀ। ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਵਧੀਕ ਸੈਸ਼ਨ ਜੱਜ ਪ੍ਰਵੀਨ ਸਿੰਘ ਨੇ ਕਿਹਾ ਕਿ ਔਰਤ ਦੀ ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਇਹ ਰਾਸ਼ੀ ਦਿੱਲੀ 'ਚ ਉਸ ਦੇ ਗੁਜ਼ਾਰੇ ਲਈ ਬਹੁਤ ਘੱਟ ਹੈ। ਅਦਾਲਤ ਨੇ ਹੁਕਮ 'ਚ ਕਿਹਾ ਕਿ ਸਾਨੂੰ ਇਹ ਧਿਆਨ ਰੱਖਣਾ ਹੋਵੇਗਾ ਕਿ ਅਪੀਲਕਰਤਾ ਨੂੰ ਸਿਰਫ ਉਨੀ ਹੀ ਆਮਦਨ ਦੇ ਆਧਾਰ 'ਤੇ ਗੁਜ਼ਾਰਾ ਭੱਤਾ ਦਿੱਤਾ ਜਾ ਸਕਦਾ ਹੈ, ਜਿੰਨੀ ਪ੍ਰਤੀਵਾਦੀ ਨੰਬਰ ਦੋ (ਪਤੀ) ਦੀ ਅਸਲ ਆਮਦਨ ਸੀ ਜਾਂ ਹੋਣ ਦਾ ਅਨੁਮਾਨ ਲਾਇਆ ਜਾ ਸਕਦਾ ਸੀ। ਅਦਾਲਤ ਨੇ ਕਿਹਾ ਕਿ ਔਰਤ ਦੇ ਪਤੀ ਦੀ ਮਹੀਨਾਵਾਰ ਆਮਦਨ ਸਥਾਪਤ ਕਰਨ ਲਈ ਕੋਈ ਸਬੂਤ ਨਹੀਂ ਸਨ।

# ਅਹਿਮਦ ਸ਼ਾਹ ਅਬਦਾਲੀ ਵਾਂਗ ਵਿਵਹਾਰ ਕਰ ਰਿਹਾ ਹੈ ਭਗਵੰਤ ਮਾਨ : ਰਾਜਾ ਵੜਿੰਗ

ਚੰਡੀਗੜ੍ਹ 6 ਸਤੰਬਰ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮੁੱਖ ਮੰਤਰੀ ਭਗਵੰਤ ਮਾਨ ਖਿਲਾਫ਼ ਕਾਲੀ ਝੰਡੀ ਦਿਖਾਉਣ ਵਾਲੇ ਮੋਹਨਜੀਤ ਸਿੰਘ ਸਿੱਧੂ ਨੂੰ ਹਿਰਾਸਤ ਵਿਚ ਲੈ ਕੇ ਤਸ਼ੱਦਦ ਕੀਤੇ ਜਾਣ ਦੀ ਨਿੰਦਾ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਮਾਨ ਨੇ ਅਹਿਮਦ ਸ਼ਾਹ ਅਬਦਾਲੀ ਵਾਂਗ ਵਿਵਹਾਰ ਕਰਨਾ ਸ਼ੁਰੂ ਕਰ ਦਿੱਤਾ ਸੀ, ਜਿਹੜੇ ਸ਼ਾਇਦ ਇਹ ਮੰਨਦੇ ਹਨ ਕਿ ਉਹ ਹਮੇਸ਼ਾ ਲਈ ਰਾਜ ਕਰਨਗੇ। ਵੜਿੰਗ ਨੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਵੀ ਪੱਤਰ ਲਿਖ ਕੇ ਪੰਜਾਬ ਪੁਲਿਸ ਦੁਆਰਾ ਨੌਜਵਾਨ ਤੇ ਤਸ਼ੱਦਦ ਦੀ ਜਾਂਚ ਕਰਨ ਦੀ ਅਪੀਲ ਕੀਤੀ ਹੈ, ਜਿਸਨੇ ਸੂਬਾ ਸਰਕਾਰ ਵਿਰੁੱਧ ਵਿਰੋਧ ਵਜੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫਲੇ 'ਤੇ ਕਾਲੀ ਝੰਡੀ ਲਹਿਰਾਈ ਸੀ। ਕਮਿਸ਼ਨ ਦੇ ਚੇਅਰਮੈਨ ਨੂੰ ਲਿਖੇ ਇੱਕ ਪੱਤਰ ਵਿੱਚ, ਵੜਿੰਗ ਨੇ ਕਿਹਾ ਕਿ ਮੋਹਨਜੀਤ ਸਿੰਘ ਸਿੱਧੂ ਨੂੰ ਪੁਲਿਸ ਹਿਰਾਸਤ ਵਿੱਚ ਬੇਰਹਿਮੀ ਨਾਲ ਤਸ਼ੱਦਦ ਕੀਤਾ ਗਿਆ ਅਤੇ ਬਿਜਲੀ ਦੇ ਝਟਕੇ ਦਿੱਤੇ ਗਏ। ਵੜਿੰਗ ਨੇ ਕਿਹਾ ਕਿ ਸਿੱਧੂ ਨੇ ਦਾਅਵਾ ਕੀਤਾ ਹੈ ਕਿ ਪੁਲਿਸ ਮੁਲਾਜ਼ਮਾਂ ਨੇ ਉਸਨੂੰ ਜ਼ਬਰਦਸਤੀ ਨਸ਼ੀਲੇ ਪਦਾਰਥ ਦਿੱਤੇ ਅਤੇ ਬਾਅਦ ਵਿੱਚ ਉਸਦਾ ਡੋਪ ਟੈਸਟ ਕਰਵਾਇਆ, ਜਿਹੜਾ ਕਿ ਪਾਜ਼ਿਟਿਵ ਆਇਆ। ਵੜਿੰਗ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਹੁਣ ਸਿੱਧੂ ਵਿਰੁੱਧ ਕਥਿਤ ਤੌਰ 'ਤੇ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਦੇ ਦੋਸ਼ ਵਿੱਚ ਐਫਆਈਆਰ ਦਰਜ ਕੀਤੀ ਹੈ, ਜਿਹੜਾ ਇੱਕ ਫਰਜੀ ਮਾਮਲਾ ਹੈ। ਵੜਿੰਗ ਨੇ ਪੱਤਰ ਵਿੱਚ ਕਿਹਾ ਹੈ ਕਿ ਇਸ ਮਾਮਲੇ ਦੀ ਕਿਰਪਾ ਕਰਕੇ ਜਾਂਚ ਕੀਤੀ ਜਾਣੀ ਚਾਹੀਦੀ ਹੈ ਅਤੇ ਉਨ੍ਹਾਂ



ਸਾਰਿਆਂ ਨਾਲ, ਖਾਸ ਕਰਕੇ ਤਸ਼ੱਦਦ ਅਤੇ ਝੂਠੀ ਐਫਆਈਆਰ ਲਈ ਜ਼ਿੰਮੇਵਾਰ ਪੁਲਿਸ ਮੁਲਾਜ਼ਮਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਣਾ ਚਾਹੀਦਾ ਹੈ। ਪੰਜਾਬ ਕਾਂਗਰਸ ਮੁਖੀ ਨੇ ਕਿਹਾ ਹੈ ਕਿ ਇਹ ਘਟਨਾ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਅਧੀਨ ਪੁਲਿਸ ਦੀ ਬੇਰਹਿਮੀ ਦਾ ਸੰਕੇਤ ਹੈ। ਵੜਿੰਗ, ਜਿਹੜੇ ਕਿ ਲੁਧਿਆਣਾ ਤੋਂ ਕਾਂਗਰਸ ਸੰਸਦ ਮੈਂਬਰ ਵੀ ਹਨ, ਨੇ ਮੋਹਨਜੀਤ 'ਤੇ ਤਸ਼ੱਦਦ ਕਰਨ ਵਾਲੇ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਢੁਕਵੀਂ ਕਾਰਵਾਈ ਦੀ ਮੰਗ ਕੀਤੀ ਹੈ। ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਮੋਹਨਜੀਤ ਦੇ ਨਾਲ ਖੜ੍ਹੀ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਕਿ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਅੱਜ ਉਸਨੂੰ (ਮੋਹਨਜੀਤ) ਮਿਲੇ ਸਨ, ਉਹ ਬਾਅਦ ਵਿੱਚ ਉਸਨੂੰ ਮਿਲਣ ਲਈ ਜਾਣਗੇ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਕਾਂਗਰਸ 8 ਸਤੰਬਰ ਨੂੰ 'ਆਪ' ਸਰਕਾਰ ਦੇ ਭ੍ਰਿਸ਼ਟਾਚਾਰ ਵਿਰੁੱਧ ਇੱਕ ਵਿਸ਼ਾਲ ਵਿਰੋਧ ਪ੍ਰਦਰਸ਼ਨ ਕਰੇਗੀ, ਜਿਸਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਰਾਹੁਲ ਗਾਂਧੀ ਦੇ ਪ੍ਰਸਤਾਵਿਤ ਪੰਜਾਬ ਦੌਰੇ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਨੇ ਕਿਹਾ ਕਿ ਤਰੀਕਾਂ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ ਅਤੇ ਇਨ੍ਹਾਂ ਦਾ ਐਲਾਨ ਬਹੁਤ ਜਲਦੀ ਕਰ ਦਿੱਤਾ ਜਾਵੇਗਾ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਵਿਦੇਸ਼ਾਂ ਵਿਚ ਅਪਰਾਧ ਕਰਕੇ ਭਾਰਤ ਆਉਣ ਵਾਲੇ ਭਗੌੜਿਆਂ ਖ਼?ਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਵੱਖ-ਵੱਖ ਦੇਸ਼ਾਂ ਦੀਆਂ ਏਜੰਸੀਆਂ ਨਾਲ ਜੁੜੇ ਮਾਮਲਿਆਂ ਵਿਚ ਲੋੜੀਂਦੇ ਮੁਲਜ਼ਮਾਂ ਦਾ ਪਤਾ ਲਗਾਉਣ ਲਈ ਸੂਚਨਾਵਾਂ ਦਾ ਆਦਾਨ-ਪ੍ਰਦਾਨ ਵੀ ਕੀਤਾ ਜਾ ਰਿਹਾ ਹੈ।

# ਬੈਂਕ ਲੌਕਰ 'ਚੋਂ 1 ਕਰੋੜ ਰੁਪਏ ਤੋਂ ਵੱਧ ਦਾ ਸੋਨਾ ਗਾਇਬ

ਕੌਮੀ ਪਤ੍ਰਿਕਾ

ਅਕੋਲਾ 6 ਸਤੰਬਰ। ਮਹਾਰਾਸ਼ਟਰ ਦੇ ਅਕੋਲਾ ਵਿੱਚ ਸੈਂਟਰਲ ਬੈਂਕ ਆਫ਼ ਇੰਡੀਆ ਦੀ ਐਮ.ਜੀ. ਰੋਡ ਸ਼ਾਖਾ ਦੇ ਲੌਕਰ ਵਿੱਚੋਂ ਕਰੀਬ 1 ਕਰੋੜ 7 ਲੱਖ 25 ਹਜ਼ਾਰ 660 ਰੁਪਏ ਦੀ ਕੀਮਤ ਦਾ 715.044 ਗ੍ਰਾਮ ਸੋਨਾ ਗਾਇਬ ਹੋਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਵਿੱਚ ਪੁਲਸ ਨੇ ਬੈਂਕ ਦੇ ਹੀ ਇੱਕ 29 ਸਾਲਾ ਕਲੀਨਰ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਦੀ ਪਛਾਣ ਵੈਭਵ ਧਨਰਾਜ ਕੋਲਹੇ ਵਜੋਂ ਹੋਈ ਹੈ। ਸਿਟੀ ਕੋਤਵਾਲੀ ਪੁਲਸ ਨੇ ਮੁਲਜ਼ਮ ਵਿਰੁੱਧ ਕੇਸ ਦਰਜ ਕਰਕੇ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੇ ਅਦਾਲਤ ਨੇ ਉਸ ਨੂੰ 6 ਸਤੰਬਰ ਤੱਕ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ। ਪੁਲਸ ਦੀ ਮੁਢਲੀ ਜਾਂਚ ਵਿੱਚ ਬੈਂਕ ਦੇ ਲੌਕਰਾਂ ਦੀ ਸੁਰੱਖਿਆ ਪ੍ਰਣਾਲੀ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਸਿਟੀ ਕੋਤਵਾਲੀ ਪੁਲਸ ਦੇ ਥਾਣੇਦਾਰ ਸੰਜੇ ਗਵਈ ਅਨੁਸਾਰ, ਮੁਲਜ਼ਮ ਨੇ ਕਥਿਤ ਤੌਰ 'ਤੇ ਲੌਕਰ ਦੀ ਇੱਕ ਡੁਪਲੀਕੇਟ ਚਾਬੀ ਤਿਆਰ ਕੀਤੀ ਸੀ। ਉਸ ਨੇ ਇਸੇ ਚਾਬੀ ਦੀ ਮਦਦ ਨਾਲ ਲੌਕਰ ਤੱਕ ਪਹੁੰਚ ਬਣਾਈ ਅਤੇ ਉਸ ਵਿੱਚ




ਰੱਖਿਆ 700 ਗ੍ਰਾਮ ਤੋਂ ਵੱਧ ਸੋਨਾ ਚੋਰੀ ਕਰ ਲਿਆ। ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਇਹ ਚਾਬੀ ਕਦੋਂ ਅਤੇ ਕਿਵੇਂ ਤਿਆਰ ਕੀਤੀ ਗਈ ਸੀ ਅਤੇ ਕੀ ਇਸ ਵਾਰਦਾਤ ਵਿੱਚ ਕੋਈ ਹੋਰ ਵਿਅਕਤੀ ਵੀ ਉਸ ਦੇ ਨਾਲ ਸ਼ਾਮਲ ਸੀ। ਇਸ ਚੋਰੀ ਦਾ ਸਭ ਤੋਂ ਹੈਰਾਨੀਜਨਕ ਪਹਿਲੂ ਇਹ ਹੈ ਕਿ ਮੁਲਜ਼ਮ ਨੇ ਚੋਰੀ ਕੀਤੇ ਗਏ ਸੋਨੇ ਨੂੰ ਸਿੱਧਾ ਵੇਚਣ ਦੀ ਬਜਾਏ ਵੱਖ-ਵੱਖ ਫਾਈਨੈਂਸ ਕੰਪਨੀਆਂ ਕੋਲ ਗਿਰਵੀ ਰੱਖ ਦਿੱਤਾ। ਗਿਰਵੀ ਰੱਖੇ ਸੋਨੇ ਦੇ ਬਦਲੇ ਕੰਪਨੀਆਂ ਤੋਂ ਮਿਲੀ ਰਕਮ ਨੂੰ ਉਸ ਨੇ ਆਪਣੇ ਬੈਂਕ ਖਾਤੇ ਵਿੱਚ ਜਮ?ਹਾਂ ਕਰਵਾ ਲਿਆ। ਪੁਲਸ ਹੁਣ ਉਨ੍ਹਾਂ ਫਾਈਨੈਂਸ ਕੰਪਨੀਆਂ ਦੇ ਦਸਤਾਵੇਜ਼ਾਂ ਅਤੇ ਰਿਕਾਰਡ ਦੀ ਜਾਂਚ ਕਰ ਰਹੀ ਹੈ ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਕਿਹੜੀ ਕੰਪਨੀ ਕੋਲ ਕਿੰਨਾ ਸੋਨਾ ਗਿਰਵੀ ਰੱਖਿਆ ਗਿਆ ਸੀ ਅਤੇ ਕਿੰਨੀ ਰਕਮ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਗਈ ਸੀ। ਇਹ ਸਾਰਾ ਮਾਮਲਾ ਸੈਂਟਰਲ ਬੈਂਕ ਆਫ਼ ਇੰਡੀਆ ਦੇ ਖੇਤਰੀ ਮੁਖੀ ਪੰਕਜਕੁਮਾਰ ਕਮਲਾਪ੍ਰਸਾਦ ਸ਼੍ਰੀਵਾਸਤਵ ਦੀ ਸ਼ਿਕਾਇਤ ਤੋਂ ਬਾਅਦ ਸਾਹਮਣੇ ਆਇਆ ਹੈ। ਪੁਲਸ ਨੇ ਮੁਲਜ਼ਮ ਵਿਰੁੱਧ ਭਾਰਤੀ ਨਿਆਏ ਸੰਹਿਤਾ ਦੀ ਧਾਰਾ 316(4) ਅਤੇ 318(4) ਤਹਿਤ ਕੇਸ ਦਰਜ ਕੀਤਾ ਹੈ। ਪੁਲਸ ਮੁਤਾਬਕ, ਬੈਂਕ ਵਿੱਚ ਡਿਮਾਂਡ ਲੋਨ ਨਾਲ ਸਬੰਧਤ ਕੁਝ ਲੈਣ-ਦੇਣ ਵਿੱਚ ਸ਼ੱਕੀ ਬੇਨਿਯਮੀਆਂ ਸਾਹਮਣੇ ਆਈਆਂ ਸਨ। ਇਸੇ ਮਾਮਲੇ ਦੀ ਜਾਂਚ ਕਰਦੇ ਹੋਏ ਲੌਕਰ ਵਿੱਚੋਂ ਸੋਨਾ ਗਾਇਬ ਹੋਣ ਦੀ ਇਸ ਵੱਡੀ ਗੜਬੜੀ ਦਾ ਖੁਲਾਸਾ ਹੋਇਆ ਹੈ। ਫਿਲਹਾਲ ਪੁਲਸ ਮੁਲਜ਼ਮ ਤੋਂ ਪੁੱਛਗਿੱਛ ਕਰ ਰਹੀ ਹੈ ਅਤੇ ਸੋਨੇ ਦੀ ਬਰਾਮਦਗੀ ਦੇ ਯਤਨ ਕੀਤੇ ਜਾ ਰਹੇ ਹਨ।

# 41 ਮਾਮਲੇ 'ਤੇ ਪੰਜਾਬ ਸਰਕਾਰ ਦਾ ਫ਼ੈਸਲਾ, 85 ਹਜ਼ਾਰ ਮੁਲਾਜ਼ਮਾਂ ਨੂੰ ਮਿਲੇਗਾ ਸਿੱਧਾ ਲਾਭ : ਅਮਨ ਅਰੋੜਾ

ਕੌਮੀ ਪਤ੍ਰਿਕਾ

ਚੰਡੀਗੜ੍ਹ 6 ਸਤੰਬਰ। ਪੰਜਾਬ ਦੇ ਮੁਲਾਜ਼ਮਾਂ ਦੇ ਡੀ. ਏ. ਮਾਮਲੇ ਨੂੰ ਲੈ ਕੇ ਸੂਬਾ ਸਰਕਾਰ ਵਲੋਂ ਵੱਡਾ ਫ਼ੈਸਲਾ ਲਿਆ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਕੈਬਨਿਟ ਸਬ-ਕਮੇਟੀ ਨੇ 2020 ਤੋਂ ਬਾਅਦ ਭਰਤੀ ਹੋਏ ਕਰੀਬ 85 ਹਜ਼ਾਰ ਮੁਲਾਜ਼ਮਾਂ ਨੂੰ ਮਿਲ ਰਹੇ ਮਹਿੰਗਾਈ ਭੱਤੇ (ਡੀ. ਏ.) ਨੂੰ ਮੌਜੂਦਾ 42 ਫ਼ੀਸਦੀ ਤੋਂ ਵਧਾ ਕੇ 60 ਫ਼ੀਸਦੀ ਕਰਨ ਦੀ ਸਿਫ਼ਾਰਿਸ਼ ਮੁੱਖ ਮੰਤਰੀ ਭਗਵੰਤ ਮਾਨ ਨੂੰ ਭੇਜਣ ਦਾ ਫ਼ੈਸਲਾ ਕੀਤਾ ਹੈ। ਅਮਨ ਅਰੋੜਾ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ 17 ਜੁਲਾਈ, 2020 ਤੋਂ ਬਾਅਦ ਜਿਹੜੇ ਮੁਲਾਜ਼ਮਾਂ ਨੂੰ ਨੌਕਰੀਆਂ ਮਿਲੀਆਂ ਹਨ, ਉਨ੍ਹਾਂ ਨੂੰ ਜਨਮ ਅਸ਼ਟਮੀ ਦੇ ਮੌਕੇ 'ਤੇ ਭਗਵੰਤ ਮਾਨ ਸਰਕਾਰ ਨੇ ਵੱਡਾ ਤੋਹਫ਼ਾ ਦਿੱਤਾ ਹੈ। ਇਨ੍ਹਾਂ 85 ਹਜ਼ਾਰ ਮੁਲਾਜ਼ਮਾਂ ਨੂੰ ਕੇਂਦਰੀ ਪੇਅ ਸਕੇਲ ਅਨੁਸਾਰ ਬੇਸਿਕ ਪੇਅ ਤਾਂ ਮਿਲ ਰਹੀ ਹੈ ਪਰ ਡੀ. ਏ. ਦੇ ਮਾਮਲੇ 'ਚ ਉਨ੍ਹਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਮੁਕਾਬਲੇ ਘੱਟ ਭੱਤਾ ਮਿਲ ਰਿਹਾ ਹੈ। ਅਮਨ ਅਰੋੜਾ ਨੇ ਕਿਹਾ ਕਿ ਕਿ ਪੰਜਾਬ ਦੇ ਇਨ੍ਹਾਂ ਮੁਲਾਜ਼ਮਾਂ ਨੂੰ 42 ਫ਼ੀਸਦੀ ਡੀ. ਏ. ਇਸ ਵੇਲੇ ਮਿਲ ਰਿਹਾ ਹੈ। ਇਸ ਅੰਤਰ ਨੂੰ ਖ਼ਤਮ ਕਰਨ ਲਈ ਡੀ. ਏ. ਨੂੰ 60 ਫ਼ੀਸਦੀ ਕਰਨ ਦੀ ਸ਼ਿਫ਼ਾਰਿਸ਼ ਕੀਤੀ ਗਈ ਹੈ। ਅਮਨ ਅਰੋੜਾ ਨੇ ਕਿਹਾ ਕਿ 17 ਜੁਲਾਈ, 2020 ਤੋਂ ਪਹਿਲਾਂ ਪੰਜਾਬ ਸਰਕਾਰ 'ਚ ਭਰਤੀ ਹੋਏ ਮੁਲਾਜ਼ਮ ਜੇਕਰ ਵੱਧ ਤਨਖ਼ਾਹ ਅਤੇ ਹੋਰ ਲਾਭ ਲੈ ਰਹੇ ਹਨ ਤਾਂ ਸਰਕਾਰ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ ਹੈ। ਸਰਕਾਰ ਦੀ ਚਿੰਤਾ ਉਨ੍ਹਾਂ ਮੁਲਾਜ਼ਮਾਂ ਨੂੰ ਲੈ ਕੇ ਹੈ, ਜੋ 17 ਜੁਲਾਈ, 2020 ਤੋਂ ਬਾਅਦ ਭਰਤੀ ਹੋਏ ਅਤੇ ਜਿਨ੍ਹਾਂ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ



ਦੇ ਮੁਕਾਬਲੇ ਘੱਟ ਡੀ. ਏ. ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸੀਂ ਹਾਈਕੋਰਟ 'ਚ ਵੀ ਇਹੀ ਪੱਖ ਰੱਖਿਆ ਗਿਆ ਸੀ। ਸਰਕਾਰ ਦਾ ਮੰਨਣਾ ਹੈ ਕਿ ਪੰਜਾਬ ਸਰਕਾਰ ਦਾ ਕੋਈ ਵੀ ਮੁਲਾਜ਼ਮ ਕੇਂਦਰ ਸਰਕਾਰ ਦੇ ਮੁਲਾਜ਼ਮ ਨਾਲੋਂ ਘੱਟ ਪੈਸਾ ਘਰ ਲੈ ਕੇ ਨਾ ਜਾਵੇ। ਅਮਨ ਅਰੋੜਾ ਨੇ ਕਿਹਾ ਕਿ ਕੈਬਨਿਟ ਸਬ-ਕਮੇਟੀ ਵਲੋਂ ਲਏ ਗਏ ਫ਼ੈਸਲੇ ਨੂੰ ਮੁੱਖ ਮੰਤਰੀ ਭਗਵੰਤ ਮਾਨ ਕੋਲ ਭੇਜਿਆ ਜਾ ਰਿਹਾ ਹੈ। ਕਮੇਟੀ ਦੇ ਮੈਂਬਰਾਂ ਨੇ ਉਮੀਦ ਜਤਾਈ ਹੈ ਕਿ ਮੁੱਖ ਮੰਤਰੀ ਵਲੋਂ ਇਸ ਸਬੰਧੀ ਜਲਦੀ ਹੀ ਅੰਤਿਮ ਫ਼ੈਸਲਾ ਲਿਆ ਜਾਵੇਗਾ। ਜੇਕਰ ਇਸ ਸਿਫ਼ਾਰਿਸ਼ ਨੂੰ ਮਨਜ਼ੂਰੀ ਮਿਲ ਜਾਂਦੀ ਹੈ ਤਾਂ 17 ਜੁਲਾਈ, 2020 ਤੋਂ ਬਾਅਦ ਭਰਤੀ ਹੋਏ ਕਰੀਬ 85 ਹਜ਼ਾਰ ਮੁਲਾਜ਼ਮਾਂ ਨੂੰ ਡੀ. ਏ. 'ਚ ਵਾਧੇ ਦਾ ਸਿੱਧਾ ਲਾਭ ਮਿਲ ਸਕਦਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪਹਿਲੇ ਹੀ ਦਿਨ ਤੋਂ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ। ਪੰਜਾਬ ਸਰਕਾਰ ਵਲੋਂ ਹੁਣ ਤੱਕ 71 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਪੈਸੇ ਜਾਂ ਸਿਫ਼ਾਰਿਸ਼ ਦੇ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ, ਜਦੋਂ ਕਿ ਹਜ਼ਾਰਾਂ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਦਿਸ਼ਾ 'ਚ ਵੀ ਕੰਮ ਕੀਤਾ ਜਾ ਰਿਹਾ ਹੈ।

## ਬ੍ਰਿਟਿਸ਼ ਲਾਈਫਸਾਇੰਸਿਜ਼ ਖਿਲਾਫ ਕਾਨੂੰਨੀ ਕਾਰਵਾਈ ਸ਼ੁਰੂ, ਬੱਚਿਆਂ ਦੇ ਖੁਰਾਕੀ ਉਤਪਾਦ ਜ਼ਬਤ

ਬਿਜ਼ਨੈੱਸ ਡੈਸਕ 6 ਸਤੰਬਰ। ਭਾਰਤੀ ਖਾਧ ਸੁਰੱਖਿਆ ਅਤੇ ਮਾਪਦੰਡ ਅਥਾਰਟੀ (ਐੱਫ. ਐੱਸ. ਐੱਸ. ਏ. ਆਈ.) ਨੇ ਬੈਂਗਲੁਰੂ ਸਥਿਤ ਬ੍ਰਿਟਿਸ਼ ਲਾਈਫਸਾਇੰਸਿਜ਼ ਪ੍ਰਾਈਵੇਟ ਲਿਮਟਿਡ ਖਿਲਾਫ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਹੈ। ਕੰਪਨੀ ਦੇ ਕੰਪਲੈਕਸ 'ਚ ਨਿਰੀਖਣ ਦੌਰਾਨ ਗਲਤ ਲੇਬਲ ਵਾਲੇ ਅਤੇ ਮਿਆਦ ਲੰਘ ਚੁੱਕੇ ਬੱਚਿਆਂ ਦੇ ਖੁਰਾਕੀ ਉਤਪਾਦ ਪਾਏ ਗਏ ਸਨ। ਰੈਗੂਲੇਟਰੀ ਨੇ ਵੱਡੀ ਮਾਤਰਾ 'ਚ ਅਜਿਹੇ ਉਤਪਾਦਾਂ ਨੂੰ ਜ਼ਬਤ ਕੀਤਾ ਹੈ। ਐੱਫ. ਐੱਸ. ਐੱਸ. ਏ. ਆਈ. ਨੇ ਸੋਸ਼ਲ ਮੀਡੀਆ 'ਤੇ ਦੱਸਿਆ ਕਿ ਖੁਰਾਕ ਸੁਰੱਖਿਆ ਜਾਂਚ ਤੋਂ ਬਾਅਦ ਕੰਪਨੀ ਖਿਲਾਫ ਸਖਤ ਰੈਗੂਲੇਟਰੀ ਕਦਮ ਚੁੱਕੇ ਗਏ ਹਨ। ਨਿਰੀਖਣ ਦੌਰਾਨ ਖੁਰਾਕ ਸੁਰੱਖਿਆ ਅਤੇ ਮਾਪਦੰਡ ਐਕਟ, 2006 ਦੇ ਪ੍ਰਬੰਧਾਂ ਤਹਿਤ ਗਲਤ ਲੇਬਲ ਵਾਲੇ ਬੱਚਿਆਂ ਦੇ ਖੁਰਾਕੀ ਪਦਾਰਥਾਂ ਦੀ ਵੱਡੀ ਮਾਤਰਾ ਦੀ ਪਛਾਣ ਕੀਤੀ ਗਈ ਅਤੇ ਉਨ੍ਹਾਂ ਨੂੰ ਜ਼ਬਤ ਕਰ ਲਿਆ ਗਿਆ। ਰੈਗੂਲੇਟਰੀ ਨੇ ਕਿਹਾ ਕਿ ਉਲੰਘਣਾਵਾਂ ਦੀ ਗੰਭੀਰ ਪ੍ਰਕਿਰਤੀ ਅਤੇ ਮਾਪਦੰਡਾਂ ਦੀ




ਪਾਲਣਾ ਨਾ ਕਰਨ ਵਾਲੇ ਬੱਚਿਆਂ ਦੇ ਖੁਰਾਕੀ ਉਤਪਾਦਾਂ ਤੋਂ ਬੱਚਿਆਂ ਅਤੇ ਛੋਟੇ ਬੱਚਿਆਂ ਨੂੰ ਸੰਭਾਵੀ ਖਤਰੇ ਨੂੰ ਦੇਖਦੇ ਹੋਏ ਖੁਰਾਕੀ ਕਾਰੋਬਾਰ ਸੰਚਾਲਕ ਖਿਲਾਫ ਉਚਿਤ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਐੱਫ. ਐੱਸ. ਐੱਸ. ਏ. ਆਈ. ਅਨੁਸਾਰ ਅਦਾਲਤ ਦੇ ਨਿਰਦੇਸ਼ 'ਤੇ 3.7 ਟਨ ਮਿਆਦ ਲੰਘ ਚੁੱਕੇ ਬੱਚਿਆਂ ਦੇ ਖੁਰਾਕੀ ਪਦਾਰਥਾਂ ਨੂੰ ਨਸ਼ਟ ਕਰਨ ਦਾ ਹੁਕਮ ਦਿੱਤਾ ਗਿਆ ਹੈ। ਮਿਆਦ ਲੰਘ ਚੁੱਕੇ ਉਤਪਾਦਾਂ ਦਾ ਸੁਰੱਖਿਅਤ ਤਰੀਕੇ ਨਾਲ ਨਿਪਟਾਰਾ ਕੀਤਾ ਗਿਆ, ਤਾਂ ਜੋ ਉਨ੍ਹਾਂ ਦੀ ਦੁਬਾਰਾ ਵਰਤੋਂ, ਹੋਰ ਥਾਂ ਭੇਜਿਆ ਜਾਣਾ ਜਾਂ ਖੁਰਾਕ ਸਪਲਾਈ ਲੜੀ 'ਚ ਦੁਬਾਰਾ ਸ਼ਾਮਲ ਕੀਤਾ ਜਾਣਾ ਰੋਕਿਆ ਜਾ ਸਕੇ।

# ਕੰਫਰਮ ਟਿਕਟ ਦੇ ਬਾਵਜੂਦ ਇਕੱਲੀ ਔਰਤ ਨੂੰ ਅੱਧੀ ਰਾਤ ਰੇਲਗੱਡੀ ਤੋਂ ਉਤਾਰਿਆ

ਕੌਮੀ ਪਤ੍ਰਿਕਾ

ਬਿਜ਼ਨੈੱਸ ਡੈਸਕ 6 ਸਤੰਬਰ। ਭਾਰਤੀ ਰੇਲਵੇ ਦੇ ਇੱਕ ਟਿਕਟ-ਚੈਕਿੰਗ ਸਟਾਫ ਮੈਂਬਰ ਭਾਵ ਟੀਟੀਈ ਨੇ ਅੱਧੀ ਰਾਤ ਨੂੰ ਇੱਕ ਇਕੱਲੀ ਔਰਤ ਨੂੰ ਐਕਸਪ੍ਰੈਸ ਟ?ਰੇਨ ਤੋਂ ਉਤਾਰ ਦਿੱਤਾ। ਇਸ ਤੋਂ ਇਲਾਵਾ, ਜਦੋਂ ਉਹ ਉਤਰ ਗਈ, ਤਾਂ ਰੇਲਵੇ ਸੁਰੱਖਿਆ ਫੋਰਸ ਦੁਆਰਾ ਔਰਤ ਨੂੰ ਗ੍ਰਿਫਤਾਰ ਕਰ ਲਿਆ ਗਿਆ। ਟੀਟੀਈ ਨੇ ਦਾਅਵਾ ਕੀਤਾ ਕਿ ਉਹ ਟਿਕਟ ਰਹਿਤ ਸੀ। ਔਰਤ ਨੇ ਦਾਅਵਾ ਕੀਤਾ ਕਿ ਉਸ ਕੋਲ ਕੰਫਰਮ ਟਿਕਟ ਸੀ, ਜੋ ਉਸਨੇ ਕਾਊਂਟਰ 'ਤੇ ਪ੍ਰਾਪਤ ਕੀਤੀ ਸੀ। ਮਾਮਲਾ ਕੇਰਲ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਪਹੁੰਚਿਆ, ਜਿਸ ਨੇ ਰੇਲਵੇ ਨੂੰ ਦੋਸ਼ੀ ਪਾਇਆ। ਕੇਰਲ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਜਸਟਿਸ ਅਲੈਗਜ਼ੈਂਡਰ ਥਾਮਸ ਨੇ ਮਾਮਲੇ ਦੀ ਸੁਣਵਾਈ ਕੀਤੀ। ਦੋਵਾਂ ਪੱਖਾਂ ਨੂੰ ਸੁਣਨ ਤੋਂ ਬਾਅਦ, ਉਨ੍ਹਾਂ ਨੇ ਪਿਛਲੇ ਮਹੀਨੇ ਭਾਰਤੀ ਰੇਲਵੇ ਨੂੰ ਮਹਿਲਾ ਯਾਤਰੀ ਨੂੰ 2 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਹੁਕਮ ਦਿੱਤਾ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਮੁਆਵਜ਼ੇ ਦੀ ਰਕਮ ਛੇ ਹਫ਼ਤਿਆਂ ਦੇ ਅੰਦਰ ਅਦਾ ਨਹੀਂ ਕੀਤੀ ਜਾਂਦੀ ਹੈ, ਤਾਂ 8% ਦੀ ਦਰ ਨਾਲ ਵਿਆਜ ਵਸੂਲਿਆ ਜਾਵੇਗਾ। ਸਾਊਥਫਰਸਟ ਡਾਟ ਕਾਮ ਦੀ ਇੱਕ ਰਿਪੋਰਟ ਅਨੁਸਾਰ, ਕੇਰਲ ਦੇ ਤ੍ਰਿਸ਼ੂਰ ਜ਼ਿਲ੍ਹੇ ਦੇ ਏਰੂਮਾਪੇਟੀ ਦੀ ਰਹਿਣ ਵਾਲੀ ਕੇ. ਜੈਸਮਿਤਾ ਨੇ 30 ਜੁਲਾਈ, 2023 ਨੂੰ ਵਡੱਕਨਚੇਰੀ ਤੋਂ ਤ੍ਰਿਵੇਂਦਰਮ ਜਾਣ ਵਾਲੀ 16348 ਮੰਗਲੁਰੂ ਸੈਂਟਰਲ-ਤ੍ਰਿਵੇਂਦਰਮ ਸੈਂਟਰਲ ਐਕਸਪ੍ਰੈਸ 'ਤੇ ਰਿਜ਼ਰਵੇਸ਼ਨ ਕਾਊਂਟਰ ਤੋਂ ਟਿਕਟ ਬੁੱਕ ਕੀਤੀ। ਉਸਨੂੰ ਕੋਚ SD ਵਿੱਚ ਇੱਕ ਕੰਫਰਮ ਕੀਤੀ ਗਈ ਬਰਥ ਨੰਬਰ 41 ਦਿੱਤੀ ਗਈ ਸੀ। ਟ?ਰੇਨ ਰਾਤ 9 ਵਜੇ ਤੋਂ ਬਾਅਦ ਉਸਦੇ ਸਟੇਸ਼ਨ 'ਤੇ ਪਹੁੰਚੀ। ਟ?ਰੇਨ ਵਿੱਚ ਚੜ੍ਹਨ ਤੋਂ ਬਾਅਦ, ਉਹ ਆਪਣੀ ਬਰਥ 'ਤੇ ਪਹੁੰਚੀ ਅਤੇ ਉੱਥੇ ਇੱਕ ਹੋਰ ਯਾਤਰੀ ਬੈਠਾ ਸੀ। ਜਦੋਂ ਉਸਨੇ ""5 ਨੂੰ ਉਸਦੇ ਲਈ ਬਰਥ ਦਾ ਪ੍ਰਬੰਧ ਕਰਨ ਲਈ ਕਿਹਾ, ਤਾਂ ਉਸਨੂੰ ਦੱਸਿਆ ਗਿਆ ਕਿ ਅਸਲ ਯਾਤਰੀ ਇਹ ਹੀ ਹੈ ਅਤੇ ਉਸ ਦਾ ਟਿਕਟ ਔਨਲਾਈਨ ਰੱਦ ਕਰ ਦਿੱਤਾ ਗਿਆ ਹੈ। ਫਿਰ ਔਰਤ ਨੇ ਦਾਅਵਾ ਕੀਤਾ ਕਿ ਉਸਨੇ ਰਿਜ਼ਰਵੇਸ਼ਨ ਕਾਊਂਟਰ ਤੋਂ ਟਿਕਟ ਬੁੱਕ ਕੀਤੀ ਸੀ ਅਤੇ ਇਸਨੂੰ ਰੱਦ ਵੀ ਨਹੀਂ ਕੀਤਾ ਸੀ, ਤਾਂ ਇਹ ਕਿਵੇਂ ਹੋਇਆ? ""5 ਨਾਲ ਬਹਿਸ ਲਗਭਗ ਦੋ ਘੰਟੇ ਚੱਲੀ। ਇਸ ਦੌਰਾਨ, ""5 ਨੇ ਕਿਹਾ ਕਿ ਜੇਕਰ ਉਹ ਦੂਜੀ ਸੀਟ ਲੈਣਾ ਚਾਹੁੰਦੀ ਹੈ ਤਾਂ ਉਸਨੂੰ 500 ਰੁਪਏ ਦਾ ਜੁਰਮਾਨਾ ਭਰਨਾ ਪਵੇਗਾ। ਔਰਤ ਕੋਲ ਇੰਨੇ ਪੈਸੇ ਨਹੀਂ ਸਨ। ਫਿਰ



ਉਸਨੂੰ ਰਾਤ 11 ਵਜੇ ਦੇ ਕਰੀਬ ਅਲੂਵਾ ਰੇਲਵੇ ਸਟੇਸ਼ਨ 'ਤੇ ਉਤਾਰ ਦਿੱਤਾ ਗਿਆ ਅਤੇ ਰੇਲਵੇ ਸੁਰੱਖਿਆ ਬਲ ਦੇ ਹਵਾਲੇ ਕਰ ਦਿੱਤਾ ਗਿਆ। RPF ਨੇ ਉਸਨੂੰ ਗ੍ਰਿਫਤਾਰ ਕਰ ਲਿਆ। ਹਾਲਾਂਕਿ, ਕੇਸ ਦਰਜ ਕਰਨ ਤੋਂ ਬਾਅਦ, ਉਸਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ। ਰੇਲਵੇ ਟਰਾਂਸਪੋਰਟ ਵਿਭਾਗ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਪਾਇਆ ਕਿ ਔਰਤ ਦੀ ਟਿਕਟ 'ਤੇ ਦਿੱਤੇ ਗਏ ਉਸੇ ਮੋਬਾਈਲ ਨੰਬਰ ਦੀ ਵਰਤੋਂ ਕਰਕੇ ਟਿਕਟ ਔਨਲਾਈਨ ਰੱਦ ਕੀਤੀ ਗਈ ਸੀ। ਦਰਅਸਲ, ਜਦੋਂ ਟਿਕਟ ਬੁੱਕ ਕੀਤੀ ਗਈ ਸੀ, ਤਾਂ ਇਸ ਨੰਬਰ 'ਤੇ ਇੱਕ ਸੁਨੇਹਾ ਭੇਜਿਆ ਗਿਆ ਸੀ। ਸੁਨੇਹਾ ਪ੍ਰਾਪਤ ਕਰਨ ਵਾਲੇ ਵਿਅਕਤੀ ਨੇ ਟਿਕਟ ਰੱਦ ਕਰ ਦਿੱਤੀ। ਔਰਤ ਦਾ ਦਾਅਵਾ ਹੈ ਕਿ ਉਸਨੇ ਰਿਜ਼ਰਵੇਸ਼ਨ ਫਾਰਮ 'ਤੇ ਸਹੀ ਨੰਬਰ ਲਿਖਿਆ ਸੀ, ਪਰ ਰਿਜ਼ਰਵੇਸ਼ਨ ਕਲਰਕ ਨੇ ਸਿਸਟਮ ਵਿੱਚ ਗਲਤ ਨੰਬਰ ਦਰਜ ਕਰ ਦਿੱਤਾ। ਰੇਲਵੇ ਨੇ ਬਾਅਦ ਵਿੱਚ ਜਾਂਚ ਕੀਤੀ ਅਤੇ ਕੇਸ ਵਾਪਸ ਲੈ ਲਿਆ, ਇਹ ਕਹਿੰਦੇ ਹੋਏ ਕਿ ਕੇਸ ਗਲਤ ਢੰਗ ਨਾਲ ਦਾਇਰ ਕੀਤਾ ਗਿਆ ਸੀ। ਹਾਲਾਂਕਿ, ਕੇਸ ਦਾਇਰ ਹੁੰਦੇ ਹੀ ਔਰਤ ਦੀ ਨੌਕਰੀ ਚਲੀ ਗਈ ਕਿਉਂਕਿ ਉਹ ਇੱਕ ਸਰਕਾਰੀ ਵਿਭਾਗ ਵਿੱਚ ਠੇਕੇ ਦੇ ਆਧਾਰ 'ਤੇ ਕੰਮ ਕਰਦੀ ਸੀ। ਇਸ ਤੋਂ ਬਾਅਦ, ਪੀੜਤਾ ਨੇ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਪਹੁੰਚ ਕੀਤੀ। ਸੁਣਵਾਈ ਦੌਰਾਨ, ਜਸਟਿਸ ਥਾਮਸ ਨੇ ਪਾਇਆ ਕਿ ਅੱਧੀ ਰਾਤ ਨੂੰ ਇੱਕ ਔਰਤ ਨੂੰ ਗਲਤ ਤਰੀਕੇ ਨਾਲ ਰੇਲਗੱਡੀ ਤੋਂ ਉਤਾਰਨਾ ਰੇਲਵੇ ਐਕਟ ਦੀ ਧਾਰਾ 137 ਅਤੇ 139 ਦੀ ਉਲੰਘਣਾ ਕਰਦਾ ਹੈ ਅਤੇ ਇੱਕ ਔਰਤ ਦੇ ਸਨਮਾਨ ਨਾਲ ਜਿਉਣ ਦੇ ਅਧਿਕਾਰ ਦੀ ਵੀ ਉਲੰਘਣਾ ਕਰਦਾ ਹੈ। ਕਮਿਸ਼ਨ ਨੇ ਰੇਲਵੇ ਨੂੰ ਔਰਤ ਨੂੰ 2 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਨਿਰਦੇਸ਼ ਦਿੱਤਾ ਹੈ ਕਿਉਂਕਿ ਉਸ ਕੋਲ ਵੈਧ ਟਿਕਟ ਹੋਣ ਦੇ ਬਾਵਜੂਦ ਅੱਧੀ ਰਾਤ ਨੂੰ ਰੇਲਗੱਡੀ ਤੋਂ ਉਤਰਨ ਲਈ ਮਜਬੂਰ ਕੀਤਾ ਗਿਆ ਸੀ। ਇਸਨੇ ਉਸਨੂੰ ਬਹਾਲੀ ਲਈ ਅਰਜ਼ੀ ਦੇਣ ਦਾ ਵੀ ਨਿਰਦੇਸ਼ ਦਿੱਤਾ। ਘੱਟ ਗਿਣਤੀ ਭਲਾਈ ਵਿਭਾਗ ਨੂੰ ਇੱਕ ਮਹੀਨੇ ਦੇ ਅੰਦਰ ਅਰਜ਼ੀ 'ਤੇ ਫੈਸਲਾ ਲੈਣ ਦਾ ਵੀ ਨਿਰਦੇਸ਼ ਦਿੱਤਾ ਗਿਆ ਸੀ।

### ਆਂਧਰਾ ਪ੍ਰਦੇਸ਼ ਦੇ ਅਨੰਤਪੁਰ ਜ਼ਿਲ੍ਹੇ 'ਚ ਬੱਸ ਨੂੰ ਲੱਗੀ ਅੱਗ, ਵਾਲ-ਵਾਲ ਬੱਚੇ 37 ਯਾਤਰੀ

ਮਿਦਾਤੁਰੂ 6 ਸਤੰਬਰ। ਆਂਧਰਾ ਪ੍ਰਦੇਸ਼ ਦੇ ਅਨੰਤਪੁਰ ਜ਼ਿਲ੍ਹੇ ਦੇ ਮਿਦਾਤੁਰੂ ਨੇੜੇ ਸ਼ੁੱਕਰਵਾਰ ਤੜਕੇ ਇੱਕ ਬੱਸ ਨੂੰ ਭਿਆਨਕ ਅੱਗ ਲੱਗ ਗਈ। ਇਸ ਘਟਨਾ ਦੌਰਾਨ ਬੱਸ ਵਿਚ ਸਵਾਰ ਸਾਰੇ 37 ਲੋਕ ਵਾਲ-ਵਾਲ ਬਚ ਗਏ। ਪੁਲਸ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਬੰਗਲੁਰੂ ਤੋਂ ਹੈਦਰਾਬਾਦ ਜਾ ਰਹੀ ਇੱਕ ਨਿੱਜੀ ਬੱਸ ਦੇ ਪਿਛਲੇ ਹਿੱਸੇ ਵਿੱਚ ਅੱਗ ਲੱਗ ਗਈ। ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਪਿਛਲੀ ਸੀਟ 'ਤੇ ਬੈਠੇ ਇੱਕ ਯਾਤਰੀ ਨੇ ਅੱਗ ਦੀਆਂ ਲਪਟਾਂ ਵੇਖੀਆਂ ਅਤੇ ਡਰਾਈਵਰ ਨੂੰ ਸੂਚਿਤ ਕੀਤਾ, ਜਿਸਨੇ ਤੁਰੰਤ ਬੱਸ ਨੂੰ ਰੋਕ ਦਿੱਤਾ। ਇਸ ਨਾਲ ਸਾਰੇ 33 ਯਾਤਰੀਆਂ ਅਤੇ ਚਾਰ ਸਟਾਫ਼ ਮੈਂਬਰਾਂ ਨੂੰ ਅੱਗ ਲੱਗਣ ਤੋਂ ਪਹਿਲਾਂ ਬੱਸ ਵਿੱਚੋਂ ਸੁਰੱਖਿਅਤ ਬਾਹਰ ਨਿਕਲਣ ਦਾ ਮੌਕਾ ਮਿਲ ਗਿਆ। ਅੱਗ ਬੱਸ ਵਿੱਚ ਫੈਲਣ ਤੋਂ ਬਾਅਦ ਅੱਗ ਬੁਝਾਊ ਗੱਡੀਆਂ ਨੇ ਅੱਗ 'ਤੇ ਕਾਬੂ ਪਾਇਆ। ਪੁਲਸ ਨੇ ਦੁਰਘਟਨਾ ਨਾਲ ਲੱਗੀ ਅੱਗ ਦਾ ਮਾਮਲਾ ਦਰਜ ਕਰ ਲਿਆ ਅਤੇ ਘਟਨਾ ਦੇ ਸਹੀ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਇਹ ਘਟਨਾ ਹਾਲ ਹੀ ਦੇ ਮਹੀਨਿਆਂ ਵਿੱਚ ਆਂਧਰਾ ਪ੍ਰਦੇਸ਼ ਵਿੱਚ ਬੱਸਾਂ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਦੀ ਇੱਕ ਹੋਰ ਲੜੀ ਹੈ।